People's Herald

Rs- 100/month

People's Herald



# “ਇਕੁਐਲਿਟੀ ਐਂਡ ਜਸਟਿਸ”

https://www.facebook.com/profile.php?id=161037521061610



“Equality and Justice”

स्वतंत्रता, समानता, भाईचारा

PATIALA On line paper 29 ਅਪਰੈਲ 2025 ਮੰਗਲਵਾਰ “ਰੋਜ਼ਾਨਾ” ਸਾਲ ਚੌਥਾ w.e.f. 15 August 2022 ਪਟਿਆਲਾ

ਮੁੱਖ ਸੰਪਾਦਕ- ਇੰਜੀ. ਹਰਦੀਪ ਸਿੰਘ ਚੁੰਬਰ | whatsapp. 91-94636-01616 | email. hardipchumber57@gmail.com | ਸਹਿ ਸੰਪਾਦਕ- ਸ਼੍ਰੀਮਤੀ ਆਸ਼ਾ ਕੁਮਾਰੀ, ਡਾ. ਜਗਤਾਰ ਸਿੰਘ

ਅੰਬੇਡਕਰਵਾਦ ਸਮਾਨਤਾ ਅਧਾਰਿਤ ਅਤੇ ਬ੍ਰਾਹਮਣਵਾਦ ਅਸਮਾਨਤਾ ਅਧਾਰਿਤ ਵਿਵਸਥਾ, ਸਮਾਨਤਾ ਸਥਾਪਿਤ ਕਰਨਾ ਹੀ ਸਾਰੀਆਂ ਬਿਮਾਰੀਆਂ ਦਾ ਇਲਾਜ ਹੈ



(Google pay- 91-9780634849) HARDIP SINGH STATE BANK OF INDIA ACCT NO-10566643658 . IFSC- SBIN0050773

## ਸਿਧਾਰਥ ਗੌਤਮ ਬੁੱਧ ਦੇ ਧਮ ਦੇ ਸਿਧਾਂਤ ਸਭ ਲਈ ਸੁੱਖ, ਸ਼ਾਂਤੀ ਅਤੇ ਵਿਕਾਸ ਦੇ ਮਾਰਗ ਦੀਆਂ ਔਕੜਾਂ ਨੂੰ ਸਾਫ ਕਰ ਦਿੰਦੇ ਹਨ, ਇਹ ਸਿਧਾਂਤ ਵਿਸ਼ਵ ਸ਼ਾਂਤੀ ਸਥਾਪਿਤ ਕਰ ਸਕਦੇ ਹਨ

**“ਇਕੁਐਲਿਟੀ ਐਂਡ ਜਸਟਿਸ” ਪਟਿਆਲਾ** -ਸਿਧਾਰਥ ਗੌਤਮ ਬੁੱਧ ਦੇ ਦਿੱਤੇ ਇਹ ਬੁਨਿਆਦੀ ਸਿਧਾਂਤ ਸਮੁੱਚੇ ਸੰਸਾਰ ਵਿੱਚ ਸੁੱਖ, ਸਾਂਤੀ ਅਤੇ ਵਿਕਾਸ ਦੇ ਮਾਰਗ ਰਾਹ ਸਾਫ ਕਰ ਦਿੰਦੇ ਹਨ। ਮੁੱਢਲੇ ਪੰਜ 'ਪੰਚਸ਼ੀਲ' ਸਿਧਾਂਤ ਹੇਠਾਂ ਦਿੱਤੇ ਗਏ ਹਨ ਨੂੰ ਅਪਣਾ ਕੇ ਹਰ ਮਨੁੱਖ ਦੇ 'ਮਨ ਦੀ ਸਮਾਧੀ' ਲੱਗ ਜਾਣੀ ਚਾਹੀਦੀ ਹੈ:

1. ਆਹਿੰਸਾ- ਕਿਸੇ ਨੂੰ ਸਰੀਰਕ ਨੁਕਸਾਨ ਨਾਂ ਪਹੁੰਚਾਉਣਾ, ਹਰ ਇਕ ਜੀਵਨ ਦਾ ਸਤਿਕਾਰ ਕਰਨਾ
2. ਚੋਰੀ ਨਹੀਂ ਕਰਨਾ- ਦੂਸਰਿਆਂ ਦੀ ਜਾਇਦਾਦ ਅਧਿਕਾਰ ਦੀ ਕਦਰ ਕਰਨਾ
3. ਵਿਬਚਾਰ ਨਾਂ ਕਰਨਾ- ਕੋਈ ਜਿਨਸੀ ਦੁਰਵਿਹਾਰ ਜਾਂ ਅਪਰਾਧ ਨਾਂ ਕਰਨਾ
4. ਝੂਠ ਨਹੀਂ ਬੋਲਣਾ- ਆਪਣੇ ਆਚਾਰ,ਵਿਚਾਰ, ਵਿਵਹਾਰ ਵਿੱਚ ਇਮਾਨਦਾਰੀ ਬਣੇ ਰਹਿਣਾ
5. ਨਸ਼ਾ ਨਹੀਂ ਕਰਨਾ- ਕੋਈ ਨਸ਼ਾ ਨਹੀਂ ਕਰਨਾ, ਮਨ ਦਾ ਦਸ਼ਾ ਦਿਸ਼ਾ ਵਿਗਾੜ ਦੇ ਸਾਧਨਾਂ ਤੋਂ ਦੂਰੀ, ਮਨ ਸੁੱਧ ਰਖਣਾ ਅਤੇ ਸਾਫ਼ ਮਨ ਦਾ ਸਤਿਕਾਰ ਕਰਨਾ



## ਜੰਮੂ-ਕਸ਼ਮੀਰ ਦੇ ਸੂਬਾਈ ਦਰਜੇ ਦੀ ਬਹਾਲੀ ਲਈ ਅੱਤਵਾਦੀ ਹਮਲੇ ਦਾ ਲਾਹਾ ਨਹੀਂ ਲਵਾਂਗੇ: ਉਮਰ ਅਬਦੁੱਲਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਅਪਰੈਲ INTERNATIONAL PAPER, 94636 01616 hardipchumber57@gmail.com

ਜੰਮੂ-ਕਸ਼ਮੀਰ ਦੇ ਮੁੱਖ ਮੰਤਰੀ ਉਮਰ ਅਬਦੁੱਲਾ ਨੇ ਸੋਮਵਾਰ ਨੂੰ ਕਿਹਾ ਕਿ ਉਹ ਕੇਂਦਰ ਸ਼ਾਸਤ ਪ੍ਰਦੇਸ਼ ਬਣਾਏ ਗਏ ਜੰਮੂ-ਕਸ਼ਮੀਰ ਦੇ ਰਾਜ ਦੇ ਦਰਜੇ ਦੀ ਬਹਾਲੀ ਲਈ ਪਹਿਲਗਾਮ ਅੱਤਵਾਦੀ ਹਮਲੇ (Pahalgam terror attack) ਦਾ ਫਾਇਦਾ ਉਠਾਉਂਦਿਆਂ ਕੇਂਦਰ ਉਤੇ ਦਬਾਅ ਨਹੀਂ ਪਾਉਣਗੇ। ਉਨ੍ਹਾਂ ਇਹ ਗੱਲ ਅੱਜ ਜੰਮੂ-ਕਸ਼ਮੀਰ ਵਿਧਾਨ ਸਭਾ ਵਿਚ ਬੋਲਦਿਆਂ ਕਹੀ।

ਅਬਦੁੱਲਾ ਨੇ ਵਿਧਾਨ ਸਭਾ ਵਿੱਚ ਪਹਿਲਗਾਮ ਅੱਤਵਾਦੀ ਹਮਲੇ 'ਤੇ ਪਾਸ ਕੀਤੇ ਮਤੇ ਉਤੇ ਚਰਚਾ ਨੂੰ ਸਮੇਟਦਿਆਂ ਕਿਹਾ,



“ਜੰਮੂ-ਕਸ਼ਮੀਰ ਵਿੱਚ ਸੁਰੱਖਿਆ ਕੇਂਦਰ ਸ਼ਾਸਤ ਪ੍ਰਦੇਸ਼ ਦੀ ਚੁਣੀ ਹੋਈ ਸਰਕਾਰ ਦੀ ਜ਼ਿੰਮੇਵਾਰੀ ਨਹੀਂ ਹੈ। ਪਰ ਮੈਂ ਇਸ ਮੌਕੇ ਨੂੰ ਰਾਜ ਦਾ ਦਰਜਾ ਮੰਗਣ ਲਈ ਨਹੀਂ ਵਰਤਾਂਗਾ। ਮੈਂ ਹੁਣ ਰਾਜ ਦਾ ਦਰਜਾ ਕਿਵੇਂ ਮੰਗ ਸਕਦਾ ਹਾਂ? ਮੈਂ ਸਸਤੀ ਰਾਜਨੀਤੀ ਵਿੱਚ ਵਿਸ਼ਵਾਸ ਨਹੀਂ ਰੱਖਦਾ। ਕੀ ਮੈਨੂੰ 26 ਜਾਨਾਂ ਗੁਆਉਣ ਵਾਲਿਆਂ ਦੀ ਕੋਈ ਪ੍ਰਵਾਹ ਨਹੀਂ ਹੋਣੀ ਚਾਹੀਦੀ ਅਤੇ ਹੁਣ ਰਾਜ ਦਾ ਦਰਜਾ ਮੰਗਦਿਆਂ ਕੇਂਦਰ ਕੋਲ ਜਾਣਾ ਚਾਹੀਦਾ ਹੈ?”

ਉਹ ਸਦਨ ਵਿੱਚ ਕੁਝ ਮੈਂਬਰਾਂ ਦਾ ਹਵਾਲਾ ਦੇ ਰਹੇ ਸਨ ਜਿਨ੍ਹਾਂ ਨੇ ਜੰਮੂ-ਕਸ਼ਮੀਰ ਵਿੱਚ ਅੱਤਵਾਦ ਨੂੰ ਹਰਾਉਣ ਲਈ ਰਾਜ ਦਾ ਦਰਜਾ ਬਹਾਲ ਕਰਨ ਦੀ ਮੰਗ ਕੀਤੀ ਸੀ।

ਮੁੱਖ ਮੰਤਰੀ ਨੇ ਕਿਹਾ, “ਅਸੀਂ ਪਹਿਲਾਂ ਵੀ (ਕੇਂਦਰ ਸਰਕਾਰ ਨਾਲ) ਰਾਜ ਦੇ ਦਰਜੇ ਬਾਰੇ ਗੱਲ ਕੀਤੀ ਹੈ ਅਤੇ ਅਸੀਂ ਭਵਿੱਖ ਵਿੱਚ ਵੀ ਇਸ ਬਾਰੇ ਗੱਲ ਕਰਦੇ ਰਹਾਂਗੇ, ਪਰ ਹੁਣੇ ਨਹੀਂ। ਇਸ ਵਾਰ ਅੱਤਵਾਦੀ ਕਾਰਵਾਈ ਦੀ ਨਿੰਦਾ ਕਰਨ ਅਤੇ ਆਪਣੇ ਰਿਸ਼ਤੇਦਾਰਾਂ ਨੂੰ ਗੁਆਉਣ ਵਾਲੇ ਪਰਿਵਾਰਾਂ ਨਾਲ ਇਕਜੁੱਟਤਾ ਜ਼ਾਹਰ ਕਰਨ ਤੋਂ ਇਲਾਵਾ ਕਿਸੇ ਵੀ ਚੀਜ਼ 'ਤੇ ਕੋਈ ਰਾਜਨੀਤੀ ਨਹੀਂ ਹੋਵੇਗੀ।”

ਉਨ੍ਹਾਂ ਨੇ ਅੱਤਵਾਦੀ ਹਮਲੇ ਦੇ ਮੱਦੇਨਜ਼ਰ ਝੂਠੀਆਂ ਖ਼ਬਰਾਂ ਫੈਲਾਉਣ ਵਾਲੇ ਸੋਸ਼ਲ ਮੀਡੀਆ ਹੈਂਡਲਰਾਂ ਨੂੰ ਵੀ ਚੇਤਾਵਨੀ ਦਿੱਤੀ। ਉਨ੍ਹਾਂ ਕਿਹਾ, “ਜਦੋਂ ਕਿ 90 ਫ਼ੀਸਦੀ ਲੋਕ ਸੱਚਾਈ ਦਾ ਸਮਰਥਨ ਕਰ ਰਹੇ ਹਨ, 10 ਫ਼ੀਸਦੀ ਅਜਿਹੇ ਹਨ ਜੋ ਸੋਸ਼ਲ ਮੀਡੀਆ 'ਤੇ ਝੂਠ ਫੈਲਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਮੈਂ ਉਨ੍ਹਾਂ ਨੂੰ ਚੇਤਾਵਨੀ ਦਿੰਦਾ ਹਾਂ ਕਿ ਉਹ ਇਸ ਤੋਂ ਤੁਰੰਤ ਬਾਜ਼ ਆ ਜਾਣ, ਕਿਉਂਕਿ ਅਸੀਂ ਝੂਠ ਦੇ ਪਸਾਰ ਨੂੰ ਬਰਦਾਸ਼ਤ ਨਹੀਂ ਕਰਾਂਗੇ।” ਪੀਟੀਆਈ

## SC ਵਿਦਿਆਰਥੀਆਂ ਦੇ ਸਕਾਲਰਸ਼ਿਪ ਨਾਲ ਸਬੰਧਤ ਮਾਮਲੇ ਲੋਕ ਸਭਾ ਵਿੱਚ ਚੁੱਕਾਂਗਾ: ਮੀਤ ਹੇਅਰ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਅਪਰੈਲ INTERNATIONAL PAPER, 94636 01616 hardipchumber57@gmail.com

ਸ੍ਰੀ ਮੀਤ ਹੇਅਰ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਅਨੁਸੂਚਿਤ ਜਾਤੀਆਂ ਦੇ ਲੋਕਾਂ ਦੀ ਭਲਾਈ ਲਈ ਵਚਨਬੱਧ ਹੈ ਅਤੇ ਲਗਾਤਾਰ ਇਸ ਦਿਸ਼ਾ ਵਿੱਚ ਕੰਮ ਕਰ ਰਹੀ ਹੈ।

ਮੁਲਾਕਾਤ ਦੌਰਾਨ ਐਸ.ਸੀ. ਕਮਿਸ਼ਨ ਦੇ ਚੇਅਰਮੈਨ ਸ. ਜਸਵੀਰ ਸਿੰਘ ਗੜ੍ਹੀ ਨਾਲ ਗੱਲਬਾਤ ਕਰਦਿਆਂ ਸ੍ਰੀ ਮੀਤ ਹੇਅਰ ਨੇ ਕਿਹਾ ਕਿ ਪਿਛਲੀ ਸਰਕਾਰਾਂ ਦੀਆਂ ਗਲਤੀਆਂ ਕਾਰਨ ਸੂਬੇ ਦੇ ਲੱਖਾਂ ਅਨੁਸੂਚਿਤ ਜਾਤੀਆਂ ਵਿਦਿਆਰਥੀਆਂ ਨੂੰ ਸਮੇਂ ਸਿਰ ਸਕਾਲਰਸ਼ਿਪ ਨਹੀਂ ਮਿਲੀ, ਜਿਸ ਕਾਰਨ ਉਹਨਾਂ ਨੂੰ ਕਈ ਕਿਸਮ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਉਨ੍ਹਾਂ ਕਿਹਾ ਕਿ ਪਿਛਲੀ ਸਰਕਾਰ ਦੀ ਗ਼ਲਤ ਨੀਤੀਆਂ ਕਾਰਨ ਸਕਾਲਰਸ਼ਿਪ ਸਕੀਮ ਦਾ ਲਾਭ ਲੈਣ ਵਾਲੇ ਵਿਦਿਆਰਥੀਆਂ ਦੀ ਗਿਣਤੀ 3 ਲੱਖ ਤੋਂ ਘੱਟ ਕੇ 60 ਹਜ਼ਾਰ ਰਹਿ ਗਈ ਸੀ, ਜੋ ਕਿ ਮੌਜੂਦਾ ਸਰਕਾਰ ਦੀਆਂ ਕੋਸ਼ਿਸ਼ਾਂ ਸਦਕਾ ਮੁੜ 2 ਲੱਖ ਦੇ ਕਰੀਬ ਹੋ ਗਈ ਹੈ।

## ਪੰਜਾਬ ਦੇ ਲੋਕਾਂ ਨੂੰ ਕਣਕ ਦੇ ਬਦਲੇ ਅਣਖ ਦਾ ਸੌਦਾ ਨਹੀਂ ਕਰਨਾ ਚਾਹੀਦਾ- ਡਾ ਕਰੀਮਪੁਰੀ

### ਸਾਡੀ ਸਰਕਾਰ ਬਣਾਉ, ਅਸੀਂ ਲੋਕਾਂ ਦੇ ਜਵਾਨ ਪੁੱਤਰਾਂ ਨੂੰ ਚਿੱਟੇ ਤੋਂ ਬਚਾ ਕੇ ਦਿਖਾਵਾਂਗੇ - ਅਵਤਾਰ ਸਿੰਘ ਕਰੀਮਪੁਰੀ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਅਪਰੈਲ INTERNATIONAL PAPER, 94636 01616 hardipchumber57@gmail.com




ਤਪਾ () ਇੱਥੋਂ ਥੋੜ੍ਹੀ ਦੂਰ ਪਿੰਡ ਦਰਾਕਾ ਦੀ ਗੁਰੂ ਰਵਿਦਾਸ ਧਰਮਸ਼ਾਲਾ ਵਿਖੇ ਬਹੁਜਨ ਸਮਾਜ ਪਾਰਟੀ ਦਾ ਇੱਕ ਵਿਸ਼ੇਸ਼ ਸਮਾਗਮ ਜ਼ਿਲ੍ਹਾ ਪ੍ਰਧਾਨ ਡਾਕਟਰ ਸਰਬਜੀਤ ਸਿੰਘ ਖੇੜੀ ਦੀ ਪ੍ਰਧਾਨਗੀ ਹੇਠ ਹੋਇਆ। ਸਮਾਗਮ ਵਿੱਚ ਬਹੁਜਨ ਸਮਾਜ ਪਾਰਟੀ ਦੇ ਸੂਬਾ ਪ੍ਰਧਾਨ ਡਾਕਟਰ ਅਵਤਾਰ ਸਿੰਘ ਕਰੀਮਪੁਰੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਹਨਾਂ ਨੇ ਇੱਥੇ ਬਸਪਾ ਆਗੂ ਗੁਰਬਖਸ਼ ਸਿੰਘ ਦਰਾਕਾ ਵੱਲੋਂ ਆਪਣੇ ਮਰਹੂਮ ਪੁੱਤਰ ਨਵਜੋਤ ਸਿੰਘ ਦੀ ਯਾਦ ਵਿੱਚ ਲਗਾਏ ਜਾ ਰਹੇ ਭਾਰਤੀ ਸੰਵਿਧਾਨ ਦੇ ਨਿਰਮਾਤਾ ਭਾਰਤ ਰਤਨ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਬੁੱਤ ਦਾ ਉਦਘਾਟਨ ਵੀ ਕੀਤਾ। ਲੈਕਚਰਾਰ ਅਮਰਜੀਤ ਸਿੰਘ ਝਲੂਰ ਇੰਚਾਰਜ਼ ਪਟਿਆਲਾ ਜੋਨ, ਹਰਭਜਨ ਸਿੰਘ ਬਜਹੇੜੀ ਜੋਨ ਇੰਚਾਰਜ ਮੋਹਾਲੀ, ਡਾਕਟਰ ਮੱਖਣ ਸਿੰਘ ਇੰਚਾਰਜ ਲੋਕ ਸਭਾ ਸੰਗਰੂਰ ਆਦਿ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।

ਵੱਡੀ ਗਿਣਤੀ ਵਿੱਚ ਪਹੁੰਚੀਆਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਅਵਤਾਰ ਸਿੰਘ ਕਰੀਮਪੁਰੀ ਨੇ ਕਿਹਾ ਕਿ ਦਲਿਤ ਵਰਗ ਨੂੰ ਪਾਣੀ ਪੀਣ ਦਾ ਅਧਿਕਾਰ ਵੀ ਬਾਬਾ ਸਾਹਿਬ ਅੰਬੇਡਕਰ ਦੇ ਅੰਦੋਲਨ ਦੀ ਬਦੌਲਤ ਮਿਲਿਆ ਹੈ। ਉਹਨਾਂ ਦੀ ਬਦੌਲਤ ਹੀ ਗਾਂਧੀ ਅਤੇ ਕਾਂਗਰਸ ਵਿਰੋਧ ਵਿੱਚ ਦਲਿਤ ਵਰਗ ਨੂੰ ਦੋ ਵੋਟਾਂ ਦਾ ਅਧਿਕਾਰ ਮਿਲਿਆ। ਫਿਰ ਗਾਂਧੀ ਦੇ ਮਰਨ ਵਰਤ ਰੱਖ ਕੇ ਇੱਕ ਵੋਟ ਸਾਥੋਂ ਖੋਹ ਲਈ। ਉਹਨਾਂ ਕਿਹਾ ਕਿ ਪੰਜਾਬ ਵਿੱਚ ਖਾਸ ਕਰਕੇ ਸੰਗਰੂਰ ਇਲਾਕੇ ਵਿੱਚ ਜ਼ਮੀਨ ਪ੍ਰਾਪਤੀ ਕਮੇਟੀਆਂ ਬਣਾ ਕੇ ਲੰਬੇ ਸਮੇਂ ਤੋਂ ਸੰਘਰਸ਼ ਕੀਤਾ ਜਾ ਰਿਹਾ ਹੈ ਪਰ ਅਜੇ ਤੱਕ ਇਸਦਾ ਕੋਈ ਸਾਰਥਿਕ ਸਿੱਟਾ ਨਹੀਂ ਨਿਕਲਿਆ। ਦੂਜੇ ਪਾਸੇ ਉੱਤਰ ਪ੍ਰਦੇਸ਼ ਵਿੱਚ ਬਹੁਜਨ ਸਮਾਜ ਪਾਰਟੀ ਨੇ ਸਰਕਾਰ ਬਣਾ ਕੇ ਲੱਖਾਂ ਏਕੜ ਜ਼ਮੀਨ ਬੇਜ਼ਮੀਨੇ ਲੋਕਾਂ ਨੂੰ ਮੁਫ਼ਤ ਵਿੱਚ ਦੇ ਦਿੱਤੀ। ਪਛੜੀਆਂ ਸ਼੍ਰੇਣੀਆਂ ਨੂੰ 27% ਰਾਖਵਾਂਕਰਨ ਦੇ ਦਿੱਤਾ। ਇਹ ਕੰਮ ਪੰਜਾਬ ਵਿੱਚ ਵੀ ਹੋ ਸਕਦਾ ਹੈ। ਪਰ ਇਸ ਲਈ ਪੰਜਾਬ ਵਿੱਚ ਬਹੁਜਨ ਸਮਾਜ ਪਾਰਟੀ ਦੀ ਸਰਕਾਰ ਬਣਾਉਣੀ ਪਵੇਗੀ। ਉਹਨਾਂ ਸਵਾਲ ਕੀਤਾ ਕਿ ਜੇ ਮੁਗਲ ਕੰਧਾਰ ਤੋਂ ਆ ਕੇ ਰਾਜ ਕਰ ਸਕਦੇ ਹਨ, ਇੰਗਲੈਂਡ ਤੋਂ ਆ ਕੇ ਅੰਗਰੇਜ਼ ਰਾਜ ਕਰ ਸਕਦੇ ਹਨ ਅਤੇ ਮੱਧ ਏਸ਼ੀਆ ਤੋਂ ਆ ਕੇ ਆਰੀਆ ਰਾਜ ਕਰ ਸਕਦੇ ਹਨ ਤਾਂ ਅਸੀਂ ਇੱਥੋਂ ਦੇ ਹੋ ਕੇ ਵੀ ਕਿਉਂ ਨਹੀਂ ਰਾਜ ਕਰ ਸਕਦੇ? ਉਹਨਾਂ ਕਿਹਾ ਕਿ 2027 ਵਿੱਚ ਪੰਜਾਬ ਵਿੱਚ ਵਿਧਾਨ ਸਭਾ ਚੋਣਾਂ ਹੋਣ ਵਾਲੀਆਂ ਹਨ ਅਤੇ ਲੋਕਾਂ ਨੂੰ ਗੁੰਮਰਾਹ ਕਰਨ ਲਈ ਰਵਾਇਤੀ ਪਾਰਟੀਆਂ ਤਿਆਰੀ ਕਰਨ ਲੱਗੀਆਂ ਹਨ। ਉਹਨਾਂ ਕਿਹਾ ਕਿ ਹੁਣ ਤੱਕ ਰਾਜ ਕਰਨ ਵਾਲੀਆਂ ਪਾਰਟੀਆਂ ਨੇ ਪੰਜਾਬ ਨੂੰ ਕਰਜ਼ਾਈ ਕਰਕੇ ਇੱਥੋਂ ਦੇ ਲੋਕਾਂ ਨੂੰ ਡੂੰਘੀ ਦਲਦਲ ਵਿੱਚ ਸੁੱਟ ਦਿੱਤਾ ਹੈ। ਭਗਵੰਤ ਮਾਨ ਦੀ ਸਰਕਾਰ ਨੇ ਵੀ ਪੰਜਾਬ ਨੂੰ ਰਾਹਤ ਦੇਣ ਦੀ ਬਜਾਏ ਸਗੋਂ ਹੋਰ ਕਰਜ਼ਾਈ ਕੀਤਾ ਹੈ। ਉਹਨਾਂ ਕਿਹਾ ਕਿ ਕੇਵਲ ਬਹੁਜਨ ਸਮਾਜ ਪਾਰਟੀ ਹੀ ਪੰਜਾਬ ਨੂੰ ਤਰੱਕੀ ਦੇ ਰਾਹ 'ਤੇ ਅੱਗੇ ਲਿਜਾ ਸਕਦੀ ਹੈ। ਉਹਨਾਂ ਕਿਹਾ ਕਿ ਜੇ ਅਮਰੀਕਾ ਦੇ ਬੰਬਾਂ ਨਾਲ ਤਬਾਹ ਹੋਇਆ ਜਪਾਨ ਮੁੜ ਕੇ ਪੈਰਾਂ 'ਤੇ ਖੜ੍ਹਾ ਹੋ ਸਕਦਾ ਹੈ ਅਤੇ ਮਹਾਂਸ਼ਕਤੀ ਬਣ ਸਕਦਾ ਹੈ ਤਾਂ ਪੰਜਾਬ ਵੀ ਇਹ ਕੰਮ ਕਰ ਸਕਦਾ ਹੈ। ਉਹਨਾਂ ਕਿਹਾ ਕਿ ਪੰਜਾਬ ਅਤੇ ਪੰਜਾਬ ਦੀ ਜਵਾਨੀ ਨੂੰ ਬਚਾਉਣ ਲਈ ਹੁਣ ਲੋਕ ਵੀ ਆਖ਼ਰੀ ਉਮੀਦ ਵਜੋਂ ਬਸਪਾ ਵੱਲ ਵੇਖ ਰਹੇ ਹਨ। ਇਸ ਲਈ ਬਸਪਾ ਵਰਕਰਾਂ ਨੂੰ ਵੀ ਸਾਰੀਆਂ ਜਾਤੀਆਂ ਨੂੰ ਆਪਣੇ ਨਾਲ ਜੋੜ ਕੇ ਆਪਣਾ ਦਾਅਵਾ ਮਜ਼ਬੂਤ ਕਰਨਾ ਚਾਹੀਦਾ ਹੈ। ਸਾਨੂੰ ਇਹ ਤੈਅ ਕਰਨਾ ਪਵੇਗਾ ਕਿ ਅਸੀਂ ਕਣਕ ਦੇ ਬਦਲੇ ਅਣਖ ਦਾ ਸੌਦਾ ਨਹੀਂ ਕਰਾਂਗੇ। ਅਸੀਂ ਸ਼ਾਸਕ ਜਮਾਤ ਬਣਨਾ ਹੈ। ਸ਼ਾਸਕ ਜਮਾਤ ਕਦੇ ਮੰਗਿਆ ਨਹੀਂ ਕਰਦੀ। ਬਾਬਾ ਸਾਹਿਬ ਅੰਬੇਡਕਰ ਦਾ ਬੁੱਤ ਲਾਉਣ ਦੀ ਤਰੀਫ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਪੰਜਾਬ ਦਾ ਪਹਿਲਾ ਮੌਕਾ ਹੈ ਜਦੋਂ ਕਿਸੇ ਨੇ ਆਪਣੇ ਪੁੱਤਰ ਦੀ ਆਖਰੀ ਯਾਦ ਨੂੰ ਵੀ ਮੂਵਮੈਂਟ ਨੂੰ ਸਮਰਪਿਤ ਕੀਤਾ ਹੈ।

ਹੋਰਨਾਂ ਤੋਂ ਇਲਾਵਾ ਦਰਸ਼ਨ ਸਿੰਘ ਝਲੂਰ, ਅਮਰੀਕ ਸਿੰਘ ਕੈਂਥ ਇੰਚਾਰਜ਼ ਹਲਕਾ ਧੂਰੀ, ਜਥੇਦਾਰ ਜਗਰੂਪ ਸਿੰਘ ਪੱਖੋ ਕਲਾਂ, ਡਾਕਟਰ ਜਗਜੀਵਨ ਸਿੰਘ ਡੀ ਐਚ ਓ, ਬੀਬੀ ਬਲਜੀਤ ਕੌਰ ਵਿਰਕ, ਬੂਟਾ ਖਾਨ ਕੋਟਦੁੱਨਾ, ਜਥੇਦਾਰ ਹਰਬੰਸ ਸਿੰਘ ਛੀਨੀਵਾਲ ਖੁਰਦ, ਦਰਸ਼ਨ ਸਿੰਘ ਬਾਜਵਾ ਅਤੇ ਕਰਮਜੀਤ ਸਿੰਘ ਖੁੱਡੀ ਆਦਿ ਨੇਤਾਵਾਂ ਨੇ ਵੀ ਸੰਬੋਧਨ ਕੀਤਾ।

ਇਸ ਸਮੇਂ ਦਰਬਾਰਾ ਸਿੰਘ ਭਦੌੜ, ਗੁਰਮੀਤ ਸਿੰਘ ਪੱਖੋ ਕਲਾਂ, ਚੌਧਰੀ ਹਵਾ ਸਿੰਘ ਹਨੇਰੀ, ਜਥੇਦਾਰ ਦਾਰਾ ਸਿੰਘ, ਅਵਤਾਰ ਸਿੰਘ ਖੁੱਡੀ, ਐਸ ਡੀ ਓ ਬਲਵਿੰਦਰ ਸਿੰਘ ਕੱਟੂ, ਅਮਰ ਸਿੰਘ ਖੁੱਡੀ, ਬਲਵਿੰਦਰ ਸਿੰਘ ਬਰਨਾਲਾ, ਸੁਖਵਿੰਦਰ ਸਿੰਘ ਢੋਲੂ ਪ੍ਰਧਾਨ ਹਲਕਾ ਭਦੌੜ, ਰਾਮ ਸਿੰਘ ਲੌਂਗੋਵਾਲ, ਨਿਰਮਲ ਸਿੰਘ ਮੱਟੂ, ਪਵਿੱਤਰ ਸਿੰਘ ਸੰਗਰੂਰ, ਅਮਰ ਸਿੰਘ ਖੁੱਡੀ, ਜਗਸੀਰ ਸਿੰਘ ਦਰਾਕਾ, ਬਲਵਿੰਦਰ ਸਿੰਘ ਪ੍ਰਧਾਨ ਸ਼ਹੀਦ ਊਧਮ ਸਿੰਘ ਕਲੱਬ, ਬੂਟਾ ਸਿੰਘ ਪੰਚ, ਜਸਵਿੰਦਰ ਕੌਰ ਪੰਚ, ਕਾਲ਼ਾ ਸਿੰਘ ਪੰਚ, ਬਲਵਿੰਦਰ ਸਿੰਘ ਸਾਬਕਾ ਸਰਪੰਚ ਦਰਾਕਾ, ਬੇਅੰਤ ਸਿੰਘ ਝਲੂਰ, ਰਣਜੀਤ ਸਿੰਘ ਐਸਜੀਪੀਸੀ ਅਤੇ ਬੂਟਾ ਸਿੰਘ ਚੀਮਾ ਆਦਿ ਆਗੂ ਵੀ ਹਾਜ਼ਰ ਸਨ। ਆਖਿਰ ਵਿੱਚ ਹਲਕਾ ਪ੍ਰਧਾਨ ਸੁਖਵਿੰਦਰ ਸਿੰਘ ਢੋਲੂ ਨੇ ਆਏ ਮਹਿਮਾਨਾਂ ਅਤੇ ਵੱਡੀ ਗਿਣਤੀ ਵਿੱਚ ਪਹੁੰਚੇ ਸਮੂਹ ਵਰਕਰਾਂ ਦਾ ਧੰਨਵਾਦ ਕੀਤਾ। ਸਟੇਜ ਸੰਚਾਲਨ ਦੀ ਜ਼ਿੰਮੇਵਾਰੀ ਦਰਸ਼ਨ ਸਿੰਘ ਤਪਾ ਅਤੇ ਡਾਕਟਰ ਸਰਬਜੀਤ ਸਿੰਘ ਖੇੜੀ ਨੇ ਨਿਭਾਈ। ਬੀਬੀ ਪ੍ਰੀਤ ਕੌਰ ਧੂਰੀ ਨੇ ਮਿਸ਼ਨਰੀ ਗੀਤ ਗਾ ਕੇ ਸਰੋਤਿਆਂ ਨੂੰ ਨਿਹਾਲ ਕੀਤਾ।

# ਪੰਜਾਬ ਸਰਕਾਰ ਵੱਲੋਂ ਸੂਖਮ, ਛੋਟੇ ਅਤੇ ਦਰਮਿਆਨੇ ਉਦਯੋਗਾਂ ਦਾ ਮੁੜ ਤੋਂ ਵਰਗੀਕਰਨ

## ਰਾਜ ਅੰਦਰ ਚੱਲ ਰਹੇ ਉਦਯੋਗਾਂ ਨੂੰ ਸਹੂਲਤ ਦੇਣ ਦਾ ਉਪਰਾਲਾ: ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 9463601616
hardipchumber57@gmail.com

ਦਲਜੀਤ ਕੌਰ

ਸੰਗਰੂਰ, 27 ਅਪ੍ਰੈਲ, 2025: ਸੂਖਮ, ਛੋਟੇ ਅਤੇ ਦਰਮਿਆਨੇ ਉੱਦਮਾਂ ਲਈ ਅਨੁਕੂਲ ਵਾਤਾਵਰਣ ਪ੍ਰਣਾਲੀ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ, ਪੰਜਾਬ ਸਰਕਾਰ ਨੇ ਪੰਜਾਬ ਰਾਈਟ ਟੂ ਬਿਜ਼ਨਸ ਐਕਟ, 2020 ਅਧੀਨ ਉੱਦਮਾਂ ਦੇ ਵਰਗੀਕਰਨ ਮਾਪਦੰਡਾਂ ਵਿੱਚ ਸੋਧਾਂ ਦਾ ਐਲਾਨ ਕੀਤਾ ਹੈ। ਭਾਰਤ ਸਰਕਾਰ ਦੀ 21 ਮਾਰਚ 2025 ਦੀ ਨੋਟੀਫਿਕੇਸ਼ਨ 'ਤੇ ਆਧਾਰਿਤ ਅੱਪਡੇਟ ਕੀਤੇ ਦਿਸ਼ਾ-ਨਿਰਦੇਸ਼ 1 ਅਪ੍ਰੈਲ 2025 ਤੋਂ ਲਾਗੂ ਹੋ ਗਏ ਹਨ।

ਸੰਗਰੂਰ ਦੇ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਨੇ ਦੱਸਿਆ ਕਿ ਸੋਧਿਆ ਹੋਇਆ ਵਰਗੀਕਰਨ ਭਾਰਤ ਸਰਕਾਰ ਦੇ ਸੂਖਮ, ਛੋਟੇ ਅਤੇ ਦਰਮਿਆਨੇ ਉਦਯੋਗ ਮੰਤਰਾਲੇ ਦੁਆਰਾ ਜਾਰੀ ਨਵੀਨਤਮ ਸੋਧਾਂ ਦੇ ਅਨੁਸਾਰ ਕੀਤਾ ਗਿਆ ਹੈ। ਨਵੇਂ ਮਾਪਦੰਡਾਂ ਅਨੁਸਾਰ, ਸੂਖਮ ਉੱਦਮਾਂ ਦੀ ਸ਼੍ਰੇਣੀ ਵਿੱਚ, ਪਲਾਂਟ ਅਤੇ ਮਸ਼ੀਨਰੀ/ਉਪਕਰਨ ਵਿੱਚ ਨਿਵੇਸ਼ ₹2.5 ਕਰੋੜ ਤੋਂ ਵੱਧ ਨਹੀਂ ਹੋਣਾ ਚਾਹੀਦਾ ਅਤੇ ਟਰਨਓਵਰ ₹10 ਕਰੋੜ ਤੋਂ ਵੱਧ ਨਹੀਂ ਹੋਣਾ ਚਾਹੀਦਾ, ਛੋਟੇ ਉੱਦਮਾਂ ਵਿੱਚ, ਪਲਾਂਟ ਅਤੇ ਮਸ਼ੀਨਰੀ/ਉਪਕਰਨ ਵਿੱਚ ਨਿਵੇਸ਼ ₹25 ਕਰੋੜ ਤੋਂ ਵੱਧ ਨਹੀਂ ਹੋਣਾ ਚਾਹੀਦਾ ਅਤੇ ਟਰਨਓਵਰ ₹100 ਕਰੋੜ ਤੋਂ ਵੱਧ ਨਹੀਂ ਹੋਣਾ ਚਾਹੀਦਾ ਅਤੇ ਦਰਮਿਆਨੇ ਉੱਦਮਾਂ ਵਿੱਚ, ਪਲਾਂਟ ਅਤੇ ਮਸ਼ੀਨਰੀ/ਉਪਕਰਨ ਵਿੱਚ ਨਿਵੇਸ਼ ₹125 ਕਰੋੜ ਤੋਂ ਵੱਧ ਨਹੀਂ ਹੋਣਾ ਚਾਹੀਦਾ ਅਤੇ ਟਰਨਓਵਰ ₹500 ਕਰੋੜ ਤੋਂ ਵੱਧ ਨਹੀਂ ਹੋਣਾ ਚਾਹੀਦਾ।

ਉਨ੍ਹਾਂ ਕਿਹਾ ਕਿ ਇਨ੍ਹਾਂ ਸੋਧਾਂ ਦਾ ਉਦੇਸ਼ ਪੰਜਾਬ ਦੇ ਅੰਦਰ ਕੰਮ ਕਰ ਰਹੇ ਸੂਖਮ, ਛੋਟੇ ਅਤੇ ਦਰਮਿਆਨੇ ਉਦਯੋਗਾਂ ਲਈ ਸਵੈ-ਘੋਸ਼ਣਾ ਦੀ ਸਹੂਲਤ, ਛੋਟਾਂ ਪ੍ਰਦਾਨ ਕਰਨਾ ਅਤੇ ਤੇਜ਼ ਪ੍ਰਵਾਨਗੀਆਂ ਅਤੇ ਨਿਰੀਖਣਾਂ ਨੂੰ ਯਕੀਨੀ ਬਣਾਉਣਾ ਹੈ, ਇਸ ਤਰ੍ਹਾਂ ਰਾਜ ਭਰ ਵਿੱਚ ਕਾਰੋਬਾਰ ਕਰਨ ਦੀ ਸੌਖ ਵਿੱਚ ਸੁਧਾਰ ਹੋਵੇਗਾ।

ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਨੇ ਇਹ ਜਾਣਕਾਰੀ ਦੇ ਵਿਆਪਕ ਪ੍ਰਸਾਰ 'ਤੇ ਜ਼ੋਰ ਦਿੰਦਿਆਂ ਸਾਰੇ ਸਬੰਧਤ ਵਿਭਾਗਾਂ, ਉਦਯੋਗ ਸੰਗਠਨਾਂ ਅਤੇ ਉੱਦਮੀਆਂ ਨੂੰ ਅਧਿਕਾਰਤ ਵੈੱਬਸਾਈਟਾਂ, ਜਨਤਕ ਨੋਟਿਸਾਂ, ਸੋਸ਼ਲ ਮੀਡੀਆ ਪਲੇਟਫਾਰਮਾਂ ਅਤੇ ਹਿੱਸੇਦਾਰਾਂ ਦੀਆਂ ਮੀਟਿੰਗਾਂ ਰਾਹੀਂ ਤਬਦੀਲੀਆਂ ਬਾਰੇ ਸੂਚਿਤ ਕਰਨ ਦੀ ਅਪੀਲ ਕੀਤੀ ਹੈ।

ਉਨ੍ਹਾਂ ਅੱਗੇ ਕਿਹਾ ਕਿ ਉਦਮੀਆਂ ਨੂੰ ਉਦਮ ਪੋਰਟਲ 'ਤੇ ਰਜਿਸਟਰ ਕਰਨ ਲਈ ਉਤਸ਼ਾਹਿਤ ਕਰਨ ਲਈ ਵਿਸ਼ੇਸ਼ ਯਤਨ ਕੀਤੇ ਜਾਣਗੇ। ਜਾਗਰੂਕਤਾ ਅਤੇ ਰਜਿਸਟ੍ਰੇਸ਼ਨ ਮੁਹਿੰਮਾਂ ਉਦਯੋਗ ਸੰਸਥਾਵਾਂ ਦੇ ਤਾਲਮੇਲ ਨਾਲ ਆਯੋਜਿਤ ਕੀਤੀਆਂ ਜਾਣਗੀਆਂ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਲਾਭਪਾਤਰੀਆਂ ਨੂੰ ਅੱਪਡੇਟ ਕੀਤੀ ਰਜਿਸਟ੍ਰੇਸ਼ਨ ਪ੍ਰਕਿਰਿਆ ਰਾਹੀਂ ਸਹੀ ਢੰਗ ਨਾਲ ਮਾਰਗਦਰਸ਼ਨ ਕੀਤਾ ਜਾਵੇ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਜ਼ਿਲ੍ਹੇ ਵਿੱਚ ਕਾਰੋਬਾਰ-ਅਨੁਕੂਲ ਵਾਤਾਵਰਣ ਬਣਾਉਣ, ਸੂਖਮ, ਛੋਟੇ ਅਤੇ ਦਰਮਿਆਨੇ ਉੱਦਮਾਂ ਨੂੰ ਸਸ਼ਕਤ ਬਣਾਉਣ ਅਤੇ ਉੱਦਮਤਾ ਦਾ ਸਮਰਥਨ ਕਰਨ ਲਈ ਵਚਨਬੱਧ ਹਨ।

# ਪੰਜਾਬ ਨਾਲ ਲੱਗਦੀ ਪਾਕਿਸਤਾਨੀ ਸਰਹੱਦ 'ਤੇ ਹਾਈ ਅਲਰਟ ਬੀਐਸਐਫ ਦੀਆਂ ਤੁਰੰਤ ਕਾਰਵਾਈ ਟੀਮਾਂ ਮੁਸਤੈਦ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 9463601616
hardipchumber57@gmail.com



ਜੰਮੂ-ਕਸ਼ਮੀਰ ਦੇ ਪਹਿਲਗਾਮ 'ਚ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਪੰਜਾਬ ਨਾਲ ਲੱਗਦੀ ਪਾਕਿਸਤਾਨੀ ਸਰਹੱਦ 'ਤੇ ਹਾਈ ਅਲਰਟ (High Alert) ਜਾਰੀ ਕਰ ਦਿੱਤਾ ਗਿਆ ਹੈ। ਰਾਜ ਵਿਚ ਭਾਰਤ-ਪਾਕਿਸਤਾਨ ਸਰਹੱਦ ਅੰਮ੍ਰਿਤਸਰ, ਗੁਰਦਾਸਪੁਰ, ਪਠਾਨਕੋਟ, ਤਰਨਤਾਰਨ, ਫਿਰੋਜ਼ਪੁਰ ਅਤੇ ਫਾਜ਼ਿਲਕਾ ਵਿੱਚ ਹੈ। ਸਾਰੀਆਂ ਥਾਵਾਂ 'ਤੇ, ਸੀਮਾ ਸੁਰੱਖਿਆ ਬਲ (ਬੀਐਸਐਫ) ਨੇ ਆਪਣੀਆਂ ਕਵਿੱਕ ਰਿਐਕਸ਼ਨ ਟੀਮਾਂ (ਕਿਊਆਰਟੀ) ਨੂੰ ਸਰਗਰਮ ਕਰ ਦਿੱਤਾ ਹੈ।

ਇੱਥੇ ਚੌਕਸੀ ਵਧਾ ਦਿੱਤੀ ਗਈ ਹੈ। ਇਸ ਦੌਰਾਨ ਅੰਮ੍ਰਿਤਸਰ ਦੇ ਅਟਾਰੀ ਸਰਹੱਦ ਰਾਹੀਂ ਪਾਕਿਸਤਾਨੀ ਨਾਗਰਿਕਾਂ ਦੇ ਵਤਨ ਪਰਤਣ ਦਾ ਸਿਲਸਿਲਾ ਜਾਰੀ ਹੈ। ਸਰਕਾਰ ਨੇ 27 ਅਪ੍ਰੈਲ ਤੱਕ ਦਾ ਸਮਾਂ ਦਿੱਤਾ ਹੈ। ਮੈਡੀਕਲ ਵੀਜ਼ਾ ਵਾਲੇ ਲੋਕਾਂ ਨੂੰ 29 ਅਪ੍ਰੈਲ ਤੱਕ ਦੇਸ਼ ਛੱਡਣ ਲਈ ਕਿਹਾ ਗਿਆ ਹੈ।

# ਅਗਵਾ ਕੀਤੇ ਮਜ਼ਦੂਰਾਂ ਨੂੰ ਬਚਾਉਣ ਲਈ ਫੌਜ ਨੇ ਚਲਾਇਆ ਆਪ੍ਰੇਸ਼ਨ, ਤਿੰਨ ਅੱਤਵਾਦੀ ਢੇਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 9463601616
hardipchumber57@gmail.com



ਅਰੁਣਾਚਲ ਪ੍ਰਦੇਸ਼ ਦੇ ਲੋਂਗਡਿੰਗ ਜ਼ਿਲੇ ਦੇ ਪੰਗਚਾਓ ਇਲਾਕੇ ਤੋਂ 25 ਅਪ੍ਰੈਲ ਦੀ ਰਾਤ ਨੂੰ ਅੱਤਵਾਦੀਆਂ ਵਲੋਂ ਦੋ ਨਿਰਮਾਣ ਮਜ਼ਦੂਰਾਂ ਨੂੰ ਅਗਵਾ ਕਰ ਲਿਆ ਗਿਆ ਸੀ। ਸੂਚਨਾ ਮਿਲਣ 'ਤੇ ਭਾਰਤੀ ਫੌਜ ਅਤੇ ਅਸਾਮ ਰਾਈਫਲਜ਼ ਨੇ ਸਾਂਝਾ ਆਪ੍ਰੇਸ਼ਨ ਸ਼ੁਰੂ ਕੀਤਾ। ਤਲਾਸ਼ੀ ਮੁਹਿੰਮ ਦੌਰਾਨ ਸੁਰੱਖਿਆ ਬਲਾਂ ਦਾ ਅੱਤਵਾਦੀਆਂ ਨਾਲ ਮੁਕਾਬਲਾ ਹੋਇਆ, ਜਿਸ 'ਚ ਪਾਬੰਦੀਸ਼ੁਦਾ ਸੰਗਠਨ ਦੇ ਤਿੰਨ ਅੱਤਵਾਦੀ ਮਾਰੇ ਗਏ। ਆਪਰੇਸ਼ਨ ਦੌਰਾਨ ਚਾਰ ਆਟੋਮੈਟਿਕ ਹਥਿਆਰ, ਗੋਲੀਆਂ ਅਤੇ ਹੋਰ ਜੰਗੀ ਸਮੱਗਰੀ ਵੀ ਬਰਾਮਦ ਕੀਤਾ ਗਿਆ ਹੈ। ਇਸ ਆਪਰੇਸ਼ਨ 'ਚ ਇਕ ਮਜ਼ਦੂਰ ਨੂੰ ਸੁਰੱਖਿਅਤ ਬਚਾ ਲਿਆ ਗਿਆ ਹੈ, ਜਦਕਿ ਦੂਜੇ ਮਜ਼ਦੂਰ ਦੀ ਭਾਲ ਜਾਰੀ ਹੈ।

# PM ਨਰਿੰਦਰ ਮੋਦੀ ਤੇ ਰੱਖਿਆ ਮੰਤਰੀ ਰਾਜਨਾਥ ਵਿਚਾਲੇ ਅਹਿਮ ਮੀਟਿੰਗ

## ਜੰਮੂ-ਕਸ਼ਮੀਰ ਵਿਧਾਨ ਸਭਾ ਦੇ ਵਿਸ਼ੇਸ਼ ਸੈਸ਼ਨ ਦੌਰਾਨ ਪਹਿਲਗਾਮ 'ਚ ਮਾਰੇ ਗਏ ਲੋਕਾਂ ਨੂੰ ਸ਼ਰਧਾਂਜਲੀ ਭੇਟ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 9463601616
hardipchumber57@gmail.com



ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਰੱਖਿਆ ਮੰਤਰੀ ਰਾਜਨਾਥ ਵਿਚਾਲੇ ਅਹਿਮ ਮੀਟਿੰਗ ਹੋਈ। 40 ਮਿੰਟ ਤੱਕ ਚੱਲੀ ਇਸ ਮੁਲਾਕਾਤ ਵਿੱਚ ਰਾਜਨਾਥ ਨੇ ਪ੍ਰਧਾਨ ਮੰਤਰੀ ਨੂੰ ਪਹਿਲਗਾਮ ਹਮਲੇ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਦੂਜੇ ਪਾਸੇ ਅੱਜ ਜੰਮੂ-ਕਸ਼ਮੀਰ ਵਿਧਾਨ ਸਭਾ ਦੇ ਬੁਲਾਏ ਗਏ ਵਿਸ਼ੇਸ਼ ਸੈਸ਼ਨ ਵਿੱਚ ਪਹਿਲਗਾਮ ਵਿੱਚ ਮਾਰੇ ਗਏ ਸੈਲਾਨੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।

ਇਸ ਦੌਰਾਨ ਜੰਮੂ-ਕਸ਼ਮੀਰ ਪੁਲਿਸ ਨੇ 15 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ ਹੈ। ਸੂਤਰਾਂ ਨੇ ਦੱਸਿਆ ਕਿ ਇਹ ਛਾਪੇਮਾਰੀ ਉਨ੍ਹਾਂ ਅੱਤਵਾਦੀਆਂ ਦੇ ਟਿਕਾਣਿਆਂ 'ਤੇ ਕੀਤੀ ਗਈ ਹੈ ਜੋ ਮਕਬੂਜ਼ਾ ਕਸ਼ਮੀਰ ਤੋਂ ਸਰਗਰਮ ਹਨ ਅਤੇ ਪਹਿਲਗਾਮ ਹਮਲੇ ਨਾਲ ਸਬੰਧ ਰੱਖਦੇ ਹਨ।

# ਸ਼੍ਰੋਮਣੀ ਕਮੇਟੀ ਨੇ ਧਾਰਮਿਕ ਪ੍ਰੀਖਿਆ ਦਾ ਨਤੀਜਾ ਐਲਾਨਿਆ

## 2928 ਵਿਦਿਆਰਥੀਆਂ ਨੂੰ ਦਿੱਤੀ ਜਾਵੇਗੀ 46 ਲੱਖ 67 ਹਜ਼ਾਰ ਦੀ ਵਜ਼ੀਫਾ ਰਾਸ਼ੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 9463601616
hardipchumber57@gmail.com



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਨਵੰਬਰ 2024 ਵਿਚ ਲਈ ਗਈ ਦਰਜਾ ਪਹਿਲਾ ਅਤੇ ਦਰਜਾ ਦੂਜਾ ਦੀ ਧਾਰਮਿਕ ਪ੍ਰੀਖਿਆ ਦਾ ਨਤੀਜਾ ਅੱਜ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜਾਰੀ ਕੀਤਾ। ਐਲਾਨੇ ਗਏ ਨਤੀਜੇ ਅਨੁਸਾਰ 2928 ਵਿਦਿਆਰਥੀਆਂ ਨੂੰ 46 ਲੱਖ 67 ਹਜ਼ਾਰ ਰੁਪਏ ਦੇ ਕਰੀਬ ਵਜ਼ੀਫਾ ਰਾਸ਼ੀ ਵਜੋਂ ਦਿੱਤੇ ਜਾਣਗੇ ਅਤੇ ਇਸ ਤੋਂ ਇਲਾਵਾ ਪ੍ਰਮਾਣ ਪੱਤਰ ਦੇ ਕੇ ਵੀ ਨਿਵਾਜਿਆ ਜਾਵੇਗਾ।

ਨਤੀਜਾ ਜਾਰੀ ਕਰਨ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਜਿਥੇ ਗੁਰਦੁਆਰਾ ਸਾਹਿਬਾਨ ਦੀ ਸੇਵਾ ਸੰਭਾਲ ਦਾ ਕਾਰਜ ਕਰਦੀ ਹੈ, ਉਥੇ ਹੀ ਸਿੱਖ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਵੀ ਨਿਰੰਤਰ ਕਾਰਜਸ਼ੀਲ ਹੈ। ਉਨ੍ਹਾਂ ਕਿਹਾ ਕਿ ਨੌਜੁਆਨਾਂ ਅਤੇ ਬੱਚਿਆਂ ਨੂੰ ਸਿੱਖ ਇਤਿਹਾਸ, ਰਹਿਤ ਮਰਯਾਦਾ ਅਤੇ ਸਿੱਖ ਸਿਧਾਂਤਾਂ ਨਾਲ ਜੋੜਨ ਲਈ ਧਾਰਮਿਕ ਪ੍ਰੀਖਿਆ ਦਾ ਵੱਡਾ ਮਹੱਤਵ ਹੈ। ਧਰਮ ਪ੍ਰਚਾਰ ਕਮੇਟੀ ਵੱਲੋਂ ਲਈ ਜਾਂਦੀ ਧਾਰਮਿਕ ਪ੍ਰੀਖਿਆ ਦੌਰਾਨ ਹਜ਼ਾਰਾਂ ਵਿਦਿਆਰਥੀ ਹਿੱਸਾ ਲੈਂਦੇ ਹਨ, ਜਿਨ੍ਹਾਂ ਵਿੱਚੋਂ ਮੈਰਿਟ ਵਿਚ ਆਉਣ ਵਾਲੇ ਵਿਦਿਆਰਥੀਆਂ ਨੂੰ ਵਜ਼ੀਫਾ ਰਾਸ਼ੀ ਦਿੱਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ ਵੱਖਰੇ ਤੌਰ 'ਤੇ ਵਜ਼ੀਫ਼ੇ ਵੀ ਦਿੱਤੇ ਜਾਂਦੇ ਹਨ।

ਐਡਵੋਕੇਟ ਧਾਮੀ ਨੇ ਕਿਹਾ ਕਿ ਇਸ ਸਾਲ ਨਵੰਬਰ 2024 ਵਿਚ ਲਈ ਗਈ ਧਾਰਮਿਕ ਪ੍ਰੀਖਿਆ ਵਿਚ ਦੋ ਦਰਜਿਆਂ ਅੰਦਰ 53647 ਵਿਦਿਆਰਥੀਆਂ ਨੇ ਭਾਗ ਲਿਆ ਸੀ, ਜਿਨ੍ਹਾਂ ਵਿੱਚੋਂ 2928 ਵਿਦਿਆਰਥੀ ਨੇ ਵਜ਼ੀਫਾ ਹਾਸਲ ਕੀਤਾ ਹੈ। ਇਸ ਦੇ ਨਾਲ ਹੀ ਹਰ ਦਰਜੇ ਵਿੱਚੋਂ ਪਹਿਲੇ ਤਿੰਨ ਸਥਾਨ ਪ੍ਰਾਪਤ ਕਰਨ ਵਾਲਿਆਂ ਨੂੰ ਵੀ ਵਿਸ਼ੇਸ਼ ਰਾਸ਼ੀ ਦਿੱਤੀ ਜਾਵੇਗੀ। ਉਨ੍ਹਾਂ ਅਪੀਲ ਕੀਤੀ ਕਿ ਹਰ ਵਿਦਿਆਰਥੀ ਨੂੰ ਇਸ ਧਾਰਮਿਕ ਪ੍ਰੀਖਿਆ ਦਾ ਹਿੱਸਾ ਬਣਾਉਣ ਲਈ ਸਕੂਲ ਪ੍ਰਬੰਧਕਾਂ ਨੂੰ ਅੱਗੇ ਆਉਣਾ ਚਾਹੀਦਾ ਹੈ, ਤਾਂ ਜੋ ਵੱਧ ਤੋਂ ਵੱਧ ਬੱਚੇ ਅਤੇ ਨੌਜੁਆਨ ਆਪਣੇ ਇਤਿਹਾਸ ਅਤੇ ਵਿਰਸੇ ਤੋਂ ਜਾਣੂ ਹੋ ਸਕਣ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ, ਓਐਸਡੀ ਸ. ਸਤਬੀਰ ਸਿੰਘ ਧਾਮੀ, ਵਧੀਕ ਸਕੱਤਰ ਸ. ਬਿਜੈ ਸਿੰਘ, ਮੀਤ ਸਕੱਤਰ ਪ੍ਰੋ. ਸੁਖਦੇਵ ਸਿੰਘ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਇੰਚਾਰਜ ਬੀਬੀ ਰਣਜੀਤ ਕੌਰ ਆਦਿ ਹਾਜ਼ਰ ਸਨ।

# ਸੋਪੂ ਵਲੋਂ ਪਹਿਲਗਾਮ ਅੱਤਵਾਦੀ ਹਮਲੇ 'ਚ ਮਾਰੇ ਗਏ ਲੋਕਾਂ ਦੀ ਯਾਦ ਵਿੱਚ ਕੈਂਡਲ ਮਾਰਚ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 9463601616
hardipchumber57@gmail.com




ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਪਹਿਲਗਾਮ ਅੱਤਵਾਦੀ ਹਮਲੇ 'ਚ ਮਾਰੇ ਗਏ ਲੋਕਾਂ ਨੂੰ ਸ਼ਰਧਾਂਜਲੀ ਦਿੱਤੀ ਗਈ। ਇਹ ਸਮਾਗਮ ਸੋਪੂ(SOPU) ਦੇ ਪ੍ਰਧਾਨ ਗੁਰਿੰਦਰ ਸੇਹੀ ਅਤੇ ਉਹਨੇ ਦੇ ਸਾਥੀਆਂ ਵੱਲੋਂ ਕਰਵਾਇਆ ਗਿਆ।

ਇਸ ਮੌਕੇ ਕੈਂਡਲ ਮਾਰਚ ਕੱਢ ਕੇ ਸਰਧਾਂਜਲੀ ਦਿੱਤੀ ਗਈ। ਵਿਦਿਆਰਥੀਆਂ ਨੇ ਮੋਮਬੱਤੀਆਂ ਅਤੇ ਪੋਸਟਰ ਲੈ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਅਤੇ ਫਿਰਕੂ ਸਦਭਾਵਨਾ ਅਤੇ ਸ਼ਾਂਤੀ ਦੇ ਸਮਰਥਨ ਵਿੱਚ ਨਾਅਰੇ ਲਗਾਏ।

ਪ੍ਰਧਾਨ ਗੁਰਿੰਦਰ ਸੇਹੀ ਅਤੇ ਉਹਨੇ ਦੇ ਸਾਥੀਆਂ ਵੱਲੋਂ ਪਹਿਲਗਾਮ ਹਮਲੇ ਦੇ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਦੀ ਮੰਗ ਕੀਤੀ ਗਈ।

# ਆਮਿਰ ਖ਼ਾਨ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਰੂਪ ਵਿੱਚ ਦਰਸਾਉਂਦਾ ਇੱਕ ਪੋਸਟਰ "ਪੂਰੀ ਤਰ੍ਹਾਂ ਨਕਲੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com

ਬਾਲੀਵੁੱਡ ਸੁਪਰਸਟਾਰ ਆਮਿਰ ਖ਼ਾਨ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਰੂਪ ਵਿੱਚ ਦਰਸਾਉਂਦਾ ਇੱਕ ਪੋਸਟਰ "ਪੂਰੀ ਤਰ੍ਹਾਂ ਨਕਲੀ ਅਤੇ ਏਆਈ ਦੁਆਰਾ ਤਿਆਰ ਕੀਤਾ ਗਿਆ ਹੈ"। ਇਹ ਦਾਅਵਾ ਸੋਮਵਾਰ ਨੂੰ ਅਦਾਕਾਰ ਦੇ ਇੱਕ ਬੁਲਾਰੇ ਕੀਤਾ ਅਤੇ ਕਿਹਾ ਕਿ ਇਹ ਸੋਸ਼ਲ ਮੀਡੀਆ 'ਤੇ ਵਾਇਰਲ ਹੋਣਾ ਸ਼ੁਰੂ ਹੋ ਗਿਆ ਹੈ।

ਪੋਸਟਰ ਵਿੱਚ ਆਮਿਰ ਨੂੰ "ਗੁਰੂ ਨਾਨਕ" ਦੇ ਰੂਪ ਵਿੱਚ ਦਿਖਾਇਆ ਗਿਆ ਹੈ ਅਤੇ ਕਿਹਾ ਗਿਆ ਹੈ ਕਿ ਇਦਾ ਟੀਜ਼ਰ ਟ੍ਰੇਲਰ ਛੇਤੀ ਹੀ ਆਉਣ ਵਾਲਾ ਹੈ। ਇੱਕ ਬਿਆਨ ਵਿੱਚ, ਅਦਾਕਾਰ ਦੇ ਬੁਲਾਰੇ ਨੇ ਪ੍ਰਸ਼ੰਸਕਾਂ ਨੂੰ ਸੋਸ਼ਲ ਮੀਡੀਆ 'ਤੇ ਜਾਅਲੀ ਖ਼ਬਰਾਂ ਤੋਂ ਚੌਕਸ ਰਹਿਣ ਲਈ ਕਿਹਾ ਹੈ।

ਬੁਲਾਰੇ ਨੇ ਬਿਆਨ ਵਿੱਚ ਕਿਹਾ, "ਆਮਿਰ ਖ਼ਾਨ ਨੂੰ ਗੁਰੂ ਨਾਨਕ ਦੇਵ ਜੀ ਦੇ ਰੂਪ ਵਿੱਚ ਦਿਖਾਉਂਦਾ ਪੋਸਟਰ ਪੂਰੀ ਤਰ੍ਹਾਂ ਜਾਅਲੀ ਅਤੇ ਏਆਈ ਦੁਆਰਾ ਤਿਆਰ ਕੀਤਾ ਗਿਆ ਹੈ। ਆਮਿਰ ਖ਼ਾਨ ਦਾ ਅਜਿਹੇ ਕਿਸੇ ਵੀ ਪ੍ਰੋਜੈਕਟ ਨਾਲ ਕੋਈ ਸਬੰਧ ਨਹੀਂ ਹੈ। ਉਹ ਗੁਰੂ ਨਾਨਕ ਦੇਵ ਜੀ ਦਾ ਸਭ ਤੋਂ ਵੱਧ ਸਤਿਕਾਰ ਕਰਦਾ ਹੈ ਅਤੇ ਕਦੇ ਵੀ ਕਿਸੇ ਵੀ ਨਿਰਾਦਰ ਵਾਲੀ ਚੀਜ਼ ਦਾ ਹਿੱਸਾ ਨਹੀਂ ਬਣੇਗਾ। ਕਿਰਪਾ ਕਰਕੇ ਜਾਅਲੀ ਖ਼ਬਰਾਂ ਵਿੱਚ ਨਾ ਫਸੋ।"

# ਜਲੰਧਰ ਵਿੱਚ ਰੇਡ ਕਰਨ ਗਈ ਪੰਜਾਬ ਪੁਲਿਸ 'ਤੇ ਪਥਰਾਅ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com

ਜਲੰਧਰ 'ਚ ਲੁੱਟ-ਖੋਹ 'ਚ ਸ਼ਾਮਲ ਨੌਜਵਾਨਾਂ ਦੇ ਘਰ ਛਾਪੇਮਾਰੀ ਕਰਨ ਗਈ ਪੁਲਸ ਪਾਰਟੀ 'ਤੇ ਕੁਝ ਨੌਜਵਾਨਾਂ ਨੇ ਹਮਲਾ ਕਰ ਦਿੱਤਾ। ਘਟਨਾ ਵਿੱਚ ਇਲਾਕਾ ਵਾਸੀ ਵੀ ਜ਼ਖਮੀ ਹੋ ਗਏ। ਘਟਨਾ ਤੋਂ ਬਾਅਦ ਸਾਰੇ ਮੁਲਜ਼ਮ ਮੌਕੇ ਤੋਂ ਫਰਾਰ ਹੋ ਗਏ।

ਜਾਣਕਾਰੀ ਅਨੁਸਾਰ ਮੁਲਜ਼ਮਾਂ ਨੇ ਇੱਕ ਪ੍ਰਵਾਸੀ ਦਾ ਫ਼ੋਨ ਚੋਰੀ ਕਰ ਲਿਆ ਸੀ।ਉਸ ਦੀ ਸ਼ਿਕਾਇਤ 'ਤੇ ਪੁਲਸ ਜਾਂਚ ਲਈ ਇਲਾਕੇ 'ਚ ਪਹੁੰਚੀ। ਤਿੰਨੋਂ ਨੌਜਵਾਨ ਦੇ ਘਰ ਪੁਲੀਸ ਛਾਪਾ ਮਾਰਨ ਗਈ ਸੀ। ਇਸ ਦੌਰਾਨ ਪੁਲਿਸ ਪਾਰਟੀ 'ਤੇ ਪਥਰਾਅ ਕਰਦਿਆਂ ਜਾਨਲੇਵਾ ਹਮਲਾ ਕਰ ਦਿੱਤਾ ਗਿਆ। ਫਿਲਹਾਲ ਇਸ ਘਟਨਾ 'ਚ ਚਾਰ ਲੋਕਾਂ ਦੇ ਜ਼ਖਮੀ ਹੋਣ ਦੀ ਖਬਰ ਹੈ। ਪੁਲਿਸ ਮਾਮਲੇ ਦੀ ਜਾਂਚ ਕਰਕੇ ਅਗਲੀ ਕਾਰਵਾਈ ਕਰੇਗੀ।



# 6 ਆਈਲੈਟਸ ਸੈਂਟਰਾਂ ਦੇ ਲਾਇਸੰਸ ਰੱਦ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com

ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀ ਸ਼ੌਕਤ ਅਹਿਮਦ ਪਰੇ ਨੇ ਪੰਜਾਬ ਮਨੁੱਖੀ ਤਸ਼ਕਰੀ ਰੋਕੂ ਐਕਟ 2012 ਅਧੀਨ ਜਾਰੀ ਪੰਜਾਬ ਮਨੁੱਖੀ ਤਸਕਰੀ ਨਿਯਮ 2013 (ਸੋਧਿਆ ਨਾਮ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ) ਦੇ ਤਹਿਤ 6 ਆਈਲੈਟਸ ਸੈਂਟਰਾਂ ਦੇ ਲਾਇਸੰਸ ਰੱਦ ਕੀਤੇ ਗਏ ਹਨ।

ਜਾਰੀ ਹੁਕਮਾਂ ਅਨੁਸਾਰ M/s E-School St No 8-ਬੀ ਅਜੀਤ ਰੋਡ ਬਠਿੰਡਾ ਦੇ ਨਾਮ 'ਤੇ ਸ੍ਰੀ ਰੁਪਿੰਦਰ ਸਿੰਘ ਸਰਸੂਆ ਪੁੱਤਰ ਸ੍ਰੀ ਜਨਕ ਸਿੰਘ ਵਾਸੀ ਗਲੀ ਨੰਬਰ 8-ਬੀ ਅਜੀਤ ਰੋਡ ਬਠਿੰਡਾ ਨੂੰ ਆਈਲੈਟਸ ਦਾ ਲਾਇਸੰਸ ਨੰਬਰ 22/ਸੀ.ਈ.ਏ/ਸੀ.ਸੀ.3 ਮਿਤੀ 15-12-2017 ਜਾਰੀ ਕੀਤਾ ਗਿਆ ਸੀ, ਜੋ ਨਵੀਨ ਉਪਰੰਤ ਜਿਸ ਦੀ ਮਿਆਦ 14-12-2027 ਤੱਕ ਹੈ।

ਇਸੇ ਤਰ੍ਹਾਂ M/s Language Seekers, 100 Feet Bathinda ਦੇ ਨਾਮ 'ਤੇ ਸ੍ਰੀ ਅਮਨਦੀਪ ਸਿੰਘ ਪੁੱਤਰ ਸ੍ਰੀ ਨਰਿੰਦਰ ਸਿੰਘ ਵਾਸੀ ਕਟਾਰ ਸਿੰਘ ਵਾਲਾ, ਗੁਲਾਬ ਗੜ੍ਹ ਜ਼ਿਲ੍ਹਾ ਬਠਿੰਡਾ ਨੂੰ ਆਈਲੈਟਸ, ਦਾ ਲਾਇਸੰਸ ਨੰ: 277/ਐਮ.ਏ.2/ਐਮ.ਸੀ. 6 ਮਿਤੀ 13-04-2023 ਜਾਰੀ ਕੀਤਾ ਗਿਆ ਸੀ, ਜਿਸ ਦੀ ਮਿਆਦ 12-04-2028 ਤੱਕ ਹੈ।

M/s Sky Feather, Near PSPCL Office, Power House Road Corner Bathinda ਦੇ ਨਾਮ 'ਤੇ ਸ੍ਰੀਮਤੀ ਕਮਲਪ੍ਰੀਤ ਕੌਰ ਪਤਨੀ ਸ੍ਰੀ ਕੁਲਵਿੰਦਰ ਸਿੰਘ ਵਾਸੀ ਮਕਾਨ ਨੰਬਰ 22871 ਗਲੀ ਨੰਬਰ 15 ਧੋਬੀਆਣਾ ਰੋਡ ਬਠਿੰਡਾ ਨੂੰ ਆਈਲੈਟਸ, ਦਾ ਲਾਇਸੰਸ ਨੰਬਰ 229/ਐਮ.ਏ.2/ਐਮ.ਸੀ. 6 ਮਿਤੀ 11-11-2022 ਜਾਰੀ ਕੀਤਾ ਗਿਆ ਸੀ, ਜਿਸ ਦੀ ਮਿਆਦ 10-11-2027 ਤੱਕ ਹੈ।

ਜਾਰੀ ਹੁਕਮ ਅਨੁਸਾਰ M/s EFS GLOBAL, CITY POINT BUILDING IST FLOOR, NEAR MAHESHWARI CHOWK 100 FT ROAD BATHINDA ਆਸ਼ੂਤੋਸ਼ ਬਜਾਜ ਪੁੱਤਰ ਸ੍ਰੀ ਚਮਨ ਲਾਲ ਬਜਾਜ ਵਾਸੀ ਹਾਊਸ ਨੰਬਰ 7-ਏ ਬਸੰਤ ਵਿਹਾਰ ਬਠਿੰਡਾ ਨੂੰ ਕੰਸਲਟੈਂਸੀ ਅਤੇ ਆਈਲੈਟਸ ਦਾ ਲਾਇਸੰਸ ਨੰਬਰ 161/ਸੀ.ਈ.ਏ/ਸੀ.ਸੀ. 3 ਮਿਤੀ 02-07-2021 ਜਾਰੀ ਕੀਤਾ ਗਿਆ ਸੀ, ਜਿਸ ਦੀ ਮਿਆਦ 01-07-2026 ਤੱਕ ਹੈ।

ਇਸੇ ਤਰ੍ਹਾਂ M/s Sky Dreams Bhucho Mandi District Bathinda ਦੇ ਨਾਮ 'ਤੇ ਸ੍ਰੀਮਤੀ ਨਮਨੀਤ ਕੌਰ ਪਤਨੀ ਸ੍ਰੀ ਜਗਦੀਪ ਸਿੰਘ ਸਿੱਧੂ ਵਾਸੀ ਤੁੰਗਵਾਲੀ ਜ਼ਿਲ੍ਹਾ ਬਠਿੰਡਾ ਨੂੰ ਆਈਲੈਟਸ, ਦਾ ਲਾਇਸੰਸ ਨੰਬਰ 219/ਐਮ.ਏ.2/ਐਮ.ਸੀ. 6 ਮਿਤੀ 10-10-2022 ਜਾਰੀ ਕੀਤਾ ਗਿਆ ਸੀ, ਜਿਸ ਦੀ ਮਿਆਦ 09-10-2027 ਤੱਕ ਹੈ।

ਜਾਰੀ ਹੁਕਮ ਮੁਤਾਬਿਕ M/s The Leaf lelts & Immigration, #1061 Phase-4 Green City Bathinda ਦੇ ਨਾਮ 'ਤੇ ਸ੍ਰੀ ਸਾਗਰ ਸਿੰਗਲਾ ਪੁੱਤਰ ਸ੍ਰੀ ਮਨੋਜ ਕੁਮਾਰ ਵਾਸੀ ਮਕਾਨ ਨੰਬਰ 1061 ਫੇਜ-4 ਗਰੀਨ ਸਿਟੀ ਬਠਿੰਡਾ ਨੂੰ ਆਈਲੈਟਸ, ਕੰਸਲਟੈਂਸੀ ਅਤੇ ਟਿਕਟਿੰਗ ਏਜੰਟ ਦਾ ਲਾਇਸੰਸ ਨੰਬਰ 315/ਐਮ.ਏ.2/ਐਮ.ਸੀ. 6 ਮਿਤੀ 03-09-2023 ਜਾਰੀ ਕੀਤਾ ਗਿਆ ਸੀ, ਜਿਸ ਦੀ ਮਿਆਦ 02-09-2028 ਤੱਕ ਹੈ।

ਹੁਕਮ ਅਨੁਸਾਰ ਪ੍ਰਾਰਥੀਆਂ ਵਲੋਂ ਲਿਖ ਕੇ ਦਿੱਤਾ ਗਿਆ ਹੈ ਉਨ੍ਹਾਂ ਨੇ ਆਪਣਾ ਇੰਸਟੀਚਿਊਟ ਬੰਦ ਕਰ ਦਿੱਤਾ ਹੈ ਅਤੇ ਇਹ ਕੰਮ ਨਹੀਂ ਕਰਨਾ ਚਾਹੁੰਦੇ। ਇਸ ਲਈ ਲਾਇਸੰਸ ਰੱਦ ਕਰ ਦਿੱਤਾ ਜਾਵੇ।

ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ ਤਹਿਤ ਬਣੇ ਰੂਲਜ਼ ਦੇ ਸੈਕਸ਼ਨ 8 (1) ਵਿੱਚ ਉਪਬੰਧ ਕੀਤਾ ਗਿਆ ਹੈ ਕਿ ਟਰੈਵਲ ਏਜੰਟ ਆਪਣਾ ਲਾਇਸੰਸ ਜਾਰੀ ਹੋਣ ਤੋਂ ਬਾਅਦ ਕਿਸੇ ਵੀ ਸਮੇਂ ਸਮਰੱਥ ਅਥਾਰਟੀ ਨੂੰ ਦੋ ਮਹੀਨਿਆਂ ਦਾ ਨੋਟਿਸ ਦੇ ਕੇ ਸਪੁਰਦ ਕਰ ਸਕਦਾ ਹੈ ਅਤੇ ਨੋਟਿਸ ਦੀ ਮਿਆਦ ਖਤਮ ਹੋਣ ਤੇ ਲਾਇਸੰਸ ਨੂੰ ਰੱਦ ਕਰ ਦਿੱਤਾ ਗਿਆ ਮੰਨਿਆ ਜਾਵੇਗਾ।

ਇਸ ਲਈ ਉਕਤ ਪ੍ਰਸਥਿਤੀਆਂ ਦੇ ਮੱਦੇਨਜ਼ਰ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਦੇ ਸੈਕਸ਼ਨ 8 (1) ਦੇ ਤਹਿਤ ਤੁਰੰਤ ਪ੍ਰਭਾਵ ਤੋਂ ਰੱਦ ਕੀਤੇ ਜਾਂਦੇ ਹਨ। ਇਸ ਤੋਂ ਇਲਾਵਾ ਇਸ ਫਰਮ ਜਾਂ ਸਬੰਧਤ ਖਿਲਾਫ ਕੋਈ ਸ਼ਿਕਾਇਤ ਹੋਵੇਗੀ ਤਾਂ ਉਹ ਖੁਦ ਇਸ ਦਾ ਜਿੰਮੇਵਾਰ ਹੋਵੇਗਾ।

# ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਇਟਲੀ ਦੇ ਸ਼ਹਿਰ ਗੋਨਜ਼ਾਗਾ ਵਿਖੇ ਕਰਵਾਇਆ ਸਮਾਗਮ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com



ਮਿਲਾਨ (ਦਲਜੀਤ ਮੱਕੜ) ਇਟਲੀ ਵਿੱਚ ਖ਼ਾਲਸਾ ਸਾਜਨਾ ਦਿਵਸ ਨੂੰ ਮਨਾਉਂਦਿਆ ਵੱਖ-ਵੱਖ ਸਮਾਗਮ ਕਰਵਾਏ ਜਾ ਰਹੇ ਹਨ। ਇਹਨਾਂ ਸਮਾਗਮਾਂ ਦੀ ਲੜੀ ਤਹਿਤ ਇਟਲੀ ਦੇ ਸ਼ਹਿਰ ਗੋਨਜ਼ਾਗਾ ਦੀਆਂ ਸਿੱਖ ਸੰਗਤਾਂ ਵੱਲੋਂ ਸਲਾਨਾ ਸਮਾਗਮ ਕਰਵਾਇਆ ਗਿਆ। ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਨਾਲ ਸਮਾਗਮ ਦੀ ਅਰੰਭਤਾ ਹੋਈ।

ਪਾਠ ਉਪਰੰਤ ਪੰਥ ਪ੍ਰਸਿੱਧ ਢਾਡੀ ਜਥਾ ਭਾਈ ਗੁਰਪ੍ਰੀਤ ਸਿੰਘ ਲਾਂਡਰਾਂ ਵਾਲੇ ਅਤੇ ਸਾਥੀਆਂ ਵੱਲੋਂ ਸੰਗਤਾਂ ਨੂੰ ਸਿੱਖ ਇਤਿਹਾਸ ਸੁਣਾ ਕੇ ਹਾਜ਼ਰੀ ਲਵਾਈ ਗਈ। ਸਮਾਗਮ ਵਿੱਚ ਹਾਜ਼ਰੀ ਭਰਨ ਲਈ ਸ਼ਹਿਰ ਗੋਨਜ਼ਾਗਾ ਦੀ ਮੇਅਰ ਅਲੀਸਾਬੇਤਾ ਗਲੀਓਤੀ ਅਤੇ ਸ਼ਹਿਰ ਗੋਨਜ਼ਾਗਾ ਦੀ ਪੁਲਿਸ ਦੇ ਉੱਚ ਅਧਿਕਾਰੀ ਸ਼ਾਮਲ ਹੋਏ। ਜਿਨ੍ਹਾਂ ਦਾ ਗੋਨਜ਼ਾਗਾ ਦੀਆਂ ਸੰਗਤਾਂ ਵੱਲੋਂ ਯਾਦਗਾਰੀ ਚਿੰਨ ਦੇ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ।

ਸੰਗਤਾਂ ਲਈ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਸੰਗਤਾਂ ਲਈ ਵੱਖੋ-ਵੱਖਰੇ ਸਟਾਲ ਲਗਾਏ ਗਏ। ਕਲਤੂਰਾ ਸਿੱਖ ਇਟਲੀ ਵੱਲੋਂ ਸਿੱਖ ਇਤਿਹਾਸ ਨਾਲ ਸੰਬੰਧਤ ਕਿਤਾਬਾਂ ਦੇ ਸਟਾਲ ਅਤੇ ਸਮਾਗਮਾਂ ਦੀ ਲਾਈਵ ਕਵਰੇਜ ਕੀਤੀ ਗਈ। ਸਮਾਗਮਾਂ ਵਿੱਚ ਗੁਰਦੁਆਰਾ ਸਿੰਘ ਸਭਾ ਨੋਵੇਲਾਰਾ, ਗੁਰਦੁਆਰਾ ਸਾਹਿਬ ਕਰੇਜੋ, ਗੁਰਦੁਆਰਾ ਸਾਹਿਬ ਸੁਜ਼ਾਰਾ ,ਪੇਗੋਨਾਗਾ ਮੰਦਿਰ ਤੋਂ ਕਮੇਟੀ ਮੈਂਬਰਾਂ ਨੇ ਹਾਜ਼ਰੀ ਲਗਵਾਈ।

ਕਲਤੂਰਾ ਸਿੱਖ ਇਟਲੀ ਵੱਲੋਂ ਗੁਰਦੇਵ ਸਿੰਘ ਪਾਰਮਾ ਵੱਲੋਂ ਸਿੱਖ ਇਤਿਹਾਸ ਸੰਬੰਧੀ ਕਿਤਾਬਾਂ ਦੀ ਸਟਾਲ ਲਗਾਈ ਗਈ। ਮਿਸਲ ਸ਼ਹੀਦਾਂ ਗੱਤਕਾ ਅਕੈਡਮੀ ਸੁਜ਼ਾਰਾ ਵੱਲੋਂ ਗਤਕੇ ਦੇ ਜੌਹਰ ਦਿਖਾਏ ਗਏ। ਗੋਨਜ਼ਾਗਾ ਦੀਆਂ ਸੰਗਤਾਂ ਵੱਲੋਂ ਸਮੂਹ ਸੇਵਾਦਾਰਾਂ ਦਾ ਅਤੇ ਵੱਖ-ਵੱਖ ਥਾਵਾਂ ਤੋਂ ਪਹੁੰਚੀਆਂ ਸੰਗਤਾਂ ਦਾ ਸਮਾਗਮਾਂ ਵਿੱਚ ਹਾਜ਼ਰੀ ਭਰਨ ਲਈ ਧੰਨਵਾਦ ਕੀਤਾ ਗਿਆ ਅਤੇ ਸੰਗਤਾਂ ਨੂੰ ਖ਼ਾਲਸਾ ਸਾਜਨਾ ਦਿਵਸ ਮੌਕੇ ਕਰਵਾਏ ਸਮਾਗਮ ਦੀ ਵਧਾਈ ਦਿੱਤੀ। ਉਹਨਾਂ ਕਿਹਾ ਕਿ ਇੰਨਾ ਵੱਡਾ ਕਾਰਜ ਸਭ ਦੇ ਸਹਿਯੋਗ ਨਾਲ ਹੀ ਸਫ਼ਲ ਹੋਇਆ।

# 26 ਰਾਫ਼ੇਲ ਜੈੱਟਸ ਦੀ ਖਰੀਦ ਸਬੰਧੀ ਭਾਰਤ ਅਤੇ ਫਰਾਂਸ ਵੱਲੋਂ ਸਮਝੌਤੇ 'ਤੇ ਦਸਤਖ਼ਤ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com

ਭਾਰਤ ਅਤੇ ਫਰਾਂਸ ਨੇ ਸੋਮਵਾਰ ਨੂੰ ਭਾਰਤੀ ਜਲ ਸੈਨਾ ਲਈ ਲਗਭਗ 64,000 ਕਰੋੜ ਰੁਪਏ ਦੀ ਲਾਗਤ ਨਾਲ ਰਾਫ਼ੇਲ ਲੜਾਕੂ ਜਹਾਜ਼ਾਂ ਦੇ 26 ਨੇਵਲ ਰੂਪਾਂ ਨੂੰ ਖਰੀਦਣ ਲਈ ਇੱਕ ਅੰਤਰ-ਸਰਕਾਰੀ ਸਮਝੌਤੇ 'ਤੇ ਦਸਤਖ਼ਤ ਕੀਤੇ ਹਨ। ਇਸ ਸਮਝੌਤੇ 'ਤੇ ਇਕ ਵਰਚੁਅਲ ਸਮਾਗਮ ਵਿਚ ਮੋਹਰ ਲਗਾਈ ਗਈ। ਭਾਰਤ ਜਹਾਜ਼ ਵਾਹਕ ਆਈਐਨਐਸ ਵਿਕਰਾਂਤ 'ਤੇ ਤਾਇਨਾਤੀ ਲਈ ਫਰਾਂਸੀਸੀ ਰੱਖਿਆ ਪ੍ਰਮੁੱਖ ਡਸਾਲਟ ਏਵੀਏਸ਼ਨ ਤੋਂ ਜੈੱਟ ਖਰੀਦ ਰਿਹਾ ਹੈ।

ਰੱਖਿਆ ਮੰਤਰੀ ਰਾਜਨਾਥ ਸਿੰਘ ਦਸਤਖ਼ਤ ਸਮਾਰੋਹ ਵਿੱਚ ਮੌਜੂਦ ਸਨ। ਇਸ ਵੱਡੇ ਸੌਦੇ 'ਤੇ ਮੋਹਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸੁਰੱਖਿਆ ਬਾਰੇ ਕੈਬਨਿਟ ਕਮੇਟੀ (ਸੀਸੀਐੱਸ) ਵੱਲੋਂ ਖਰੀਦ ਨੂੰ ਮਨਜ਼ੂਰੀ ਦੇਣ ਤੋਂ ਤਿੰਨ ਹਫ਼ਤੇ ਬਾਅਦ ਆਈ। ਸੰਦਰਭ ਦੀਆਂ ਸ਼ਰਤਾਂ ਦੇ ਤਹਿਤ, ਜੈੱਟਾਂ ਦੀ ਸਪੁਰਦਗੀ ਇਕਰਾਰਨਾਮੇ 'ਤੇ ਦਸਤਖ਼ਤ ਕਰਨ ਤੋਂ ਲਗਭਗ ਪੰਜ ਸਾਲ ਬਾਅਦ ਸ਼ੁਰੂ ਹੋਣੀ ਚਾਹੀਦੀ ਹੈ। ਇਸ ਸੌਦੇ ਦੇ ਤਹਿਤ ਭਾਰਤੀ ਜਲ ਸੈਨਾ ਨੂੰ ਰਾਫ਼ੇਲ (ਮਰੀਨ) ਜੈੱਟਾਂ ਦੇ ਨਿਰਮਾਤਾ,



ਦਸੌਲਟ ਐਵੀਏਸ਼ਨ ਤੋਂ ਹਥਿਆਰ ਪ੍ਰਣਾਲੀਆਂ ਅਤੇ ਪੁਰਜ਼ਿਆਂ ਸਮੇਤ ਸੰਬੰਧਿਤ ਸਹਾਇਕ ਉਪਕਰਣ ਵੀ ਮਿਲਣਗੇ। -ਪੀਟੀਆਈ

# ਚੀਨ ਨੇ ਪਹਿਲਗਾਮ ਹਮਲੇ ਦੀ 'ਤੁਰੰਤ ਅਤੇ ਨਿਰਪੱਖ ਜਾਂਚ' ਦੀ ਮੰਗ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com

ਪੇਈਚਿੰਗ, 28 ਅਪਰੈਲ

ਚੀਨ ਨੇ ਆਪਣੇ ਮਿੱਤਰ ਮੁਲਕ ਪਾਕਿਸਤਾਨ ਦੀ ਪ੍ਰਭੂਸੱਤਾ ਅਤੇ ਸੁਰੱਖਿਆ ਹਿੱਤਾਂ ਦੀ ਰੱਖਿਆ ਲਈ ਆਪਣਾ ਸਮਰਥਨ ਪ੍ਰਗਟਾਉਂਦਿਆਂ ਪਹਿਲਗਾਮ ਦਹਿਸ਼ਤੀ ਹਮਲੇ ਦੀ 'ਤੁਰੰਤ ਅਤੇ ਨਿਰਪੱਖ ਜਾਂਚ' ਦੀ ਮੰਗ ਕੀਤੀ ਹੈ।

ਚੀਨ ਦੀ ਸਰਕਾਰੀ ਨਿਊਜ਼ ਏਜੰਸੀ 'ਸ਼ਿਨਹੁਆ' ਅਨੁਸਾਰ Chinese Foreign Minister Wang Yi ਚੀਨੀ ਵਿਦੇਸ਼ ਮੰਤਰੀ ਵਾਂਗ ਯੀ ਨੇ ਐਤਵਾਰ ਨੂੰ ਪਾਕਿਸਤਾਨ ਦੇ ਉਪ ਪ੍ਰਧਾਨ ਮੰਤਰੀ ਅਤੇ ਵਿਦੇਸ਼ ਮੰਤਰੀ ਇਸਹਾਕ ਡਾਰ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ।

ਖ਼ਬਰ ਏਜੰਸੀ ਨੇ ਆਪਣੀ ਰਿਪੋਰਟ 'ਚ ਕਿਹਾ ਹੈ ਕਿ ਡਾਰ ਨੇ ਵਾਂਗ (ਜੋ ਚੀਨ ਦੀ ਕਮਿਊਨਿਸਟ ਪਾਰਟੀ (ਸੀਪੀਸੀ) ਦੀ ਕੇਂਦਰੀ ਕਮੇਟੀ ਦੇ ਰਾਜਨੀਤਕ ਬਿਊਰੋ ਦੇ ਮੈਂਬਰ ਵੀ ਹਨ) ਨੂੰ 'ਕਸ਼ਮੀਰ ਖੇਤਰ ਵਿੱਚ ਹੋਏ ਅਤਿਵਾਦੀ ਹਮਲੇ ਤੋਂ ਬਾਅਦ' ਪਾਕਿਸਤਾਨ ਅਤੇ ਭਾਰਤ ਵਿਚਕਾਰ ਵਧੇ ਹੋਏ ਤਣਾਅ ਬਾਰੇ ਜਾਣਕਾਰੀ ਦਿੱਤੀ। ਵਾਂਗ ਨੇ ਕਿਹਾ ਕਿ ਚੀਨ ਘਟਨਾਕ੍ਰਮ 'ਤੇ ਨੇੜਿਓਂ ਨਜ਼ਰ ਰੱਖ ਰਿਹਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਤਿਵਾਦ ਦਾ ਮੁਕਾਬਲਾ ਕਰਨਾ ਪੂਰੀ ਦੁਨੀਆ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਅਤਿਵਾਦ ਵਿਰੁੱਧ ਪਾਕਿਸਤਾਨ ਦੇ ਯਤਨਾਂ ਪ੍ਰਤੀ ਚੀਨ ਦੇ ਨਿਰੰਤਰ ਸਮਰਥਨ ਦੀ ਪੁਸ਼ਟੀ ਕੀਤੀ।

ਰਿਪੋਰਟ ਵਿੱਚ ਵਾਂਗ ਦੇ ਹਵਾਲੇ ਨਾਲ ਕਿਹਾ ਗਿਆ ਹੈ, ''ਇੱਕ ਮਜ਼ਬੂਤ ਦੋਸਤ ਅਤੇ ਹਰ ਹਾਲਾਤ ਵਿੱਚ ਰਣਨੀਤਕ ਭਾਈਵਾਲ ਹੋਣ ਦੇ ਨਾਤੇ ਚੀਨ, ਪਾਕਿਸਤਾਨ ਦੇ ਜਾਇਜ਼ ਸੁਰੱਖਿਆ ਫਿਕਰਾਂ ਨੂੰ ਪੂਰੀ ਤਰ੍ਹਾਂ ਸਮਝਦਾ ਹੈ ਅਤੇ ਪਾਕਿਸਤਾਨ ਦੀ ਪ੍ਰਭੂਸੱਤਾ ਅਤੇ ਸੁਰੱਖਿਆ ਹਿੱਤਾਂ ਦੀ ਰਾਖੀ ਹਿੱਤ ਉਸ ਦਾ ਸਮਰਥਨ ਕਰਦਾ ਹੈ।''

Wang Yi ਨੇ ਕਿਹਾ, ''ਚੀਨ ਤੁਰੰਤ ਅਤੇ ਨਿਰਪੱਖ ਜਾਂਚ ਦੀ ਵਕਾਲਤ



ਕਰਦਾ ਹੈ ਅਤੇ ਮੰਨਦਾ ਹੈ ਕਿ ਇਹ ਟਕਰਾਅ ਭਾਰਤ ਜਾਂ ਪਾਕਿਸਤਾਨ ਦੇ ਬੁਨਿਆਦੀ ਹਿੱਤਾਂ ਦੀ ਪੂਰਤੀ ਨਹੀਂ ਕਰਦਾ, ਅਤੇ ਖੇਤਰੀ ਸ਼ਾਂਤੀ ਅਤੇ ਸਥਿਰਤਾ ਲਈ ਅਨੁਕੂਲ ਨਹੀਂ ਹੈ।'' ਉਨ੍ਹਾਂ ਨੇ ਕਿਹਾ, ਚੀਨ ਨੂੰ ਉਮੀਦ ਹੈ ਕਿ ਦੋਵੇਂ ਧਿਰਾਂ ਸੰਜਮ ਵਰਤਣਗੀਆਂ ਅਤੇ ਤਣਾਅ ਨੂੰ ਘੱਟ ਕਰਨ ਲਈ ਮਿਲ ਕੇ ਕੰਮ ਕਰਨਗੀਆਂ।'' ਪੀਟੀਆਈ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਅਪਰੈਲ
INTERNATIONAL PAPER, 9463601616
hardipchumber57@gmail.com

# ਸਾਡੀ ਆਜ਼ਾਦੀ ਦੀ ਲੜਾਈ ਹਾਲੇ ਬਾਕੀ ਹੈ- ਬਾਬਾ ਸਾਹਿਬ

ਬਾਬਾ ਸਾਹਿਬ ਕਹਿੰਦੇ ਹਨ

ਇੰਜੀ. ਹਰਦੀਪ ਸਿੰਘ ਚੁੰਬਰ

**1935 ਦੇ ਐਕਟ ਦੇ ਲਾਗੂ ਹੋਣ ਤੋਂ ਬਾਅਦ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਨੇ 1937 ਵਿੱਚ ਭਾਰਤ ਦੇ ਅੱਧੇ ਰਾਜਾਂ ਵਿੱਚ ਸਰਕਾਰਾਂ ਬਣਾਈਆਂ ਅਤੇ ਚਤਰਵਰਨ ਦੇ ਹਿੰਦੂ ਲੋਕਾਂ ਨੇ 7 ਰਾਜਾਂ ਦੇ ਬ੍ਰਾਹਮਣ ਮੁੱਖ ਮੰਤਰੀ ਬਣਾਏ ਅਤੇ ਮੰਤਰੀ, ਵਿਧਾਇਕ ਬਣੇ ਅਤੇ ਸੰਸਦ ਮੈਂਬਰ ਆਦਿ ਵੀ ਬਣਨ ਲੱਗੇ। ਹੁਣ ਸ਼ਾਸਨ, ਪ੍ਰਸ਼ਾਸਨ ਦਾ ਪ੍ਰਬੰਧ ਭਾਰਤ ਚਤਰਵਰਨ ਦੇ ਲੋਕਾਂ ਦੇ ਹੱਥਾਂ ਵਿੱਚ ਸੀ, ਫਿਰ ਵੀ ਇਹ ਲੋਕ ਆਪਣੇ ਆਪ ਨੂੰ ਅੰਗਰੇਜ਼ਾਂ ਦਾ ਗੁਲਾਮ ਮੰਨਦੇ ਸਨ। 1947 ਵਿੱਚ ਸੱਤਾ ਬਦਲਣ ਤੋਂ ਬਾਅਦ, ਅਨੁਸੂਚਿਤ ਵਰਗ ਨੂੰ ਲਗਭਗ ਉਹ ਜਿਹੇ ਅਧਿਕਾਰਾਂ ਦੀ ਪ੍ਰਾਪਤੀ ਦਾ ਕੁੱਝ ਲਾਭ ਹੋਇਆ ਜਿਹੇ ਜਿਹਾ ਲਾਭ ਬ੍ਰਿਟਿਸ਼ ਸ਼ਾਸਨ ਕਾਲ ਦੌਰਾਨ ਚਤਰਵਰਨ ਦੇ ਹਿੰਦੂ ਲੋਕਾਂ ਨੂੰ ਹਾਸਲ ਹੋਇਆ ਸੀ। ਮੌਜੂਦਾ ਸਮੇਂ ਵੀ ਅਨੁਸੂਚਿਤ ਵਰਗ ਦੇ ਲੋਕ ਮੁੱਖ ਮੰਤਰੀ, ਮੰਤਰੀ, ਵਿਧਾਇਕ, ਸੰਸਦ ਮੈਂਬਰ ਬਣ ਜਾਂਦੇ ਹਨ, ਪਰ ਉਹ ਸਮਾਨਤਾ ਦੇ ਅਧਿਕਾਰਾਂ ਤੋਂ ਵਾਂਝੇ ਵਰਗ ਨੂੰ ਬਣਦਾ ਹੱਕ ਦਿਵਾਉਣ ਦੇ ਲਈ ਕੁੱਝ ਵੀ ਨਹੀਂ ਕਰ ਸਕਦੇ।**

### ਕਲ੍ਹ ਦਾ ਬਾਕੀ ਭਾਗ

ਦੁਨੀਆਂ ਦੇ ਕੁਝ ਲੋਕ ਡਰਪੋਕ ਹਨ। ਮਨੁੱਖ ਨੂੰ ਇਕੱਲੇ ਚੱਲਣ ਦੀ ਹਿੰਮਤ ਦਿਖਾਉਣੀ ਪੈਂਦੀ ਹੈ। ਮੈਂ ਇਕੱਲੇ ਚੱਲਣ ਦੀ ਹਿੰਮਤ ਕਰਦਾ ਹਾਂ। (ਤਾੜੀਆਂ) ਭਾਵੇਂ ਮੇਰੇ ਪਿੱਛੇ ਹਜ਼ਾਰਾਂ ਲੋਕ ਹੋਣ, ਮੈਨੂੰ ਉਨ੍ਹਾਂ ਦੀ ਕੋਈ ਪਰਵਾਹ ਨਹੀਂ ਹੈ। ਜਾਂ ਮੈਂ ਉਨ੍ਹਾਂ ਬਾਰੇ ਬੇਲੋੜੀ ਚਿੰਤਾ ਨਹੀਂ ਕਰਦਾ।

ਇੱਕ ਡਾਕਟਰ ਪਿਕਵਿਕ ਅਤੇ ਉਸਦੇ ਚਾਰ ਦੋਸਤ



ਸਨ। ਉਸਨੇ ਆਪਣੇ ਦੋਸਤਾਂ ਨੂੰ ਕਿਹਾ, ਮੈਂ ਤੁਹਾਨੂੰ ਇੱਕ ਮੇਲਾ ਦਿਖਾਵਾਂਗਾ। ਉਹ ਆਪਣੇ ਦੋਸਤਾਂ ਨਾਲ ਇੱਕ ਪਿੰਡ ਗਿਆ। ਉੱਥੇ ਉਨ੍ਹਾਂ ਨੇ ਦੋ-ਤਿੰਨ ਕਮਰੇ ਕਿਰਾਏ 'ਤੇ ਲਏ। ਉਸ ਪਿੰਡ ਵਿੱਚ ਚੋਣਾਂ ਸਨ। ਡਾਕਟਰ ਪਿਕਵਿਕ ਦੀ ਕੰਪਨੀ ਦੇ ਸੈਮ ਵੇਲਰ ਨਾਮ ਦੇ ਇੱਕ ਮੁੰਡੇ ਨੂੰ ਉਸਦੀ ਸੇਵਾ ਲਈ ਉਸਦੇ ਨਾਲ ਰੱਖਿਆ ਗਿਆ ਸੀ। ਉਸਨੇ ਚੋਣਾਂ ਦੀ ਰੌਣਕ ਦੇਖਣ ਲਈ ਉਸ ਕਮਰੇ ਵਿੱਚੋਂ ਬਾਹਰ ਦੇਖਣ ਦੀ ਕੋਸ਼ਿਸ਼ ਕੀਤੀ। ਉਹ ਦਰਵਾਜ਼ਾ ਖੋਲ੍ਹਣ ਅਤੇ ਬੰਦ ਕਰਨਾ ਸ਼ੁਰੂ ਕਰ ਦਿੱਤਾ। ਡਰਪੋਕ ਡਾਕਟਰ ਪਿਕਵਿਕ ਨੇ ਉਸਨੂੰ ਪੁੱਛਿਆ ਕਿ ਤੁਸੀਂ ਇੱਥੇ ਕੀ ਕਰ ਰਹੇ ਹੋ? ਉਸਨੇ ਜਵਾਬ ਦਿੱਤਾ, 'ਸਰ, ਉੱਥੇ ਬਹੁਤ ਵੱਡੀ ਭੀੜ ਇਕੱਠੀ ਹੋ ਗਈ ਹੈ।' ਸੈਮ ਵੈਲਰ ਨੇ ਬਾਹਰ ਨਿਕਲਣ ਦੀ ਕੋਸ਼ਿਸ਼ ਕੀਤੀ। ਫਿਰ ਡਾਕਟਰ ਨੇ ਉਸਨੂੰ ਚੇਤਾਵਨੀ ਦਿੱਤੀ, 'ਵੱਡੀ ਭੀੜ ਦੇ ਨਾਲ ਜਾਣਾ। ਛੋਟੀ ਵੱਡੀ ਭੀੜ ਦੇ ਨਾਲ ਨਾ ਜਾਣਾ।' ਫਿਰ ਉਸਨੇ ਉਸਨੂੰ ਇੱਕ ਵਾਰ ਫਿਰ ਕਿਹਾ - 'ਜਿੱਥੇ ਵੀ ਇਹ ਵੱਡੀ ਭੀੜ ਜਾਂਦੀ ਹੈ ਉੱਥੇ ਜਾਓ, ਜਾਂ ਉਨ੍ਹਾਂ ਦਾ ਪਿੱਛਾ ਕਰੋ।'

ਪਰ ਮੈਂ ਤੁਹਾਨੂੰ ਸਿਰਫ਼ ਇਹੀ ਕਹਿਣਾ ਚਾਹੁੰਦਾ ਹਾਂ ਕਿ ਇੰਨੀ ਵੱਡੀ ਭੀੜ ਦੇ ਪਿੱਛੇ ਨਾ ਲੱਗੋ।

ਮਿਲਿੰਦ ਮਹਾਂਵਿਦਿਆਲਿਆ ਦੇ ਹਰ ਵਿਦਿਆਰਥੀ ਨੂੰ ਆਪਣਾ ਚਰਿੱਤਰ ਇਨ੍ਹਾਂ ਪੰਜ ਤੱਤਾਂ - ਗਿਆਨ, ਪ੍ਰਗਿਆ (ਸੱਚ-ਝੂਠ ਜਾਣਨ ਦੀ ਸਮਝ), ਦਇਆ, ਚਰਿੱਤਰ ਅਤੇ ਦੋਸਤੀ ਦੇ ਅਨੁਸਾਰ ਬਣਾਉਣਾ ਹੋਵੇਗਾ। ਭਾਵੇਂ ਇਸ ਰਸਤੇ 'ਤੇ ਇਕੱਲੇ ਜਾਣਾ ਪਵੇ, ਪਰ ਸਬਰ ਅਤੇ ਸ਼ਰਧਾ ਬਣਾਈ ਰੱਖਣੀ ਪਵੇਗੀ। ਉਸ ਰਸਤੇ 'ਤੇ ਅੱਗੇ ਵਧਣਾ ਚਾਹੀਦਾ ਹੈ ਜੋ ਆਪਣੇ ਆਪ ਨੂੰ ਸਹੀ ਲੱਗਦਾ ਹੈ, ਉਸ ਬੁੱਧੀ ਨੂੰ ਛੱਡ ਕੇ ਜੋ ਦੂਜਿਆਂ ਦੀ ਬੁੱਧੀ 'ਤੇ ਅਧਾਰਤ ਹੈ ਜਿਵੇਂ ਕਿ 'ਮਹਾਜਨੋ ਯੇਨ ਗਤਹ ਸਪੰਥਹ'।

### ਮਰਾਠਵਾੜਾ ਦੇ ਵਿਕਾਸ ਲਈ, ਇਹ ਉਚਿਤ ਹੋਵੇਗਾ ਕਿ ਮਰਾਠਵਾੜਾ ਸੁਤੰਤਰ ਹੋ ਜਾਵੇ।

ਮਿਲਿੰਦ ਮਹਾਂਵਿਦਿਆਲਿਆ, ਔਰੰਗਾਬਾਦ ਦੇ ਸਾਲਾਨਾ ਸਮਾਗਮ ਦੇ ਮੌਕੇ 'ਤੇ, ਡਾ. ਬਾਬਾ ਸਾਹਿਬ ਅੰਬੇਡਕਰ ਨੇ 21 ਦਸੰਬਰ 1955 ਨੂੰ ਸਭਾਪਤੀ ਵਜੋਂ ਭਾਸ਼ਣ ਦਿੱਤਾ। ਉਨ੍ਹਾਂ ਕਿਹਾ -

ਭੈਣੋਂ ਅਤੇ ਭਰਾਵੋ,

ਮੁੰਬਈ ਸ਼ਹਿਰ ਦੇ ਉਦਯੋਗਿਕ ਖੇਤਰ ਵਿੱਚ ਜ਼ਿਆਦਾਤਰ ਕਾਮੇ ਅਤੇ ਲਗਭਗ ਸਾਰੀਆਂ ਅਦਾਲਤਾਂ ਦੇ ਕਰਮਚਾਰੀ ਮਹਾਰਾਸ਼ਟਰੀਅਨ ਹਨ ਅਤੇ ਉਹ ਸ਼ਹਿਰ ਦੇ ਵਿਕਾਸ ਲਈ ਨਿਰੰਤਰ ਕੰਮ ਕਰਦੇ ਹਨ।

ਮਿੱਲ ਮਜ਼ਦੂਰਾਂ ਵਜੋਂ ਕੰਮ ਕਰਨ ਵਾਲਿਆਂ ਅਤੇ ਅਦਾਲਤਾਂ ਵਿੱਚ ਕੰਮ ਕਰਨ ਵਾਲਿਆਂ ਵਿੱਚ ਪਾਰਸੀਆਂ ਦੀ ਗਿਣਤੀ ਬਹੁਤ ਘੱਟ ਹੈ। ਮੇਰਾ ਇਹ ਪੱਕਾ ਵਿਚਾਰ ਹੈ ਕਿ ਮੁੰਬਈ ਸ਼ਹਿਰ ਦਾ ਵਿਕਾਸ ਮਹਾਰਾਸ਼ਟਰੀਆਂ ਤੋਂ ਬਿਨਾਂ ਸੰਭਵ ਨਹੀਂ ਹੈ।

ਮੇਰੀ ਕਲਪਨਾ ਵਿੱਚ, ਮਹਾਰਾਸ਼ਟਰ ਤਿੰਨ ਹਿੱਸਿਆਂ ਦਾ ਰਾਜ ਹੈ - ਪੱਛਮੀ ਮਹਾਰਾਸ਼ਟਰ, ਮੱਧ ਮਹਾਰਾਸ਼ਟਰ ਅਤੇ ਪੂਰਬੀ ਮਹਾਰਾਸ਼ਟਰ ਅਤੇ ਮੁੰਬਈ, ਔਰੰਗਾਬਾਦ ਅਤੇ ਨਾਗਪੁਰ ਇਸ ਕ੍ਰਮ ਵਿੱਚ ਇਨ੍ਹਾਂ ਹਿੱਸਿਆਂ ਦੀਆਂ ਰਾਜਧਾਨੀਆਂ ਹੋਣੀਆਂ ਚਾਹੀਦੀਆਂ ਹਨ। ਪੂਰਬੀ ਮਹਾਰਾਸ਼ਟਰ, ਭਾਵ ਰਾਜ ਪੁਨਰ ਨਿਰਮਾਣ ਨਿਗਮ ਦੁਆਰਾ ਸੁਝਾਏ ਗਏ ਵਿਦਰਭ ਦੇ ਹਿੱਸੇ ਵਿੱਚ ਨਾਗਪੁਰ, ਭੰਡਾਰਾ, ਵਰਧਾ, ਯਵਤਮਾਲ, ਅਕੋਲਾ, ਅਮਰਾਵਤੀ, ਬੁਲਢਾਣਾ ਅਤੇ ਚੰਦਾ ਜ਼ਿਲ੍ਹੇ ਸ਼ਾਮਲ ਹੋਣਗੇ। ਮੱਧ ਮਹਾਰਾਸ਼ਟਰ ਵਿੱਚ ਮਰਾਠਵਾੜਾ ਦੇ ਪੰਜ ਜ਼ਿਲ੍ਹੇ - ਔਰੰਗਾਬਾਦ, ਪਰਭਾਣੀ, ਨੰਦੇੜ, ਬੀਡ ਅਤੇ ਉਸਮਾਨਾਬਾਦ ਦੇ ਨਾਲ-ਨਾਲ ਨਾਸਿਕ, ਡਾਂਗ, ਅਹਿਮਦਨਗਰ, ਪੂਰਬੀ ਅਤੇ ਪੱਛਮੀ ਖੰਡੇਸ਼, ਸੋਲਾਪੁਰ ਜ਼ਿਲ੍ਹੇ ਵਿੱਚ ਕਰਨਾਟਕ ਨਾਲ ਲੱਗਦੇ ਮਰਾਠੀ ਖੇਤਰ ਅਤੇ ਬਾਕੀ ਹਿੱਸਾ ਪੱਛਮੀ ਮਹਾਰਾਸ਼ਟਰ ਨੂੰ ਜਾਵੇਗਾ। ਇਸ ਵਿੱਚ ਠਾਣੇ, ਕੋਲਾਬਾ, ਰਤਨਾਗਿਰੀ, ਪੁਣੇ, ਉੱਤਰੀ ਅਤੇ ਦੱਖਣੀ ਸਤਾਰਾ, ਕੋਲਹਾਪੁਰ, ਬੇਲਗਾਮ ਅਤੇ ਕਰਵਾਰ ਜ਼ਿਲ੍ਹੇ ਸ਼ਾਮਲ ਹੋਣੇ ਚਾਹੀਦੇ ਹਨ।

ਇਹ ਤਿੰਨ ਹਿੱਸੇ ਆਰਥਿਕ ਅਤੇ ਸੱਭਿਆਚਾਰਕ ਖੇਤਰਾਂ ਵਿੱਚ ਕੁਸ਼ਲ ਹੋਣਗੇ ਅਤੇ ਇਸ ਤਰ੍ਹਾਂ ਦੇ ਸੰਗਠਨ ਨਾਲ, ਉਸ ਖੇਤਰ ਦੇ ਲੋਕਾਂ ਦੀਆਂ ਇੱਛਾਵਾਂ ਵੀ ਪੂਰੀਆਂ ਹੋਣਗੀਆਂ।

ਮੇਰੇ ਵਿਚਾਰ ਵਿੱਚ ਸੰਯੁਕਤ ਮਹਾਰਾਸ਼ਟਰ ਦੀ ਮੰਗ ਅਣਉਚਿਤ ਹੈ। ਕਿਉਂਕਿ, ਇੱਕ ਸੰਯੁਕਤ ਮਹਾਰਾਸ਼ਟਰ ਵਿੱਚ, ਮਰਾਠਵਾੜਾ ਵਰਗੇ ਜ਼ਿਲ੍ਹਿਆਂ ਦੇ ਪਛੜੇ ਲੋਕ ਤਰੱਕੀ ਨਹੀਂ ਕਰ ਸਕਦੇ। ਇਸ ਕਾਰਨ, ਸੰਯੁਕਤ ਮਹਾਰਾਸ਼ਟਰ ਵਿੱਚ ਹਫੜਾ-ਦਫੜੀ ਦੀ ਸੰਭਾਵਨਾ ਹੈ। ਇਸ ਲਈ, ਜੇਕਰ ਪਛੜੇ ਮਰਾਠਵਾੜਾ ਦੀ ਤਰੱਕੀ ਦੀ ਇੱਛਾ ਹੈ, ਤਾਂ ਉਨ੍ਹਾਂ ਲਈ ਇੱਕ ਵੱਖਰਾ ਮਰਾਠਵਾੜਾ ਬਣਾਉਣਾ ਉਚਿਤ ਹੋਵੇਗਾ। ਮੇਰੀ ਕਲਪਨਾ ਅਨੁਸਾਰ, ਜੇਕਰ ਮਹਾਰਾਸ਼ਟਰ ਤੋਂ ਤਿੰਨ ਰਾਜ ਬਣਾਏ ਜਾਂਦੇ ਹਨ, ਤਾਂ ਉਹ ਸ਼ਾਸਨ ਦੇ ਦ੍ਰਿਸ਼ਟੀਕੋਣ ਤੋਂ ਕੁਸ਼ਲ ਹੋਣਗੇ ਅਤੇ ਲੋਕਾਂ ਨੂੰ ਤਰੱਕੀ ਦਾ ਮੌਕਾ

"ਇਕੁਐਲਿਟੀ ਐਂਡ ਜਸਟਿਸ"
"Equality and Justice" ਸੁਤੰਤਰਤਾ, ਸਮਾਨਤਾ, ਭਾਈਚਾਰਾ

ਮਿਲੇਗਾ।

ਵਿਦਿਅਕ ਦ੍ਰਿਸ਼ਟੀਕੋਣ ਤੋਂ, ਮਰਾਠਵਾੜਾ ਇੱਕ ਪਛੜਿਆ ਖੇਤਰ ਹੈ, ਇਸ ਲਈ ਮਰਾਠਵਾੜਾ ਲਈ ਇੱਕ ਵੱਖਰੀ ਯੂਨੀਵਰਸਿਟੀ ਦੀ ਲੋੜ ਹੈ।

ਜਨਤਾ 24 ਦਸੰਬਰ, 1955

### ਮੁੰਬਈ ਨੂੰ ਮਹਾਰਾਸ਼ਟਰ ਤੋਂ ਵੱਖ ਕਰਨ ਦਾ ਵਿਰੋਧ

18 ਜਨਵਰੀ, 1956 ਨੂੰ ਦਿੱਲੀ ਵਿੱਚ, ਡਾ. ਬਾਬਾ ਸਾਹਿਬ ਅੰਬੇਡਕਰ ਨੇ ਕਿਹਾ-

ਸਿਰਫ਼ ਪੰਦਰਾਂ ਪ੍ਰਤੀਸ਼ਤ ਗੁਜਰਾਤੀ ਲੋਕਾਂ ਲਈ ਮੁੰਬਈ ਨੂੰ ਮਹਾਰਾਸ਼ਟਰ ਤੋਂ ਵੱਖ ਕਰਨ ਦਾ ਕੰਮ ਸਹੀ ਨਹੀਂ ਹੈ।

ਕਈ ਹੋਰ ਰਾਜਾਂ ਵਿੱਚ 15% ਤੋਂ ਵੱਧ ਘੱਟ ਗਿਣਤੀ ਆਬਾਦੀ ਹੋਣ ਦੇ ਬਾਵਜੂਦ, ਕਿਸੇ ਨੇ ਵੀ ਉਨ੍ਹਾਂ ਲਈ ਵੱਖਰੇ ਰਾਜ ਨਹੀਂ ਬਣਾਏ ਹਨ। ਮੁੰਬਈ ਦੇ ਲੋਕਾਂ ਦਾ ਮਿਆਰ ਕਿਸ ਮੋਰਚੇ 'ਤੇ ਨੀਵਾਂ ਹੈ?

ਕਿਸ ਕਾਰਨ ਮੁੰਬਈ ਦੇ ਕੰਮਕਾਜ ਨੂੰ ਕੇਂਦਰ ਨੂੰ ਸੌਂਪਣ ਦੀ ਜ਼ਰੂਰਤ ਪੈਦਾ ਹੋਈ ਹੈ?

ਮੁੰਬਈ ਸ਼ਹਿਰ ਦੀ ਵਾਧੂ ਆਮਦਨ ਬਿਜਲੀ ਕਾਰਨ ਹੈ। ਇਹ ਬਿਜਲੀ ਮਹਾਰਾਸ਼ਟਰ ਦੇ ਲੋਕਾਂ ਤੋਂ ਖਰੀਦੀ ਜਾਂਦੀ ਹੈ ਅਤੇ ਮੁੰਬਈ ਵਿੱਚ ਵਰਤੀ ਜਾਂਦੀ ਹੈ। ਬਿਜਲੀ ਦੇ ਇਸ ਉਤਪਾਦਨ ਦਾ ਹਿੱਸਾ ਮਹਾਰਾਸ਼ਟਰ ਨੂੰ ਮਿਲਣਾ ਚਾਹੀਦਾ ਹੈ।

ਮੈਨੂੰ ਸੂਚਿਤ ਕੀਤਾ ਗਿਆ ਹੈ ਕਿ ਮਹਾਰਾਸ਼ਟਰ ਨੂੰ ਚਾਰ ਹਿੱਸਿਆਂ ਵਿੱਚ ਵੰਡਿਆ ਜਾਣਾ ਚਾਹੀਦਾ ਹੈ। ਮਹਾਰਾਸ਼ਟਰੀਆਂ ਨੂੰ ਮੁੰਬਈ ਦਾ ਵੱਖਰਾ ਰਾਜ ਬਣਾਉਣ 'ਤੇ ਇਤਰਾਜ਼ ਕਰਨ ਦਾ ਕੋਈ ਕਾਰਨ ਨਹੀਂ ਸੀ। ਕੁਝ ਲੋਕਾਂ ਦੇ ਸਮਰਥਨ ਨਾਲ ਸਰਕਾਰ ਸਥਾਪਤ ਕਰਨ ਦਾ ਕੋਈ ਮਤਲਬ ਨਹੀਂ ਹੈ ਜਿਨ੍ਹਾਂ ਨੂੰ ਗਰੀਬ ਅਤੇ ਪਛੜੇ ਲੋਕਾਂ ਵਿੱਚ ਵਿਸ਼ਵਾਸ ਨਹੀਂ ਹੈ। ਮੇਰੇ ਸੁਝਾਅ ਅਨੁਸਾਰ, ਚਾਰ ਰਾਜ ਸਥਾਪਤ ਕੀਤੇ ਜਾਣੇ ਚਾਹੀਦੇ ਹਨ ਅਤੇ ਮੁੰਬਈ ਦੀ ਵਾਧੂ ਆਮਦਨ ਇਨ੍ਹਾਂ ਰਾਜਾਂ ਵਿੱਚ ਵੰਡੀ ਜਾਣੀ ਚਾਹੀਦੀ ਹੈ।

# ਡੇਰਾਬੱਸੀ ਦੇ ਅਮਲਾਲਾ ਪਿੰਡ ਵਿੱਚ ਨਸ਼ਾ ਤਸਕਰ ਦਾ ਪੰਚਾਇਤੀ ਜ਼ਮੀਨ ਤੇ ਗੈਰ-ਕਾਨੂੰਨੀ ਕਬਜ਼ਾ ਢਹਿਢੇਰੀ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਅਪਰੈਲ
INTERNATIONAL PAPER, 9463601616
hardipchumber57@gmail.com

ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਸ਼ੁਰੂ ਕੀਤੇ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਨਸ਼ਾ ਤਸਕਰਾਂ 'ਤੇ ਆਪਣੀ ਸਖ਼ਤ ਕਾਰਵਾਈ ਜਾਰੀ ਰੱਖਦਿਆਂ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਪੁਲਿਸ ਨੇ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਅੱਜ ਡੇਰਾਬੱਸੀ ਦੇ ਪਿੰਡ ਅਮਲਾਲਾ ਵਿੱਚ ਨਾਮੀ ਨਸ਼ਾ ਤਸਕਰ ਸਲੀਮ ਖਾਨ ਵੱਲੋਂ ਇੱਕ ਵਿੱਘੇ ਵਿੱਚ ਗੈਰ-ਕਾਨੂੰਨੀ ਤੌਰ 'ਤੇ ਕੀਤੀ ਉਸਾਰੀ ਨੂੰ ਢਹਿ ਢੇਰੀ ਕਰ ਦਿੱਤਾ ਗਿਆ। ਇਹ ਕਾਰਵਾਈ ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸ ਐਸ ਪੀ) ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀਪਕ ਪਾਰੀਕ ਦੇ ਹੁਕਮਾਂ ਤੇ ਅਮਲ ਵਿੱਚ ਲਿਆਂਦੀ ਗਈ।



ਢਾਹੀ ਗਈ ਇਹ ਉਸਾਰੀ ਪੰਚਾਇਤੀ ਜ਼ਮੀਨ 'ਤੇ ਗੈਰ-ਕਾਨੂੰਨੀ ਨਾਲ ਕੀਤੀ ਹੋਈ ਸੀ। ਸਲੀਮ ਖਾਨ ਵਿਰੁੱਧ ਪੰਜਾਬ ਅਤੇ ਹਰਿਆਣਾ ਵਿੱਚ ਭਾਰਤੀ ਦੰਡ ਵਿਧਾਨ ਅਤੇ ਐਨ ਡੀ ਪੀ ਐਸ ਐਕਟ ਤਹਿਤ ਚਾਰ ਅਪਰਾਧਿਕ ਮਾਮਲੇ ਦਰਜ ਸਨ। ਐਸ ਐਸ ਪੀ ਦੀਪਕ ਪਾਰੀਕ ਅਨੁਸਾਰ ਜ਼ਿਲ੍ਹਾ ਪੁਲਿਸ ਵੱਲੋਂ ਕੀਤੀ ਗਈ ਇਹ ਸਖ਼ਤ ਕਾਰਵਾਈ ਇਸ ਗੱਲ ਦਾ ਸਪੱਸ਼ਟ ਸੰਦੇਸ਼ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੀ ਤਸਕਰੀ ਪ੍ਰਤੀ ਜ਼ੀਰੋ ਸਹਿਣਸ਼ੀਲਤਾ ਅਪਣਾਈ ਗਈ ਹੈ। ਉਹਨਾਂ ਦੱਸਿਆ ਕਿ ਇਸ ਤਸਕਰ ਤੇ ਆਖਰੀ ਪਰਚਾ ਮਿਤੀ 20 ਅਪ੍ਰੈਲ ਨੂੰ ਐਨਡੀਪੀਐਸ ਐਕਟ ਅਧੀਨ ਡੇਰਾਬਸੀ ਥਾਣੇ ਵਿੱਚ ਦਰਜ ਕੀਤਾ ਗਿਆ ਸੀ ਜਿਸ ਤਹਿਤ ਉਕਤ ਦੋਸ਼ੀ ਦੀ 7 ਕਿਲੋ ਗਾਂਜੇ ਦੀ ਤਸਕਰੀ ਵਿੱਚ ਸ਼ਮੂਲੀਅਤ ਸਾਹਮਣੇ ਆਉਣ ਬਾਅਦ ਉਸ ਨੂੰ ਗ੍ਰਿਫਤਾਰ ਕੀਤਾ ਗਿਆ ਸੀ।

ਇਸ ਅਪਰੇਸ਼ਨ ਦੀ ਅਗਵਾਈ ਕਰ ਰਹੇ ਡੀ ਐਸ ਪੀ ਡੇਰਾਬਸੀ ਬਿਕਰਮਜੀਤ ਸਿੰਘ ਬਰਾੜ ਅਤੇ ਡੀ ਐਸ ਪੀ ਜ਼ੀਰਕਪੁਰ ਜਸਵਿੰਦਰ ਸਿੰਘ ਗਿੱਲ ਨੇ ਇਸ ਮੌਕੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਚਲਾਏ ਗਏ ਯੁੱਧ ਨਸ਼ਿਆਂ ਵਿਰੁੱਧ ਤਹਿਤ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਡੀ ਜੀ ਪੀ ਪੰਜਾਬ ਗੌਰਵ ਯਾਦਵ ਵੱਲੋਂ 31 ਮਈ ਤੱਕ ਸੂਬੇ ਚੋਂ ਨਸ਼ੇ ਦੇ ਤਸਕਰਾਂ ਨੂੰ ਬਾਹਰ ਕਰਨ ਦੀ ਫੈਸਲਾਕੁਨ ਲੜਾਈ ਦਾ ਇੱਕ ਹਿੱਸਾ ਹੈ।

ਐਸ ਐਸ ਪੀ ਦੀਪਕ ਪਾਰੀਕ ਨੇ ਨਸ਼ਾ ਤਸਕਰਾਂ ਨੂੰ ਆਪਣੀਆਂ ਗੈਰ-ਕਾਨੂੰਨੀ ਗਤੀਵਿਧੀਆਂ ਬੰਦ ਕਰਨ ਜਾਂ ਇਸ ਤਰ੍ਹਾਂ ਦੀਆਂ ਕਾਰਵਾਈਆਂ ਦਾ ਸਾਹਮਣਾ ਕਰਨ ਲਈ ਤਿਆਰ ਰਹਿਣ ਦੀ ਚੇਤਾਵਨੀ ਦਿੱਤੀ। ਉਨ੍ਹਾਂ ਦੁਹਰਾਇਆ ਕਿ ਸੂਬਾ

# ਮਾਨ ਸਰਕਾਰ ਹੈਮਸ ਤਕਨਾਲੋਜੀ ਨਾਲ ਆਵਾਜਾਈ ਸੇਵਾਵਾਂ ਵਿੱਚ ਬਿਹਤਰ ਪਾਰਦਰਸ਼ਤਾ ਯਕੀਨੀ ਬਣਾਏਗੀ: ਲਾਲਜੀਤ ਸਿੰਘ ਭੁੱਲਰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਅਪਰੈਲ
INTERNATIONAL PAPER, 9463601616
hardipchumber57@gmail.com

ਹੈਮਸ ਤਕਨਾਲੋਜੀ ਅਪਣਾਉਣ ਨਾਲ ਪੰਜਾਬ ਦੀਆਂ ਟਰਾਂਸਪੋਰਟ ਸੇਵਾਵਾਂ 'ਚ ਹੋਰ ਪਾਰਦਰਸ਼ਤਾ ਆਵੇਗੀ ਅਤੇ ਇਹ ਪਾਇਲਟ ਪ੍ਰੋਜੈਕਟ ਲਾਗੂ ਕਰਨ ਉਪਰੰਤ ਸੂਬੇ ਦੇ ਸਾਰੇ ਡਰਾਇਵਿੰਗ ਟੈਸਟ ਟਰੈਕਾਂ ਦੀ ਕਾਰਗੁਜ਼ਾਰੀ 'ਚ ਜ਼ਿਕਰਯੋਗ ਸੁਧਾਰ ਹੋਵੇਗਾ।

ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਟਰਾਂਸਪੋਰਟ ਮੰਤਰੀ ਸ. ਲਾਲਜੀਤ ਸਿੰਘ ਭੁੱਲਰ ਨੇ ਆਰ.ਟੀ.ਓ ਦਫਤਰ ਰੋਪੜ ਦਾ ਦੌਰਾ ਕਰਨ ਮੌਕੇ ਕੀਤਾ। ਉਨ੍ਹਾਂ ਕਿਹਾ ਕਿ ਡਰਾਇਵਿੰਗ ਟੈਸਟ ਟਰੈਕ ਦੀ ਕਾਰਗੁਜ਼ਾਰੀ ਵਿੱਚ ਵਿੱਚ ਹੋਰ ਪਾਰਦਰਸ਼ਤਾ ਅਤੇ ਤੇਜ਼ੀ ਲਿਆਉਣ ਲਈ, ਪੰਜਾਬ ਸਰਕਾਰ ਜਲਦ ਹੈਮਸ (ਹਾਰਨੇਸਿੰਗ ਆਟੋਮੋਬਾਈਲ ਫਾਰ ਸੇਫਟੀ) ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) ਤਕਨੀਕ ਉੱਤੇ ਆਧਾਰਿਤ ਆਟੋਮੇਟਿਡ ਡ੍ਰਾਈਵਰ ਲਾਇਸੈਂਸ ਟੈਸਟ ਸਿਸਟਮ ਵਿਕਸਿਤ ਕਰੇਗੀ।

ਉਨ੍ਹਾਂ ਕਿਹਾ ਕਿ ਭਾਰਤ ਵਿੱਚ ਸੜਕ ਹਾਦਸਿਆਂ ਬਾਰੇ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰਾਲੇ ਦੁਆਰਾ ਜਾਰੀ ਕੀਤੇ ਤਾਜ਼ਾ ਅੰਕੜਿਆਂ ਅਨੁਸਾਰ, ਭਾਰਤ ਵਿੱਚ ਸੜਕ ਹਾਦਸਿਆਂ ਕਾਰਨ ਹੋਈਆਂ ਮੌਤਾਂ ਵਿਸ਼ਵ ਵਿੱਚ ਸਭ ਤੋਂ ਵੱਧ ਸਨ। ਉਨ੍ਹਾਂ ਕਿਹਾ ਕਿ ਉਪਲਬਧ ਅੰਕੜਿਆਂ ਅਨੁਸਾਰ, ਭਾਰਤ ਵਿੱਚ ਜ਼ਿਆਦਾਤਰ ਸੜਕ ਹਾਦਸੇ ਡਰਾਈਵਰ ਦੀ ਗਲਤੀ ਕਾਰਨ ਹੁੰਦੇ ਹਨ। ਉਨ੍ਹਾਂ ਕਿਹਾ ਕਿ ਵਧੀਆ ਡਰਾਈਵਿੰਗ ਵਿਵਹਾਰ ਅਤੇ ਹੁਨਰ ਨੂੰ ਯਕੀਨੀ ਬਣਾਉਣਾ ਸੜਕ ਸੁਰੱਖਿਆ ਨੂੰ ਬਿਹਤਰ ਬਣਾਉਣ ਦੀ ਕੁੰਜੀ ਹੈ ਅਤੇ ਇਨ੍ਹਾਂ ਤੱਥਾਂ ਨੂੰ ਧਿਆਨ ਵਿੱਚ ਰੱਖਦੇ ਇਹ ਨਵਾਂ ਉਪਰਾਲਾ ਜਲਦ ਅਮਲ ਵਿੱਚ ਲਿਆਉਂਦਾ ਜਾਵੇਗਾ।

ਕੈਬਿਨੇਟ ਮੰਤਰੀ ਨੇ ਅੱਗੇ ਦੱਸਿਆ ਕਿ ਇਸ ਹੈਮਸ ਤਕਨਾਲੋਜੀ ਰਾਹੀਂ ਅੱਖਾਂ ਦੀ ਆਈਰਿਸ ਸਕੈਨ ਵੀ ਕੀਤੀ ਜਾਂਦੀ ਹੈ, ਜਿਸ ਨਾਲ ਇਹ ਯਕੀਨੀ ਹੋ ਜਾਂਦਾ ਹੈ ਕਿ ਡ੍ਰਾਈਵਿੰਗ ਟੈਸਟ ਦੇਣ ਵਾਲੇ ਦੀ ਜਗ੍ਹਾ ਕੋਈ ਹੋਰ ਵਿਅਕਤੀ ਨਹੀਂ ਹੈ ਅਤੇ ਇਹ ਤਕਨੀਕ ਬਿਨੈਕਾਰਾਂ ਦੇ ਡਰਾਈਵਿੰਗ ਹੁਨਰ ਨੂੰ ਪਰਖਣ ਵਿੱਚ



ਬਹੁਤ ਪ੍ਰਭਾਵਸ਼ਾਲੀ ਹੈ।

ਸ. ਭੁੱਲਰ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਮੁੱਖ ਮੰਤਵ ਆਮ ਲੋਕਾਂ ਸਾਰੀਆਂ ਸਰਕਾਰੀ ਸੇਵਾਵਾਂ ਸਰਲ ਢੰਗ ਅਤੇ ਨਿਰਧਾਰਿਤ ਸਮੇਂ ਵਿੱਚ ਉਪਲਬਧ ਕਰਵਾਉਣਾ ਹੈ ਜਿਸ ਲਈ ਇਸ ਹੈਮਸ ਤਕਨਾਲੋਜੀ ਦੇ ਪਾਇਲਟ ਪ੍ਰੋਜੈਕਟ ਲਾਗੂ ਕਰਨ ਉਪਰੰਤ ਸੂਬੇ ਦੇ ਸਾਰੇ ਟਰੈਕਾਂ ਉੱਤੇ ਇਸ ਨੂੰ ਲਾਗੂ ਕੀਤਾ ਜਾਵੇਗਾ।

# 'ਘਰ ਵਿੱਚ ਵਿਆਹ ਸੀ ਅਤੇ ਪੁਲਿਸ ਬਾਰਾਤੀਆਂ ਨੂੰ ਬੰਗਲਾਦੇਸ਼ੀ ਸਮਝ ਕੇ ਗ੍ਰਿਫ਼ਤਾਰ ਕਰਕੇ ਲੈ ਗਈ',

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ INTERNATIONAL PAPER, 94636 01616 hardipchumber57@gmail.com

26 ਅਪ੍ਰੈਲ ਨੂੰ ਫਰਜ਼ਾਨਾ ਅਹਿਮਦਾਬਾਦ ਵਿੱਚ ਕ੍ਰਾਈਮ ਬਰਾਂਚ ਦਫ਼ਤਰ ਬਾਹਰ ਆਪਣੇ ਮਹਿੰਦੀ ਵਾਲੇ ਹੱਥ ਦਿਖਾਉਂਦੀ ਹੈ ਅਤੇ ਇੱਕ ਪਲਾਸਟਿਕ ਦੇ ਬੈਗ 'ਚੋਂ ਵਿਆਹ ਵਾਲਾ ਕਾਰਡ ਕੱਢਦੀ ਹੈ, ਜਿਸ 'ਤੇ 'ਜਸ਼ਨੇ ਸ਼ਾਦੀ' ਲਿਖਿਆ ਹੋਇਆ ਹੈ।

ਬੀਬੀਸੀ ਨਾਲ ਗੱਲ ਕਰਦਿਆਂ ਫਰਜ਼ਾਨਾ ਕਹਿੰਦੇ ਹਨ, "ਸਾਡੇ ਘਰ ਵਿੱਚ ਵਿਆਹ ਹੈ, ਘਰ ਵਿੱਚ ਬਾਰਾਤ ਆਈ ਹੋਈ ਹੈ। ਘਰ ਬਹੁਤ ਛੋਟਾ ਹੈ, ਇਸ ਲਈ ਅਸੀਂ ਬਾਰਾਤੀਆਂ ਨੂੰ ਚੰਡੋਲਾ ਇਲਾਕੇ ਵਿੱਚ ਇੱਕ ਰਿਸ਼ਤੇਦਾਰ ਦੇ ਘਰ ਭੇਜਿਆ ਸੀ।''

''ਉਨ੍ਹਾਂ ਨੂੰ ਪੁਲਿਸ ਗਲਤੀ ਨਾਲ 'ਬੰਗਲਾਦੇਸ਼ੀ' ਸਮਝ ਕੇ ਲੈ ਗਈ। ਪੁਲਿਸ ਜਿਨ੍ਹਾਂ ਲੋਕਾਂ ਨੂੰ ਲੈ ਕੇ ਗਈ ਹੈ, ਉਨ੍ਹਾਂ ਵਿੱਚ ਮੇਰੇ ਵੱਡੇ ਭਰਾ ਅਤੇ ਭਤੀਜੇ ਵੀ ਸ਼ਾਮਲ ਸਨ। ਜੇ ਉਹੀ ਨਹੀਂ ਹੋਣਗੇ ਤਾਂ ਵਿਆਹ ਕਿਵੇਂ ਹੋਵੇਗਾ? ਉਹ ਮਹਾਰਾਸ਼ਟਰ ਦੇ ਅਕੋਲਾ ਤੋਂ ਆਏ ਸਨ। ਮੈਨੂੰ ਦੱਸਿਆ ਗਿਆ ਕਿ ਉਨ੍ਹਾਂ ਤੋਂ ਪੁੱਛਗਿੱਛ ਕੀਤੀ ਜਾਵੇਗੀ ਅਤੇ ਛੱਡ ਦਿੱਤਾ ਜਾਵੇਗਾ।"



ਬੱਚੇ ਦੇ ਨਾਲ ਕ੍ਰਾਈਮ ਬਰਾਂਚ ਪਹੁੰਚੀ ਔਰਤ

"ਇਹ ਸਵੇਰ ਦੀ ਗੱਲ ਸੀ ਅਤੇ ਅਸੀਂ ਰਾਤ ਨੌਂ ਵਜੇ ਤੱਕ ਬਿਨ੍ਹਾਂ ਕੁਝ ਖਾਧੇ-ਪੀਤੇ ਕ੍ਰਾਈਮ ਬਰਾਂਚ ਦਫ਼ਤਰ ਦੇ ਬਾਹਰ ਬੈਠੇ ਰਹੇ। ਜਦੋਂ ਅਸੀਂ ਆਪਣੇ ਭਰਾ ਦੇ ਜਨਮ ਸਰਟੀਫਿਕੇਟ ਅਤੇ ਹੋਰ ਸਰਕਾਰੀ ਦਸਤਾਵੇਜ਼ ਦਿਖਾਏ ਤਾਂ ਰਾਤ ਨੂੰ 10.30 ਵਜੇ ਉਨ੍ਹਾਂ ਨੂੰ ਛੱਡਿਆ ਗਿਆ।"

ਫਰਜ਼ਾਨਾ ਉਸ ਸਮੇਂ ਦੀ ਗੱਲ ਕਰ ਰਹੇ ਹਨ, ਜਦੋਂ 26 ਅਪ੍ਰੈਲ ਨੂੰ ਅਹਿਮਦਾਬਾਦ ਵਿੱਚ ਗੁਜਰਾਤ ਪੁਲਿਸ ਨੇ 'ਸ਼ੱਕੀ ਲੋਕਾਂ' ਨੂੰ ਗ੍ਰਿਫ਼ਤਾਰ ਕਰਨ ਦੇ ਲਈ ਮੁਹਿੰਮ ਸ਼ੁਰੂ ਕੀਤੀ ਸੀ।

ਫਰਜ਼ਾਨਾ ਕਹਿੰਦੇ ਹਨ, "ਜੇ ਕਸ਼ਮੀਰ ਵਿੱਚ ਕੋਈ ਵਿਵਾਦ ਹੈ ਤਾਂ ਕਸ਼ਮੀਰ ਜਾ ਕੇ ਸੁਲਝਾਓ। ਇੱਥੇ ਅਹਿਮਦਾਬਾਦ ਵਿੱਚ ਕੋਈ ਵਿਵਾਦ ਨਹੀਂ ਹੈ ਫਿਰ ਤੁਸੀਂ ਸਾਡੇ ਰਿਸ਼ਤੇਦਾਰਾਂ ਨੂੰ ਕਿਉਂ ਲੈ ਗਏ? ਇਹ ਕਾਨੂੰਨੀ ਬੇਇਨਸਾਫ਼ੀ ਹੈ। ਅਸੀਂ ਅਹਿਮਦਾਬਾਦ ਵਿੱਚ ਜੀਤੂ ਭਗਤ ਦੀ ਚੌਲ ਵਿੱਚ ਸਾਲਾਂ ਤੋਂ ਰਹਿ ਰਹੇ ਹਾਂ।"

22 ਅਪ੍ਰੈਲ ਨੂੰ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਵਿੱਚ 26 ਲੋਕ ਮਾਰੇ ਗਏ, ਜਿਨ੍ਹਾਂ ਵਿੱਚ ਤਿੰਨ ਗੁਜਰਾਤੀ ਵੀ ਸ਼ਾਮਲ ਸਨ।

ਇਸ ਹਮਲੇ ਤੋਂ ਬਾਅਦ ਭਾਰਤ ਸਰਕਾਰ ਨੇ ਪਾਕਿਸਤਾਨ ਨੂੰ 'ਜ਼ਿੰਮੇਵਾਰ ਠਹਿਰਾਇਆ' ਅਤੇ ਸਿੰਧੂ ਜਲ ਸਮਝੌਤੇ ਨੂੰ ਮੁਅੱਤਲ ਕਰਨ ਦੇ ਨਾਲ ਪਾਕਿਸਤਾਨੀ ਨਾਗਰਿਕਾਂ ਨੂੰ ਦਿੱਤੇ ਜਾਣ ਵਾਲੇ 14 ਪ੍ਰਕਾਰ ਦੇ ਵੀਜ਼ਾ ਰੱਦ ਕਰ ਦਿੱਤੇ।

ਗੁਜਰਾਤ ਪੁਲਿਸ ਨੇ 25 ਅਪ੍ਰੈਲ ਨੂੰ ਸਵੇਰੇ 2 ਵਜੇ ਅਹਿਮਦਾਬਾਦ ਵਿੱਚ ਇੱਕ ਤਲਾਸ਼ੀ ਮੁਹਿੰਮ ਚਲਾਈ। ਪੁਲਿਸ ਦੇ ਅਨੁਸਾਰ ਹੁਣ ਤੱਕ ਅਹਿਮਦਾਬਾਦ ਵਿੱਚ ਲਗਭਗ 900 ਕਥਿਤ ਬੰਗਲਾਦੇਸ਼ੀਆਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ।

ਪੁਲਿਸ ਨੇ ਅਹਿਮਦਾਬਾਦ ਤੋਂ ਇਲਾਵਾ ਸੂਰਤ, ਰਾਜਕੋਟ ਅਤੇ ਵਡੋਦਰਾ ਵਿੱਚ ਵੀ 'ਗੈਰ-ਕਾਨੂੰਨੀ ਤੌਰ 'ਤੇ ਰਹਿ ਰਹੇ ਵਿਦੇਸ਼ੀਆਂ' ਨੂੰ ਗ੍ਰਿਫ਼ਤਾਰ ਕੀਤਾ।

ਫਰਜ਼ਾਨਾ ਦੇ ਵਿਆਹ ਦੇ ਜਸ਼ਨਾਂ ਵਿੱਚ 26 ਅਪ੍ਰੈਲ ਨੂੰ 'ਹਲਦੀ' ਦੀ ਰਸਮ ਸ਼ਾਮਲ ਸੀ, ਪਰ ਉਸੇ ਦਿਨ ਪੁਲਿਸ ਨੇ ਉਸਦੇ ਭਰਾ ਅਤੇ ਭਤੀਜੇ ਨੂੰ ਹਿਰਾਸਤ ਵਿੱਚ ਲੈ ਲਿਆ।

ਫਰਜ਼ਾਨਾ ਨੇ ਕਿਹਾ, "ਅਸੀਂ ਹਲਦੀ ਦੀ ਰਸਮ ਦੌਰਾਨ ਪੁਲਿਸ ਸਟੇਸ਼ਨ ਵਿੱਚ ਸੀ, ਇਸ ਲਈ ਰਸਮ ਨਹੀਂ ਹੋ ਸਕੀ। ਵਿਆਹ 27 ਅਪ੍ਰੈਲ ਨੂੰ ਸੀ। ਅਸੀਂ ਵਿਆਹ ਵਾਲੇ ਦਿਨ ਹੀ ਹਲਦੀ ਦੀ ਰਸਮ ਕੀਤੀ। ਅਸੀਂ ਸਿਰਫ਼ ਇਸ ਗੱਲ ਤੋਂ ਸੰਤੁਸ਼ਟ ਹਾਂ ਕਿ ਵਿਆਹ ਦੀ ਰਸਮ ਕਿਸੇ ਤਰ੍ਹਾਂ ਘੱਟ ਲੋਕਾਂ ਨਾਲ ਪੂਰੀ ਹੋ ਗਈ। ਨਹੀਂ ਤਾਂ ਅਸੀਂ ਵਿਆਹ ਵਾਲੇ ਦਿਨ ਵੀ ਕ੍ਰਾਈਮ ਬ੍ਰਾਂਚ ਦੇ ਬਾਹਰ ਘੁੰਮ ਰਹੇ ਹੁੰਦੇ।"

ਔਰਤਾਂ ਪੁਲਿਸ ਗੱਡੀਆਂ ਦੇ ਰਾਹ ਵਿੱਚ ਬੈਠ ਗਈਆਂ



ਗੁਜਰਾਤ ਪੁਲਿਸ ਨੇ ਇੱਕ ਹਜ਼ਾਰ ਤੋਂ ਵੱਧ ਲੋਕਾਂ ਨੂੰ ਹਿਰਾਸਤ ਵਿੱਚ ਲਿਆ

ਅਹਿਮਦਾਬਾਦ ਵਿੱਚ ਪੁਲਿਸ ਨੇ ਅਚਾਨਕ ਰਾਤ ਨੂੰ ਸ਼ਾਹ ਆਲਮ, ਚੰਡੋਲਾ ਝੀਲ, ਨਰੋਦਾ ਆਦਿ ਇਲਾਕਿਆਂ ਵਿੱਚ ਮਾਰਚ ਕੀਤਾ ਅਤੇ ਸਵੇਰ ਹੋਣ ਤੋਂ ਪਹਿਲਾਂ ਹੀ ਕਥਿਤ ਬੰਗਲਾਦੇਸ਼ੀ ਅਤੇ ਵਿਦੇਸ਼ੀ ਸ਼ੱਕੀਆਂ ਨੂੰ ਹਿਰਾਸਤ ਵਿੱਚ ਲੈਣ ਦੀ ਮੁਹਿੰਮ ਆਰੰਭ ਦਿੱਤੀ।

ਹਿਰਾਸਤ ਵਿੱਚ ਲਏ ਗਏ ਲੋਕਾਂ ਨੂੰ ਸਭ ਤੋਂ ਪਹਿਲਾਂ ਅਹਿਮਦਾਬਾਦ ਦੇ ਕਾਂਕਰੀਆ ਇਲਾਕੇ ਦੇ ਇੱਕ ਫੁਟਬਾਲ ਮੈਦਾਨ ਵਿੱਚ ਲਿਆਂਦਾ ਗਿਆ। ਉੱਥੋਂ ਉਨ੍ਹਾਂ ਨੂੰ ਜਮਾਲਪੁਰ ਇਲਾਕੇ ਦੇ ਗਾਇਕਵਾੜ ਹਵੇਲੀ ਸਥਿਤ ਕ੍ਰਾਈਮ ਬ੍ਰਾਂਚ ਦੇ ਦਫ਼ਤਰ ਲਿਆਂਦਾ ਗਿਆ।

ਬਰਾਂਚ ਵਿੱਚ ਜੋ ਪੁਲਿਸ ਮੈਦਾਨ ਹੈ, ਉੱਥੇ ਉਨ੍ਹਾਂ ਨੂੰ ਸਵੇਰੇ ਕਰੀਬ ਸਾਢੇ ਦਸ ਵਜੇ ਤੱਕ ਰੱਖਿਆ ਗਿਆ ਸੀ ਅਤੇ ਫਿਰ ਪੁੱਛਗਿੱਛ ਦੇ ਲਈ ਉਨ੍ਹਾਂ ਨੂੰ ਇੱਕ ਕਤਾਰ ਵਿੱਚ ਦਫ਼ਤਰ ਲਿਆਂਦਾ ਗਿਆ।

ਇਸ ਦੌਰਾਨ ਹਿਰਾਸਤ ਵਿੱਚ ਲਏ ਗਏ ਵਿਅਕਤੀਆਂ ਦੇ ਰਿਸ਼ਤੇਦਾਰ, ਜਿਨ੍ਹਾਂ ਵਿੱਚ ਵੱਡੀ ਗਿਣਤੀ ਵਿੱਚ ਔਰਤਾਂ ਵੀ ਸ਼ਾਮਲ ਸਨ, ਕ੍ਰਾਈਮ ਬ੍ਰਾਂਚ ਦੇ ਮੁੱਖ ਗੇਟ ਦੇ ਬਾਹਰ ਇਕੱਠੇ ਹੋ ਗਏ।

ਕੁਝ ਔਰਤਾਂ ਆਪਣੇ ਛੋਟੇ ਬੱਚਿਆਂ ਨੂੰ ਵੀ ਨਾਲ ਲੈ ਕੇ ਆਈਆਂ। 26 ਅਪ੍ਰੈਲ ਨੂੰ ਦੁਪਹਿਰ ਕਰੀਬ ਇੱਕ ਵਜੇ ਜਦੋਂ ਪੁਲਿਸ ਕੁਝ ਬੰਦੀਆਂ ਨੂੰ ਅਪਰਾਧ ਸ਼ਾਖਾ ਦਫ਼ਤਰ ਤੋਂ ਗੱਡੀਆਂ ਵਿੱਚ ਦੂਜੇ ਸਥਾਨ 'ਤੇ ਲਿਜਾ ਰਹੀ ਸੀ, ਤਾਂ ਗੇਟ ਦੇ ਬਾਹਰ ਬੈਠੇ ਪਰਿਵਾਰਕ ਮੈਂਬਰ ਰੋਣ ਲੱਗੇ।

ਔਰਤਾਂ ਸੜਕ ਉੱਪਰ ਬੈਠ ਕੇ ਰਾਹ ਰੋਕ ਰਹੀਆਂ ਸਨ। ਪੁਲਿਸ ਨੂੰ ਉਨ੍ਹਾਂ ਨੂੰ ਹਟਾਉਣ ਦੇ ਲਈ ਕਾਫ਼ੀ ਮੁਸ਼ੱਕਤ ਕਰਨੀ ਪਈ। ਕੁਝ ਔਰਤਾਂ ਦੀ ਮਹਿਲਾ ਪੁਲਿਸ ਅਧਿਕਾਰੀਆਂ ਨਾਲ ਝੜਪ ਵੀ ਹੋਈ।

## 'ਮੇਰੇ ਪੁੱਤ ਨੂੰ ਪੁਲਿਸ ਰਾਤ ਵੇਲੇ ਚੁੱਕ ਕੇ ਲੈ ਗਈ'

ਇਨ੍ਹਾਂ ਵਿੱਚ ਆਲਮਆਰਾ ਪਠਾਨ ਨਾਮ ਦੀ ਔਰਤ ਵੀ ਸ਼ਾਮਲ ਹੈ, ਜਿਨ੍ਹਾਂ ਦੀ ਪੁਲਿਸ ਨਾਲ ਹੱਥੋਪਾਈ ਵੀ ਹੋਈ।

ਬੀਬੀਸੀ ਨਾਲ ਗੱਲ ਕਰਦਿਆਂ ਉਨ੍ਹਾਂ ਕਿਹਾ, "ਮੈਂ ਵਟਵਾ ਵਿੱਚ ਸਯਦਵਾੜੀ ਮੁਹੰਮਦੀ ਮਸਜਿਦ ਦੇ ਨੇੜੇ ਰਹਿੰਦੀ ਹਾਂ। ਅਸੀਂ ਪਿਛਲੇ 23 ਸਾਲਾਂ ਤੋਂ ਅਹਿਮਦਾਬਾਦ ਵਿੱਚ ਰਹਿ ਰਹੇ ਹਾਂ। ਮੇਰੇ ਪੁੱਤਰ ਰਿਆਜ਼ ਦੇ ਸਹੁਰੇ ਦਾ ਘਰ ਚੰਡੋਲਾ ਝੀਲ ਦੇ ਨੇੜੇ ਹੈ। ਉਸ ਰਾਤ ਨੂੰ ਉਹ ਆਪਣੇ ਸਹੁਰੇ ਘਰ ਰੁਕਿਆ ਅਤੇ ਪੁਲਿਸ ਨੇ ਉਸ ਨੂੰ ਫੜ ਲਿਆ। ਪੁਲਿਸ ਮੇਰੀ ਨੂੰਹ ਨੂੰ ਵੀ ਨਾਲ ਲੈ ਗਈ।"

ਉਹ ਕਹਿੰਦੇ ਹਨ, "ਸਾਡੇ ਕੋਲ ਆਧਾਰ ਕਾਰਡ, ਰਾਸ਼ਨ ਕਾਰਡ, ਵੋਟਰ ਕਾਰਡ, ਪੈਨ ਕਾਰਡ, ਬਿਜਲੀ ਬਿੱਲ ਆਦਿ ਸਾਰੇ ਦਸਤਾਵੇਜ਼ ਹਨ। ਪੁਲਿਸ ਨੇ ਮੈਨੂੰ ਕਿਹਾ ਕਿ ਤੁਸੀਂ ਆਧਾਰ ਕਾਰਡ ਲੈ ਕੇ ਆਓ, ਫਿਰ ਤੁਹਾਡੇ ਬੇਟੇ ਤੇ ਨੂੰਹ ਨੂੰ ਛੱਡ ਦੇਵਾਂਗੇ। ਮੈਂ ਸਵੇਰੇ 10 ਵਜੇ ਤੋਂ ਹੀ ਦਸਤਾਵੇਜ਼ਾਂ ਦੇ ਨਾਲ ਕ੍ਰਾਈਮ ਬਰਾਂਚ ਦੇ ਦਫ਼ਤਰ ਦੇ ਬਾਹਰ ਚੱਕਰ ਲਗਾ ਰਹੀ ਸੀ, ਫਿਰ ਆਖਿਰਕਾਰ ਉਨ੍ਹਾਂ ਨੂੰ ਰਾਤ 10 ਵਜੇ ਛੱਡਿਆ ਗਿਆ।"

ਪੁਲਿਸ ਨੇ 27 ਅਪ੍ਰੈਲ ਨੂੰ ਆਲਮਆਰਾ ਦੇ ਪੁੱਤ ਅਤੇ ਨੂੰਹ ਨੂੰ ਦਸਤਾਵੇਜ਼ਾਂ ਦੇ ਨਾਲ ਦੁਬਾਰਾ ਅਪਰਾਧ ਸ਼ਾਖਾ ਦਫ਼ਤਰ ਬੁਲਾਇਆ ਸੀ।

ਆਲਮਮਾਰਾ ਪਠਾਨ ਕਹਿੰਦੇ ਹਨ, "ਅਸੀਂ ਨਾ ਤਾਂ ਬੰਗਲਾਦੇਸ਼ ਤੋਂ ਆਏ ਹਾਂ ਅਤੇ ਨਾ ਹੀ ਅਸੀਂ ਅਪਰਾਧੀ ਹਾਂ। ਸਾਡੇ ਬੱਚੇ ਇੱਥੇ ਹੀ ਪੈਦਾ ਹੋਏ ਅਤੇ ਇੱਥੇ ਹੀ ਸਾਡੀ ਦੁਨੀਆ ਹੈ। ਫਿਰ ਵੀ ਮੈਨੂੰ ਸਮਝ ਨਹੀਂ ਆ ਰਿਹਾ ਕਿ ਮੇਰੇ ਪੁੱਤਰ ਅਤੇ ਨੂੰਹ ਨੂੰ ਕਿਉਂ ਗ੍ਰਿਫ਼ਤਾਰ ਕੀਤਾ ਗਿਆ।"

'ਉਹ ਮਹਾਰਾਸ਼ਟਰ ਤੋਂ ਬਾਰਾਤੀ ਬਣ ਕੇ ਆਏ ਸਨ ਤੇ ਪੁਲਿਸ ਨੇ ਉਨ੍ਹਾਂ ਨੂੰ ਫੜ ਲਿਆ'

ਜ਼ੈਬੁਨਿਸਾ ਵਿਆਹ ਵਿੱਚ ਸ਼ਾਮਲ ਹੋਣ ਲਈ ਫਰਜ਼ਾਨਾ ਦੇ ਘਰ ਆਈ ਸੀ ਅਤੇ ਉਹ ਉਨ੍ਹਾਂ ਔਰਤਾਂ ਵਿੱਚ ਸ਼ਾਮਲ ਸੀ, ਜੋ ਕ੍ਰਾਈਮ ਬ੍ਰਾਂਚ ਦੇ ਬਾਹਰ ਆਪਣੇ ਹਿਰਾਸਤ ਵਿੱਚ ਲਏ ਪਰਿਵਾਰਕ ਮੈਂਬਰਾਂ ਦੀ ਰਿਹਾਈ ਦੀ ਉਡੀਕ ਕਰ ਰਹੀਆਂ ਸਨ।

ਬੀਬੀਸੀ ਨਾਲ ਗੱਲ ਕਰਦਿਆਂ ਉਨ੍ਹਾਂ ਕਿਹਾ, "ਅਸੀਂ ਮਹਾਰਾਸ਼ਟਰ ਦੇ ਅਕੋਲਾ ਤੋਂ ਇੱਕ ਵਿਆਹ ਵਿੱਚ ਸ਼ਾਮਲ ਹੋਣ ਲਈ ਆਏ ਸੀ। ਵਿਆਹ ਵਿੱਚ ਆਏ ਮੇਰੇ ਪੁੱਤਰ ਅਤੇ ਜੀਜੇ ਨੂੰ ਪੁਲਿਸ ਚੁੱਕ ਕੇ ਲੈ ਗਈ। ਸਾਡੇ ਕੋਲ ਉਨ੍ਹਾਂ ਦੇ ਜਨਮ ਸਰਟੀਫਿਕੇਟ ਅਤੇ ਆਧਾਰ ਕਾਰਡ ਹਨ।"

ਕ੍ਰਾਈਮ ਬਰਾਂਚ ਦਫ਼ਤਰ ਦੇ ਬਾਹਰ ਪੁਲਿਸ ਵਿੱਚ-ਵਿੱਚ ਆਉਂਦੀ ਰਹਿੰਦੀ ਸੀ, ਕੁਝ ਬੰਦੀਆਂ ਦੇ ਨਾਮ ਲੈਂਦੇ ਸਨ ਅਤੇ ਉਨ੍ਹਾਂ ਦੇ ਰਿਸ਼ਤੇਦਾਰ ਉਨ੍ਹਾਂ ਦੇ ਕੋਲ ਆਉਂਦੇ ਸਨ।

ਬੀਬੀਸੀ ਨਾਲ ਗੱਲ ਕਰਦੇ ਹੋਏ ਪੁਲਿਸ ਅਧਿਕਾਰੀ ਨੇ ਕਿਹਾ, "ਪੁੱਛਗਿੱਛ ਦੌਰਾਨ ਜਿਨ੍ਹਾਂ ਲੋਕਾਂ ਕੋਲ ਦਸਤਾਵੇਜ਼ ਨਹੀਂ ਹੁੰਦੇ ਸਨ, ਉਨ੍ਹਾਂ ਦੇ ਕੋਈ ਰਿਸ਼ਤੇਦਾਰ ਜੇ ਬਾਹਰ ਖੜ੍ਹੇ ਹੋਣ ਜਾਂ ਫਿਰ ਉਹ ਦਸਤਾਵੇਜ਼ ਲੈ ਕੇ ਆਉਣ ਤਾਂ ਅਸੀਂ ਉਨ੍ਹਾਂ ਨੂੰ ਵੀ ਸਮਾਂ ਦਿੰਦੇ ਸੀ ਅਤੇ ਉਨ੍ਹਾਂ ਤੋਂ ਦਸਤਾਵੇਜ਼ ਲੈ ਰਹੇ ਸੀ।"

ਇਹ ਔਰਤਾਂ ਅਤੇ ਪਰਿਵਾਰਕ ਮੈਂਬਰ 26 ਅਪ੍ਰੈਲ ਨੂੰ ਦੇਰ ਸ਼ਾਮ ਤੱਕ ਕ੍ਰਾਈਮ ਬਰਾਂਚ ਦੇ ਬਾਹਰ ਬੈਠੇ ਰਹੇ।

ਗੁਜਰਾਤ ਸੂਬੇ ਵਿੱਚ ਇੱਕ ਹਜ਼ਾਰ ਤੋਂ ਵੱਧ ਲੋਕ ਹਿਰਾਸਤ ਵਿੱਚ

ਪੁਲਿਸ ਅਨੁਸਾਰ ਗੁਜਰਾਤ ਵਿੱਚ ਇੱਕ ਹਜ਼ਾਰ ਤੋਂ ਜ਼ਿਆਦਾ ਸ਼ੱਕੀਆਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ।

ਗੁਜਰਾਤ ਵਿੱਚ ਅਹਿਮਦਾਬਾਦ, ਸੂਰਤ, ਵਡੋਦਰਾ, ਰਾਜਕੋਟ ਅਤੇ ਹੋਰ ਸਥਾਨਾਂ 'ਤੇ ਪੁਲਿਸ ਮੁਹਿੰਮ ਚਲਾਈ ਗਈ। ਜਿਸ ਵਿੱਚ ਕਥਿਤ ਤੌਰ 'ਤੇ ਗੈਰ-ਕਾਨੂੰਨੀ ਤੌਰ 'ਤੇ ਭਾਰਤ ਵਿੱਚ ਦਾਖਲ ਹੋਣ ਵਾਲੇ ਬੰਗਲਾਦੇਸ਼ੀਆਂ ਸਣੇ ਇੱਕ ਹਜ਼ਾਰ ਤੋਂ ਵੱਧ ਲੋਕਾਂ ਨੂੰ ਹਿਰਾਸਤ ਵਿੱਚ ਲਿਆ ਗਿਆ।

ਅਹਿਮਦਾਬਾਦ ਵਿੱਚ ਕਈ ਕੈਦੀਆਂ ਨੂੰ ਵੱਖ-ਵੱਖ ਪੁਲਿਸ ਵਾਹਨਾਂ ਵਿੱਚ ਅਪਰਾਧ ਸ਼ਾਖਾ ਤੋਂ ਦੂਜੀਆਂ ਥਾਵਾਂ 'ਤੇ ਲਿਜਾਇਆ ਜਾ ਰਿਹਾ ਸੀ।

ਕੈਦੀਆਂ ਨੂੰ ਵੱਖ-ਵੱਖ ਵਾਹਨਾਂ ਵਿੱਚ ਕਿੱਥੇ ਲਿਜਾਇਆ ਜਾ ਰਿਹਾ ਹੈ? ਅਜਿਹੇ ਹੀ ਇੱਕ ਸਵਾਲ ਦੇ ਜਵਾਬ ਵਿੱਚ ਇੱਕ ਪੁਲਿਸ ਅਧਿਕਾਰੀ ਨੇ ਬੀਬੀਸੀ ਨੂੰ ਦੱਸਿਆ, "ਇੱਕ ਥਾਂ 'ਤੇ ਇੰਨੇ ਸਾਰੇ ਲੋਕਾਂ ਤੋਂ ਪੁੱਛਗਿੱਛ ਕਰਨਾ ਸੰਭਵ ਨਹੀਂ ਹੈ। ਇਸ ਲਈ ਉਨ੍ਹਾਂ ਨੂੰ ਅਹਿਮਦਾਬਾਦ ਪੁਲਿਸ ਦੇ ਵੱਖ-ਵੱਖ ਦਫ਼ਤਰਾਂ ਵਿੱਚ ਲਿਜਾਇਆ ਜਾ ਰਿਹਾ ਹੈ ਤਾਂ ਜੋ ਉਨ੍ਹਾਂ ਤੋਂ ਜਲਦੀ ਪੁੱਛਗਿੱਛ ਕੀਤੀ ਜਾ ਸਕੇ।"

ਅਹਿਮਦਾਬਾਦ ਦੇ ਸਹਾਇਕ ਪੁਲਿਸ ਕਮਿਸ਼ਨਰ (ਏਸੀਪੀ) ਭਰਤ ਪਟੇਲ ਨੇ 27 ਅਪ੍ਰੈਲ ਨੂੰ ਮੀਡੀਆ ਨੂੰ ਦੱਸਿਆ, "ਲਗਭਗ 900 ਲੋਕਾਂ ਨੂੰ ਪੁੱਛਗਿੱਛ ਲਈ ਅਹਿਮਦਾਬਾਦ ਦੀ ਅਪਰਾਧ ਸ਼ਾਖਾ ਵਿੱਚ ਲਿਆਂਦਾ ਗਿਆ ਸੀ। ਇਨ੍ਹਾਂ ਵਿੱਚੋਂ ਲਗਭਗ 600 ਭਾਰਤੀ ਨਾਗਰਿਕ ਸਨ, ਜਿਨ੍ਹਾਂ ਨੂੰ ਰਿਹਾਅ ਕਰ ਦਿੱਤਾ ਗਿਆ ਹੈ।"

"ਹੁਣ ਤੱਕ 104 ਬੰਗਲਾਦੇਸ਼ੀ ਨਾਗਰਿਕਾਂ ਦੀ ਪਛਾਣ ਕੀਤੀ ਗਈ ਹੈ। ਇਹ ਗਿਣਤੀ ਵਧਣ ਦੀ ਸੰਭਾਵਨਾ ਹੈ। ਬੰਗਲਾਦੇਸ਼ੀ ਨਾਗਰਿਕਾਂ ਵਿੱਚ ਔਰਤਾਂ ਦੀ ਗਿਣਤੀ ਵੱਧ ਹੈ।"

ਉਨ੍ਹਾਂ ਕਿਹਾ, "ਕੁਝ ਸ਼ੱਕੀ ਲੋਕ ਪੱਛਮੀ ਬੰਗਾਲ ਅਤੇ ਇਸ ਦੇ ਆਸਪਾਸ ਦੇ ਇਲਾਕਿਆਂ ਵਿੱਚ ਰਹਿੰਦੇ ਹਨ, ਅਜਿਹਾ ਉਨ੍ਹਾਂ ਦਾ ਕਹਿਣਾ ਹੈ। ਇਸ ਗੱਲ ਦੀ ਜਾਂਚ ਕੀਤੀ ਜਾ ਰਹੀ ਹੈ ਕਿ ਉਨ੍ਹਾਂ ਕੋਲ ਆਧਾਰ ਕਾਰਡ, ਵੋਟਰ ਆਈਡੀ ਕਾਰਡ ਅਤੇ ਹੋਰ ਪਛਾਣ ਦਸਤਾਵੇਜ਼ ਕਿੱਥੋਂ ਆਏ। ਇਹ ਵੀ ਪਤਾ ਲਗਾਇਆ ਜਾ ਰਿਹਾ ਹੈ ਕਿ ਉਨ੍ਹਾਂ ਕੋਲ ਜੋ ਦਸਤਾਵੇਜ਼ ਹਨ ਉਹ ਅਸਲੀ ਹਨ ਜਾਂ ਨਕਲੀ।"

ਉਨ੍ਹਾਂ ਨੇ ਇਹ ਵੀ ਕਿਹਾ ਕਿ ਜਾਂਚ ਅਤੇ ਪੁੱਛਗਿੱਛ ਦੀ ਪ੍ਰਕਿਰਿਆ ਆਉਣ ਵਾਲੇ ਦਿਨਾਂ ਵਿੱਚ ਵੀ ਜਾਰੀ ਰਹੇਗੀ।

26 ਅਪ੍ਰੈਲ ਨੂੰ ਗ੍ਰਹਿ ਰਾਜ ਮੰਤਰੀ ਹਰਸ਼ ਸੰਘਵੀ ਨੇ ਦੱਸਿਆ ਕਿ ਦੇਰ ਰਾਤ ਤੋਂ ਚੱਲ ਰਹੇ ਇਸ ਆਪ੍ਰੇਸ਼ਨ ਵਿੱਚ ਹੁਣ ਤੱਕ ਕੁੱਲ ਇੱਕ ਹਜ਼ਾਰ ਤੋਂ ਵੱਧ ਸ਼ੱਕੀਆਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ, ਜਿਨ੍ਹਾਂ ਵਿੱਚ ਅਹਿਮਦਾਬਾਦ ਤੋਂ 890 ਅਤੇ ਸੂਰਤ ਤੋਂ 134 ਲੋਕ



ਜਦੋਂ ਪੁਲਿਸ ਨੇ ਪਰਿਵਾਰਕ ਮੈਂਬਰਾਂ ਨੂੰ ਹਿਰਾਸਤ ਵਿੱਚ ਲਿਆ ਤਾਂ ਔਰਤਾਂ ਕ੍ਰਾਈਮ ਬਰਾਂਚ ਦੇ ਬਾਹਰ ਦਰਵਾਜ਼ੇ 'ਤੇ ਬੈਠ ਗਈਆਂ

ਸ਼ਾਮਲ ਹਨ।

ਹਰਸ਼ ਸੰਘਵੀ ਨੇ ਦਾਅਵਾ ਕੀਤਾ, "ਅਸੀਂ ਦੇਖਿਆ ਹੈ ਕਿ ਪਹਿਲਾਂ ਗ੍ਰਿਫ਼ਤਾਰ ਕੀਤੇ ਗਏ ਚਾਰ ਬੰਗਲਾਦੇਸ਼ੀਆਂ ਵਿੱਚੋਂ ਦੋ ਅਲਕਾਇਦਾ ਲਈ ਸਲੀਪਰ ਸੈੱਲ ਵਜੋਂ ਕੰਮ ਕਰ ਰਹੇ ਸਨ। ਇਨ੍ਹਾਂ ਸਾਰੇ ਬੰਗਲਾਦੇਸ਼ੀਆਂ ਦੀਆਂ ਗਤੀਵਿਧੀਆਂ ਦੀ ਜਾਂਚ ਕੀਤੀ ਜਾ ਰਹੀ ਹੈ।"

## ਅਹਿਮਦਾਬਾਦ ਦੇ ਚੰਡੋਲਾ ਵਿੱਚ ਕਥਿਤ ਬੰਗਲਾਦੇਸ਼ੀ ਬਸਤੀ

ਅਹਿਮਦਾਬਾਦ ਵਿੱਚ ਬੰਗਲਾਦੇਸ਼ੀ ਦੱਸ ਕੇ ਹਿਰਾਸਤ ਵਿੱਚ ਲਏ ਗਏ ਕਈ ਲੋਕ ਚੰਡੋਲਾ ਝੀਲ ਦੇ ਕੋਲ ਰਹਿੰਦੇ ਸਨ।

ਅਹਿਮਦਾਬਾਦ ਦੇ ਦਾਨਿਲਿਮਡਾ ਇਲਾਕੇ ਵਿੱਚ ਸਥਿਤ ਚੰਡੋਲਾ ਝੀਲ ਲਗਭਗ 1200 ਹੈਕਟੇਅਰ ਖੇਤਰ ਵਿੱਚ ਫੈਲੀ ਹੋਈ ਹੈ।

ਜਦੋਂ ਵੀ ਅਹਿਮਦਾਬਾਦ ਵਿੱਚ ਗੈਰ-ਕਾਨੂੰਨੀ ਤੌਰ 'ਤੇ ਰਹਿ ਰਹੇ ਵਿਦੇਸ਼ੀ ਨਾਗਰਿਕਾਂ, ਖਾਸ ਕਰਕੇ ਬੰਗਲਾਦੇਸ਼ੀ ਨਾਗਰਿਕਾਂ ਦੇ ਮੁੱਦੇ 'ਤੇ ਚਰਚਾ ਹੁੰਦੀ ਹੈ ਤਾਂ ਦਾਨਿਲਿਮਡਾ, ਸ਼ਾਹ ਆਲਮ, ਮਨੀਨਗਰ ਅਤੇ ਇਸਨਪੁਰ ਦੇ ਵਿਚਕਾਰ ਸਥਿਤ ਚੰਡੋਲਾ ਝੀਲ ਦੇ ਆਲੇ-ਦੁਆਲੇ ਦੀਆਂ ਬਸਤੀਆਂ ਜ਼ਰੂਰ ਚਰਚਾ ਵਿੱਚ ਆਉਂਦੀਆਂ ਹਨ।

ਪੁਲਿਸ ਨੇ ਪਹਿਲਾਂ ਵੀ ਉੱਥੇ ਤਲਾਸ਼ੀ ਮੁਹਿੰਮ ਚਲਾ ਚੁੱਕੀ ਹੈ। ਪਿਛਲੇ ਸਾਲ 24 ਅਕਤੂਬਰ ਨੂੰ ਗੁਜਰਾਤ ਪੁਲਿਸ ਨੇ ਇੱਕ ਕਾਰਵਾਈ ਵਿੱਚ ਲਗਭਗ 48 ਲੋਕਾਂ ਨੂੰ ਹਿਰਾਸਤ ਵਿੱਚ ਲਿਆ ਅਤੇ ਉਨ੍ਹਾਂ ਨੂੰ ਬੰਗਲਾਦੇਸ਼ ਭੇਜਣ ਦੀ ਪ੍ਰਕਿਰਿਆ ਸ਼ੁਰੂ ਕੀਤੀ।

ਪੁਲਿਸ ਨੇ ਉਸ ਸਮੇਂ ਦਾਅਵਾ ਕੀਤਾ ਸੀ ਕਿ ਇਹ ਸਾਰੇ ਲੋਕ ਜਾਅਲੀ ਆਧਾਰ ਕਾਰਡ, ਰਾਸ਼ਨ ਕਾਰਡ ਆਦਿ ਦੇ ਆਧਾਰ 'ਤੇ ਅਹਿਮਦਾਬਾਦ ਦੇ ਚੰਡੋਲਾ ਝੀਲ ਇਲਾਕੇ ਵਿੱਚ ਗੈਰ-ਕਾਨੂੰਨੀ ਘਰਾਂ ਵਿੱਚ ਰਹਿ ਰਹੇ ਸਨ।

ਚੰਡੋਲਾ ਇਲਾਕੇ ਵਿੱਚ ਕੁਝ ਸਵੈ-ਇੱਛੁਕ ਸੰਸਥਾਵਾਂ ਕੰਮ ਕਰ ਰਹੀਆਂ ਹਨ।

ਬੀਨਾਬੇਨ ਜਾਧਵ ਚੰਡੋਲਾ ਝੀਲ ਖੇਤਰ ਦੇ ਲੋਕਾਂ ਨਾਲ ਕੰਮ ਕਰਦੀ ਹੈ ਅਤੇ ਵਿਅਕਤੀਤਵ ਸੰਘਰਸ਼ ਸਮਿਤੀ ਦੀ ਸੰਸਥਾਪਕ ਹਨ।

ਉਨ੍ਹਾਂ ਨੇ ਬੀਬੀਸੀ ਪੱਤਰਕਾਰ ਰੌਕਸੀ ਗਾਗਡੇਕਰ ਛਾਰਾ ਨੂੰ ਦੱਸਿਆ ਸੀ, "ਚੰਡੋਲਾ ਝੀਲ ਇਲਾਕੇ ਵਿੱਚ ਕਈ ਲੋਕ ਰਹਿੰਦੇ ਹਨ, ਜੋ ਸਾਲਾਂ ਤੋਂ ਬੰਗਾਲ ਦੇ ਵੱਖ-ਵੱਖ ਪਿੰਡਾਂ ਤੋਂ ਇੱਥੇ ਆਉਂਦੇ ਰਹੇ ਹਨ।"

ਉਨ੍ਹਾਂ ਦਾ ਕਹਿਣਾ, "ਪੁਲਿਸ ਨੂੰ ਜਾਂਚ ਕਰਨੀ ਚਾਹੀਦੀ ਹੈ, ਬੰਗਲਾਦੇਸ਼ੀ ਨਾਗਰਿਕਾਂ ਨੂੰ ਲੱਭਣਾ ਚਾਹੀਦਾ ਅਤੇ ਉਨ੍ਹਾਂ ਨੂੰ ਦੇਸ਼ ਨਿਕਾਲਾ ਦੇ ਦੇਣਾ ਚਾਹੀਦਾ। ਪਰ ਬੰਗਲਾਦੇਸ਼ੀ ਹੋਣ ਦੇ ਇਲਜ਼ਾਮ ਹੇਠ ਹਰ ਕਿਸੇ ਨੂੰ ਗ੍ਰਿਫ਼ਤਾਰ ਕਰਨਾ ਸਹੀ ਨਹੀਂ ਹੈ।"

ਸਫ਼ਾ 4 ਦੀ ਬਾਕੀ ਖ਼ਬਰ

ਸਰਕਾਰ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਵਚਨਬੱਧ ਹੈ ਅਤੇ ਇਸ ਗੈਰ-ਕਾਨੂੰਨੀ ਕਾਰੋਬਾਰ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ।

ਪਿੰਡ ਵਾਸੀਆਂ ਨੇ ਜ਼ਿਲ੍ਹਾ ਪੁਲਿਸ ਵੱਲੋਂ ਕੀਤੀ ਇਸ ਕਾਰਵਾਈ ਅਤੇ ਨਸ਼ਿਆਂ ਦੀ ਤਸਕਰੀ ਨੂੰ ਰੋਕਣ ਲਈ ਪੰਜਾਬ ਸਰਕਾਰ ਦੇ ਠੋਸ ਯਤਨਾਂ ਦੀ ਸ਼ਲਾਘਾ ਕੀਤੀ। ਪਿੰਡ ਵਾਸੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਦਾ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਕਰਨ ਲਈ ਧੰਨਵਾਦ ਵੀ ਕੀਤਾ।

ਐਸ ਐਸ ਪੀ ਦੀਪਕ ਪਾਰੀਕ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਾ ਤਸਕਰਾਂ ਬਾਰੇ ਕੋਈ ਵੀ ਜਾਣਕਾਰੀ ਮਿਲਣ 'ਤੇ ਤੁਰੰਤ ਨੇੜਲੇ ਪੁਲਿਸ ਸਟੇਸ਼ਨ ਨੂੰ ਸੂਚਿਤ ਕੀਤਾ ਜਾਵੇ।

ਸਫ਼ਾ 4 ਦੀ ਬਾਕੀ ਖ਼ਬਰ

ਇਸ ਤੋਂ ਪਹਿਲਾਂ ਟਰਾਂਸਪੋਰਟ ਮੰਤਰੀ ਨੇ ਅੱਜ ਰੋਪੜ ਦਾ ਟੈਸਟ ਟਰੈਕ ਚੈੱਕ ਕੀਤਾ ਤੇ ਆਰ.ਟੀ.ਓ ਗੁਰਵਿੰਦਰ ਸਿੰਘ ਜੌਹਲ ਨੂੰ ਹਦਾਇਤ ਕਰਦਿਆਂ ਕਿਹਾ ਕਿ ਜੇਕਰ ਕੋਈ ਮੁਲਾਜ਼ਮ ਭ੍ਰਿਸ਼ਟਾਚਾਰ ਕਰਦਾ ਹੈ ਅਤੇ ਲੋਕਾਂ ਦੇ ਕੰਮਾਂ ਪ੍ਰਤੀ ਅਣਗਹਿਲੀ ਕਰਦਾ ਹੈ ਤਾਂ ਉਸ ਖ਼ਿਲਾਫ਼ ਤੁਰੰਤ ਬਣਦੀ ਕਾਰਵਾਈ ਕੀਤੀ ਜਾਵੇ।

ਕੈਬਿਨੇਟ ਮੰਤਰੀ ਨੇ ਆਰ.ਟੀ.ਓ ਦਫ਼ਤਰ ਵਿਖੇ ਪਹੁੰਚੇ ਆਮ ਲੋਕਾਂ ਨਾਲ ਗੱਲਬਾਤ ਵੀ ਕੀਤੀ ਅਤੇ ਮਿਲ ਰਹੀਆਂ ਸੇਵਾਵਾਂ ਬਾਰੇ ਵਿਸਥਾਰ ਨਾਲ ਪੁੱਛਿਆ ਕਿ ਆਪ ਸਭ ਦੇ ਕੰਮ ਕਿਵੇਂ ਹੋ ਰਹੇ ਹਨ ਅਤੇ ਕਿਸੇ ਵੱਲੋਂ ਕਿਸੇ ਕਿਸਮ ਦੀ ਕੋਈ ਰਿਸ਼ਵਤ ਦੀ ਮੰਗ ਤਾਂ ਨਹੀਂ ਕੀਤੀ ਜਾਂਦੀ। ਜਿਸ ਸੰਬੰਧ ਵਿੱਚ ਆਮ ਲੋਕਾਂ ਨੇ ਆਪਣੀ ਤਸੱਲੀ ਪ੍ਰਗਟਾਈ ਕਿ ਦਫ਼ਤਰ ਵਿੱਚ ਮੁਲਾਜ਼ਮਾਂ ਵਲੋਂ ਸਹੀ ਵਿਵਹਾਰ ਕੀਤਾ ਜਾਂਦਾ ਹੈ ਅਤੇ ਪਾਰਦਰਸ਼ਤਾ ਨਾਲ ਕੰਮ ਕੀਤੇ ਜਾਂਦੇ ਹਨ।

ਇਸ ਮੌਕੇ ਮੰਤਰੀ ਨੇ ਸਾਰੇ ਅਫਸਰਾਂ ਨੂੰ ਹਦਾਇਤ ਕੀਤੀ ਕਿ ਇਮਾਨਦਾਰੀ ਨਾਲ ਨੇਕ ਨੀਤੀ ਨਾਲ ਆਪਣੀ ਡਿਊਟੀ ਕਰਨੀ ਯਕੀਨੀ ਬਣਾਈ ਜਾਵੇ ਤਾਂ ਜੋ ਆਰ.ਟੀ.ਓ ਦਫਤਰ ਵਿਚ ਆਉਣ ਵਾਲੇ ਕਿਸੇ ਵੀ ਵਿਕਅਤੀ ਨੂੰ ਕਿਸੇ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

# ਪਾਵਰਕਾਮ ਅਦਾਰੇ ਦੇ ਨਿੱਜੀਕਰਨ ਖਿਲਾਫ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਸਾਂਝਾ ਸੰਘਰਸ਼ ਲੜਣ ਲਈ ਇਕਜੁੱਟ

## 8 ਮਈ ਨੂੰ ਪਟਿਆਲੇ ਅਦਾਰੇ ਦੀਆਂ ਸਮੂਹ ਜਥੇਬੰਦੀਆਂ ਦੀ ਬੁਲਾਈ ਮੀਟਿੰਗ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com

ਲੁਧਿਆਣਾ 27 ਅਪਰੈਲ

ਪੰਜਾਬ ਸਰਕਾਰ ਅਤੇ ਬਿਜਲੀ ਨਿਗਮ ਦੀ ਮੈਨੇਜਮੈਂਟ ਵੱਲੋਂ ਪਾਵਰਕਾਮ ਅਦਾਰੇ ਦੇ ਸ਼ੁਰੂ ਕੀਤੇ ਨਿੱਜੀਕਰਨ ਖਿਲਾਫ਼ ਸਾਂਝੇ ਸੰਘਰਸ਼ ਦੀ ਵਿਉਂਤਬੰਦੀ ਲਈ ਵੱਡੇ ਪੱਧਰ ਦੀ ਲਾਮਬੰਦੀ ਕਰਨ ਦੇ ਪਹਿਲੇ ਪੜਾਅ ਵਜੋਂ ਬੀਤੇ ਕੱਲ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਲੁਧਿਆਣਾ ਵਿਖੇ ਪੀਐਸਈਬੀ ਇੰਪਲਾਈਜ਼ ਜੁਆਇੰਟ ਫੋਰਮ , ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਅਤੇ ਐਸੋਸੀਏਸ਼ਨ ਆਫ਼ ਜੂਨੀਅਰ ਇੰਜੀਨੀਅਰਜ਼ ਦੇ ਸੱਦੇ ਤੇ ਬਿਜਲੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਵੱਖ - ਵੱਖ ਜਥੇਬੰਦੀਆਂ ਪਾਵਰਕਾਮ ਅਤੇ ਟ੍ਰਾਂਸ਼ਕੋ ਪੈਨਸ਼ਨਰ ਯੂਨੀਅਨ ਏਟਕ , ਟੈਕਨੀਕਲ ਸਰਵਿਸ ਯੂਨੀਅਨ ( ਭੰਗਲ) , ਪਾਵਰਕਾਮ / ਟ੍ਰਾਂਸ਼ਕੋ ਪੈਨਸ਼ਨਰ ਐਸੋਸੀਏਸ਼ਨ , ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ (ਰਜਿ : 24 ), ਪੈਨਸ਼ਨਰ ਵੈਲਫੇਅਰ ਫੈਡਰੇਸ਼ਨ ਦੀ ਵੱਡੀ ਮੀਟਿੰਗ ਰਤਨ ਸਿੰਘ ਮਜਾਰੀ ਅਤੇ ਗੁਰਪ੍ਰੀਤ ਸਿੰਘ ਗੰਡੀਵਿੰਡ ਦੀ ਪ੍ਰਧਾਨਗੀ ਹੇਠ ਹੋਈ । ਇਸ ਮੀਟਿੰਗ ਵਿੱਚ ਹਿੱਸਾ ਲੈਣ ਵਾਲੀ ਵੱਖ - ਵੱਖ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਦੀ ਲੀਡਰਸ਼ਿਪ ਨੇ ਅਦਾਰੇ ਨੂੰ ਨਿਗਲ ਜਾਣ ਵਾਲੇ ਨਿੱਜੀਕਰਨ ਰੂਪੀ ਦੈਂਤ ਦੇ ਦੰਦ ਸਾਂਝੇ ਸੰਘਰਸ਼ਾਂ ਰਾਹੀਂ ਖੱਟੇ ਕਰਨ ਦਾ ਅਹਿਦ ਲਿਆ। ਮੁਲਾਜ਼ਮ ਅਤੇ ਪੈਨਸ਼ਨਰ ਆਗੂਆਂ ਨੇ ਅਦਾਰੇ ਤੇ ਛਾਏ ਕਾਲੇ ਬੱਦਲਾਂ ਵਿਰੁੱਧ ਵਧੇਰੇ ਲਾਮਬੰਦੀ ਲਈ 8 ਮਈ ਨੂੰ ਪਟਿਆਲੇ ਸਮੂਹ



ਸੰਘਰਸ਼ਸ਼ੀਲ ਜਥੇਬੰਦੀਆਂ ਦੀ ਵੱਡੀ ਮੀਟਿੰਗ ਬੁਲਾ ਕੇ ਸਾਂਝਾ ਅਤੇ ਤਿੱਖਾ ਸੰਘਰਸ਼ ਸ਼ੁਰੂ ਕਰਨ ਦਾ ਫੈਸਲਾ ਕੀਤਾ। ਆਗੂਆਂ ਨੇ ਨਿੱਜੀਕਰਨ ਦੇ ਮੁੱਦੇ ਤੇ ਇਕਜੁੱਟਤਾ ਜ਼ਾਹਰ ਕਰਦੇ ਹੋਏ ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਕਿ ਪਾਵਰਕਾਮ ਅਦਾਰੇ ਅੰਦਰ ਕਿਸੇ ਵੀ ਕਿਸਮ ਦਾ ਨਿੱਜੀਕਰਨ ਕਰਨ ਦੀ ਬਜਾਏ ਹਜ਼ਾਰਾਂ ਦੀ ਗਿਣਤੀ ਵਿੱਚ ਖਾਲੀ ਪਈਆਂ ਅਸਾਮੀਆਂ ਰੈਗੂਲਰ ਭਰਤੀ ਰਾਹੀਂ ਭਰ ਕੇ ਅਦਾਰੇ ਦੇ ਕੰਮ ਨੂੰ ਸੁਚਾਰੂ ਤਰੀਕੇ ਨਾਲ ਚਲਾਇਆ ਜਾਵੇ । ਆਗੂਆਂ ਨੇ ਲਾਲੜੂ ਅਤੇ ਖਰੜ ਡਵੀਜ਼ਨਾਂ ਦੇ 11 ਕੇ ਵੀ ਫੀਡਰ ਪ੍ਰਬੰਧਨ ਅਤੇ ਰੈਗੂਲਰ ਮੈਂਨਟੀਨੈਸ ਨੂੰ ਨਿੱਜੀ ਕੰਪਨੀਆਂ ਦੇ ਹਵਾਲੇ ਕਰਨ ਦੀ ਤਿੱਖੇ ਸਬਦਾਂ ਵਿੱਚ ਨਿੰਦਾ ਕਰਦੇ ਹੋਏ ਪਾਵਰ ਮੈਨੇਜਮੈਂਟ ਨੂੰ ਚੇਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਜੇਕਰ ਪਾਵਰ ਮੈਨੇਜਮੈਂਟ ਨੇ ਅਦਾਰੇ ਦੇ ਸਾਰੇ ਪੰਜ ਜੋਨਾਂ ਅੰਦਰ ਜੋਨ ਵਾਈਜ਼ ਦੋ ਦੋ ਡਵੀਜ਼ਨਾਂ ਦਾ ਨਿੱਜੀਕਰਨ ਕਰਨ ਦਾ ਮੁਲਾਜ਼ਮ, ਪੈਨਸ਼ਨਰ ਅਤੇ ਲੋਕ ਵਿਰੋਧੀ ਤੁੰਗਲੁਕੀ ਫੁਰਮਾਨ ਵਾਪਸ ਨਾਂ ਲਿਆ ਤਾਂ ਸਰਕਾਰ ਦੇ ਇਸ ਘਾਤਕ ਫੈਸਲੇ ਖਿਲਾਫ ਸਮੁੱਚੇ ਪੰਜਾਬ ਵਿੱਚ ਮੁਲਾਜ਼ਮਾਂ , ਪੈਨਸ਼ਨਰਾਂ ਮਜਦੂਰਾਂ , ਕਿਸਾਨਾਂ ਦੀ ਵੱਡੀ ਲਹਿਰ ਖੜੀ ਕਰਕੇ ਬਿਜਲੀ ਦੇ ਇਸ ਮਹੱਤਵਪੂਰਨ ਅਦਾਰੇ ਨੂੰ ਪੂੰਜੀਪਤੀਆਂ ਦੇ ਹੱਥਾਂ ਵਿੱਚ ਨਹੀਂ ਜਾਣ ਦਿੱਤਾ ਜਾਵੇਗਾ। ਆਗੂਆਂ ਨੇ ਬੇਹੱਦ ਅਫਸੋਸ ਜ਼ਾਹਰ ਕਰਦਿਆਂ ਕਿਹਾ ਕਿ ਅਦਾਰੇ ਵਿੱਚ 60 ਪ੍ਰਤੀਸ਼ਤ ਤਕਨੀਕੀ ਕਾਮਿਆਂ ਦੀਆਂ ਅਸਾਮੀਆਂ ਖ਼ਾਲੀ ਹਨ, ਪ੍ਰੰਤੂ ਇਹਨਾਂ ਹਜ਼ਾਰਾਂ ਖ਼ਾਲੀ ਅਸਾਮੀਆਂ ਨੂੰ ਰੈਗੂਲਰ ਭਰਤੀ ਰਾਹੀਂ ਭਰਨ ਦੀ ਥਾਂ ਤੇ ਸਰਕਾਰ ਅਤੇ ਮੈਨੇਜਮੈਂਟ ਲੋਕਾਂ ਦੇ ਵੱਡੇ ਅਦਾਰੇ ਨੂੰ ਪੂੰਜੀਪਤੀਆਂ ਦੇ ਹਵਾਲੇ ਕਰਨ ਲਈ ਪੱਬਾਂ ਭਾਰ ਹੋ ਕੇ ਬਹੁਤ ਕਾਹਲੇ ਕਦਮੀਂ ਨੀਤੀਆਂ ਲਾਗੂ ਕਰ ਰਹੀ ਹੈ ਜਿਸ ਨੂੰ ਸੰਘਰਸ਼ੀ ਲੋਕ ਬਰਦਾਸ਼ਤ ਨਹੀਂ ਕਰਨਗੇ। ਆਗੂਆਂ ਨੇ ਕਿਹਾ ਕਿ ਬਿਜਲੀ ਨਿਗਮ ਦੀ ਮੈਨੇਜਮੈਂਟ ਜਾਣਬੁੱਝ ਕੇ ਖ਼ਾਲੀ ਅਸਾਮੀਆਂ ਨਹੀਂ ਭਰਨਾ ਚਾਹੁੰਦੀ ਤਾਂ ਕਿ ਪਬਲਿਕ ਖੇਤਰ ਦੇ ਇਸ ਅਦਾਰੇ ਦਾ ਪ੍ਰਬੰਧ ਨਿੱਜੀ ਹੱਥਾਂ ਵਿੱਚ ਦੇਣ ਦਾ ਰਾਹ ਪੱਧਰਾ ਕਰਨ ਦੇ ਨਾਲ ਨਾਲ ਖਪਤਕਾਰਾਂ ਵਿੱਚ ਇਹ ਭਰਮ ਪੈਦਾ ਕੀਤਾ ਜਾ ਸਕੇ ਕਿ ਬਿਜਲੀ ਮੁਲਾਜ਼ਮ ਬਿਜਲੀ ਪ੍ਰਬੰਧ ਸੰਭਾਲਣ ਲਈ ਸਮਰੱਥ ਨਹੀਂ ਹਨ, ਜਦਕਿ ਸੱਚਾਈ ਇਹ ਹੈ ਕਿ ਬਿਜਲੀ ਮੁਲਾਜ਼ਮ ਆਪਣੀਆਂ ਕੀਮਤੀ ਜਾਨਾਂ ਗਵਾ ਕੇ ਵੀ ਰੋਜ਼ਾਨਾ ਆਪਣੀਆਂ ਬਣਦੀਆਂ ਡਿਊਟੀਆਂ ਤੋ ਵੱਧ ਡਿਊਟੀਆਂ ਕਰਕੇ ਪੰਜਾਬ ਦੇ ਹਰੇਕ ਤਰ੍ਹਾਂ ਦੇ ਖਪਤਕਾਰਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮੁਹੱਈਆ ਕਰਵਾ ਰਹੇ ਹਨ। ਆਗੂਆਂ ਵੱਲੋਂ ਮੰਗ ਕੀਤੀ ਗਈ ਕਿ ਡਵੀਜ਼ਨਾਂ ਦੇ ਨਿੱਜੀਕਰਨ ਨੂੰ ਤੁਰੰਤ ਪ੍ਰਭਾਵ ਤੋਂ ਰੋਕ ਕੇ ਅਦਾਰੇ ਵਿੱਚ ਦਹਾਕਿਆਂ ਤੋਂ ਕੰਮ ਕਰ ਰਹੇ ਇੰਨ ਹਾਊਸ ਕੰਟਰੈਕਟ ਵਰਕਰਾਂ ਅਤੇ ਸਮੁੱਚੇ ਠੇਕਾ ਅਧਾਰਤ ਕਾਮਿਆਂ ਨੂੰ ਰੈਗੂਲਰ ਕਰਕੇ ਪਬਲਿਕ ਸੈਕਟਰ ਦੇ ਅਦਾਰੇ ਵਿੱਚ ਸਮਾਇਆ ਜਾਵੇ । ਕਿਉਂਕਿ ਪਬਲਿਕ ਸੈਕਟਰ ਦੇ ਅਦਾਰਿਆਂ ਦਾ ਗਠਨ ਲੋਕਾਂ ਨੂੰ ਸਹੂਲਤਾਂ ਦੇਣ ਦੀਆਂ ਭਾਵਨਾਵਾਂ ਨਾਲ ਕੀਤਾ ਗਿਆ ਸੀ ਤਾਂ ਹੀ ਲੋਕਾਂ ਨੇ ਸਾਂਝੀਆਂ ਜਮੀਨਾਂ ਅਦਾਰੇ ਨੂੰ ਮੁਫਤ ਦਿੱਤੀਆਂ ਸਨ ਪਰ ਹੁਣ ਦੇ ਹਾਕਮ ਅਰਬਾਂ ਰੁਪਏ ਦੀਆਂ ਜਾਇਦਾਦਾਂ ਆਪਣੇ ਪੂੰਜੀਪਤੀ ਜੋਟੀਦਾਰਾਂ ਨੂੰ ਕੌਡੀਆਂ ਦੇ ਮੁੱਲ ਵੇਚ ਰਹੇ ਹਨ । ਇਸ ਮੀਟਿੰਗ ਨੂੰ ਸਰਵ ਸਾਥੀ ਹਰਪਾਲ ਸਿੰਘ, ਗੁਰਵੇਲ ਸਿੰਘ ਬੱਲਪੁਰੀਆ, ਬਲਦੇਵ ਸਿੰਘ ਮੰਢਾਲੀ , ਇੰਜ : ਹਰਮਨਦੀਪ, ਸਰਿੰਦਰਪਾਲ ਲਹੌਰੀਆ , ਸਰਬਜੀਤ ਸਿੰਘ ਭਾਣਾ , ਦੇਵ ਰਾਜ , ਬੀ ਐਸ ਸੇਖੋਂ, ਅਮਰੀਕ ਸਿੰਘ ਮਸੀਤਾਂ, ਕ੍ਰਿਸ਼ਨ ਸਿੰਘ ਔਲਖ, ਜਸਵੀਰ ਸਿੰਘ ਆਂਡਲੂ, ਰਵੇਲ ਸਿੰਘ ਸਹਾਏਪੁਰ, ਦਵਿੰਦਰ ਸਿੰਘ ਪਿਸ਼ੌਰ, ਕੌਰ ਸਿੰਘ ਸੋਹੀ , ਗੁਰਤੇਜ ਸਿੰਘ ਪੱਖੋ , ਪਵਨਪ੍ਰੀਤ ਸਿੰਘ , ਬਾਬਾ ਅਮਰਜੀਤ ਸਿੰਘ, ਚਮਕੌਰ ਸਿੰਘ ਬੀਰਮੀ , ਜਸਵਿੰਦਰ ਸਿੰਘ, ਦਲਬੀਰ ਸਿੰਘ ਉਸਾਹਨ , ਸੁਖਵਿੰਦਰ ਸਿੰਘ ਚਾਹਲ, ਗੁਰਵਿੰਦਰ ਸਿੰਘ, ਰਘਬੀਰ ਸਿੰਘ, ਕੇਵਲ ਸਿੰਘ ਬਨਵੈਤ , ਅਰਸਵੀਰ ਸਿੰਘ ਢਿੱਲੋਂ , ਰਛਪਾਲ ਸਿੰਘ, ਜਗਤਾਰ ਸਿੰਘ, ਬਲਜੀਤ ਕੁਮਾਰ ਆਦਿ ਨੇ ਵੀ ਸੰਬੋਧਨ ਕੀਤਾ।

# ਡੀਈਓ ਐਲੀਮੈਂਟਰੀ ਦਰਸ਼ਨਜੀਤ ਸਿੰਘ ਵੱਲੋਂ ਕਲੱਸਟਰ ਮੁਖੀਆਂ ਨਾਲ਼ ਮੀਟਿੰਗ ਕੀਤੀ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com

ਮੁਹਾਲੀ ਮਿਤੀ 28 ਅਪ੍ਰੈਲ () ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਤਹਿਤ, ਸਿੱਖਿਆ ਮੰਤਰੀ ਪੰਜਾਬ ਸ਼੍ਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਵਿੱਚ,ਸਕੂਲ ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅੱਜ ਇੱਥੇ ਜ਼ਿਲ੍ਹਾ ਮੁੱਖ ਦਫ਼ਤਰ ਤੋਂ ਡੀਈਓ ਐਲੀਮੈਂਟਰੀ ਦਰਸ਼ਨਜੀਤ ਸਿੰਘ ਨੇ ਆਨਲਾਈਨ ਜ਼ਿਲ੍ਹੇ ਦੇ ਕਲੱਸਟਰ ਮੁਖੀਆਂ ਨਾਲ਼ ਇੱਕ ਮੀਟਿੰਗ ਕੀਤੀ ਗਈ। ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਡੀਈਓ ਐਲੀਮੈਂਟਰੀ ਪਰਮਿੰਦਰ ਕੌਰ ਨੇ ਦੱਸਿਆ ਕਿ ਵਿਭਾਗ ਦੀਆਂ ਹਦਾਇਤਾਂ ਤੇ ਬੱਚਿਆਂ ਦੇ ਦਾਖ਼ਲਿਆਂ ਬਾਰੇ ਜਾਣਕਾਰੀ ਸਾਂਝੀ ਕਰਕੇ ਨਵੇਂ ਦਾਖ਼ਲਿਆਂ ਨੂੰ ਵਧਾਉਣ ਲਈ ਉਪਰਾਲੇ ਕਰਨ ਲਈ ਜ਼ੋਰ ਦਿੱਤਾ ਗਿਆ। ਕਲੱਸਟਰ ਮੁਖੀਆਂ ਨੂੰ ਹਦਾਇਤ ਕੀਤੀ ਗਈ ਕਿ ਵਿਭਾਗ ਵੱਲੋਂ ਤੈਅ ਕੀਤੇ 10 ਫ਼ੀਸਦ ਦੇ ਟੀਚੇ ਨੂੰ ਹਰ ਸਕੂਲ ਨੂੰ ਜਲਦੀ ਤੋਂ ਜਲਦੀ ਪੂਰਾ ਕਰਨ ਲਈ ਪ੍ਰੇਰਿਤ ਕੀਤਾ ਜਾਵੇ।ਇਸ ਤੋਂ ਇਲਾਵਾ ਜ਼ਿਲ੍ਹੇ ਵਿੱਚ ਚੱਲ ਰਹੇ ਨਬਾਰਡ ਵਿਕਾਸ ਕਾਰਜਾਂ ਦੇ ਕੰਮਾਂ ਵਿੱਚ ਤੇਜ਼ੀ ਲਿਆਂਦੀ ਜਾਵੇ। ਬੱਚਿਆਂ




ਨੂੰ ਮਿਡ ਡੇਅ ਮੀਲ, ਮਿਸ਼ਨ ਸਮਰੱਥ,ਪਾਠ ਪੁਸਤਕਾਂ ਦੀ ਵੰਡ ਅਤੇ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਵਿਕਾਸ ਕਾਰਜਾਂ ਦੇ ਉਦਘਾਟਨ ਦੀ ਰਿਪੋਰਟ ਸਾਂਝੀ ਕੀਤੀ ਗਈ।

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com

# ਅਕਲ ਕਿਸਨੂੰ ?

ਦਰਸ਼ਨ ਸਿੰਘ ਬਰੇਟਾ
mail dsbbareta@gmail.com
ਮੋਬ 9478635500

( ਮਿੰਨੀ ਕਹਾਣੀ)

ਮੈਂ ਤੇ ਮੇਰਾ ਦੋਸਤ ਸ਼ਾਮ ਨੂੰ ਖਾਣਾ ਖਾਣ ਮਗਰੋਂ ਨਿੱਤ ਦੀ ਆਦਤ ਅਨੁਸਾਰ ਘੁੰਮਣ ਨਿਕਲ ਤੁਰੇ। ਪਾਰਕ ਦੁਆਲਿਓ ਲੱਗਭੱਗ ਦੋ ਕਿਲੋ ਮੀਟਰ ਪੈਂਡਾ ਤਹਿ ਕਰਦਿਆਂ ਅਕਸਰ ਕੋਈ ਨਾ ਕੋਈ ਹਲਕਾ ਫੁੱਲਕਾ ਵਿਸ਼ਾ ਚੱਲ ਹੀ ਪੈਂਦਾ।

ਅੱਜ ਵਿਸ਼ਾ ਚੱਲਿਆ। ਮਨੁੱਖੀ ਅਕਲ ਦੇ ਮਾਅਰਕੇ। “ਇਨਸਾਨ ਨੇ ਅਕਲ ਦੇ ਬਲਬੁੱਤੇ ਕਿੰਨੀਆਂ ਲਾਭਕਾਰੀ ਅਤੇ ਦੂੱਜੇ ਪਾਸੇ ਵਿਨਾਸ਼ਕਾਰੀ ਖੋਜ਼ਾਂ ਕੀਤੀਆਂ ਨੇ। ਕਿੰਨੀ ਅਥਾਹ ਅਕਲ ਹੈ , ਏਸ ਮਨੁੱਖ ਨੂੰ ! ਕਿੱਧਰੇ ਪੰਛੀਆਂ ਵਾਂਗ ਹਵਾ ‘ਚ ਉਡਾਰੀਆਂ ਮਾਰਦਾ ਫਿਰਦੈ। ਮੰਗਲ ਗ੍ਰਹਿ ਅਤੇ ਚੰਦਰਮਾਂ ਉੱਪਰ ਪਲਾਟ ਕਟਾਉਣ ਦੀਆਂ ਸਕੀਮਾਂ ਬਣਾ ਰਿਹੈ। ਮਿੰਟਾਂ ਸਕਿੰਟਾਂ ‘ਚ ਸੱਤ ਸਮੁੰਦਰੋ ਪਾਰ ਸਿੱਧੀਆਂ ਗੱਲਾਂ ਬਾਤਾਂ ਕਰ ਲੈਂਦੈ।ਸੁਨੇਹੇ ਭੇਜਣਾਂ ਤਾਂ ਹੁਣ ਚੁੱਟਕੀ ਦਾ ਕੰਮ ਲਗਦੈ। ਓਧਰ ਪ੍ਰਮਾਣੂ ਬੰਬਾਂ , ਮਿਜ਼ਾਈਲਾਂ ਦੀਆਂ ਵਿਨਾਸ਼ਕਾਰੀ ਖਬਰਾਂ ਵੀ ਕੰਨੀ ਪੈਂਦੀਆਂ ਨੇ। ਸੁਣਿਐ ਹੁਣ ਤਾਂ ਮਨੁੱਖ ਨੇ ਮਨੁੱਖ ਨੂੰ ਖਤਮ ਕਰਨ ਲਈ ਬਾਇਓ ਜੰਗ ਲਈ ਮਾਰੂ ਵਾਇਰਸ ਵਰਗੇ ਹਥਿਆਰ ਵੀ ਤਿਆਰ ਕਰਨ ਦੀ ਜਾਚ ਸਿੱਖ ਲਈ ਹੈ। ਅਖੇ ਨਾ ਖੜਕਾ ਨਾ ਦੜਕਾ । ਹੌਲੀ ਹੌਲੀ ਬੰਦਾ ਖਤਮ। ਭੁਸਰਿਆ ਮਨੁੱਖ ਪੂਰੀ ਕਾਇਨਾਤ ਤੇ ਕਬਜਾ ਕਰਨ ਦੀ ਹੋੜ ‘ਚ ਲਗਾਤਾਰ ਅੱਗੇ ਵਧਦਾ ਹੀ ਜਾ ਰਿਹੈ।”

ਵਿਚਾਰਾਂ ਕਰਦੇ ਤੁਰੇ ਜਾ ਰਹੇ ਸਾਂ। ਦੋ ਵੀਰ ਜੱਫੀ ਪਾਈਂ। ਸ਼ਰਾਬ ਦੇ ਨਸ਼ੇ ‘ਚ ਧੁੱਤ। ਡਿੱਕ ਡੋਲੇ ਖਾਂਦੇ ਸੜਕ ਪਾਰ ਕਰ ਰਹੇ ਸਨ। ਇੱਕ ਤਾਂ ਮਸਾਂ ਹੀ ਕਦਮ ਪੁੱਟ ਰਿਹਾ ਸੀ।

ਸਾਰੇ ਦਿਨ ਦਾ ਥੱਕਿਆ ਟੁੱਟਿਆ ਰਿਕਸ਼ੇ ਵਾਲਾ ਪ੍ਰਦੇਸੀ ਜਿਉਂ ਹੀ ਉਹਨਾਂ ਦੇ ਅੱਗਿਓ ਲੰਘਣ ਲੱਗਿਆ ਤਾਂ ਇੱਕ ਸ਼ਰਾਬੀ ਵੀਰ ਨੇ ਰਿਕਸ਼ਾ ਰੋਕਦਿਆਂ ਤਾੜ ਤਾੜ ਕਰਦੇ ਤਿੰਨ ਚਾਰ ਥੱਪੜ ਜੜਦਿਆਂ ਰੋਅਬ ਮਾਰਿਆ।

“ ਤੈਨੂੰ ਅਕਲ ਨੀ ! ਕਿਹਦੇ ਅੱਗੋਂ ਦੀ ਲੰਘ ਰਿਹੈਂ? ਪਹਿਲਾਂ ਤੇਰੇ ਪਤੰਦਰਾਂ ਨੂੰ ਲੰਘ ਲੈਣ ਦੇ!

ਸਾਲਿ............।”

ਨਸ਼ੇ ‘ਚ ਹੰਕਾਰ ਸਿਰ ਚੜ ਬੋਲ ਰਿਹਾ ਸੀ।

ਬੇਬੱਸ ਰਿਕਸ਼ੇ ਵਾਲਾ ਪ੍ਰਦੇਸੀ ਥੱਪੜ ਖਾਂਦਿਆਂ, ਬਿਨਾ ਕੁੱਝ ਬੋਲਿਆਂ ਨੀਵੀਂ ਪਾ ਅੱਖਾਂ ਭਰਦਾ ਤੁਰਦਾ ਬਣਿਆ। ਉਸਨੂੰ ਉਥੋਂ ਚਲੇ ਜਾਣ ‘ਚ ਹੀ ਸਿਆਣਪ ਲੱਗੀ।

“ ਓ ਜਾਣ ਦੇ ਬਾਈ ਕਾਹਨੂੰ ਬਹਿਸਦੈਂ। ਛੋਟੇ ਮੋਟੇ ਅਨਪੜ ਬੰਦਿਆਂ ਨਾਲ! ਜਾਣ



ਦੇ ਪਰਾਂ ਜਾਤ ਕੁਜਾਤ ਨੂੰ। ਕਾਹਨੂੰ ਮੂੰਹ ਲਾਉਣੈ। ਇਹਨਾਂ ਨੂੰ ਅਕਲ ਉਕਲ ਘੱਟ ਈ ਹੁੰਦੀ ਆ। ਕਿੱਥੇ ਰਾਜਾ ਭੋਜ ਤੇ ਕਿੱਥੇ ਇਹ ਗੰਗੂ ਤੇਲੀ। ਆ ਜਾ ਬਾਈ ਆਪਾਂ ਆਪਣੇ ਰਾਹ ।”

ਦੂੱਜੇ ਸ਼ਰਾਬੀ ਨੇ ਵੀ ਨਸ਼ਾ ਖਰਾ ਕਰਦਿਆਂ ਹਾਜਰੀ ਲਵਾਈ।

ਹੁਣ ਸਾਨੂੰ ਇਹ ਸਮਝਣ ‘ਚ ਦੇਰ ਨਾ ਲੱਗੀ ਕਿ ਅਕਲ ਕਿਸਨੂੰ ਨਹੀਂ ?

ਹਣ ਸੈਰ ਦੌਰਾਨ ਛਾਇਆ ਸ਼ਨਾਟਾ ਸਾਡੇ ਮਨਾਂ ਦੀ ਚਿੰਤਾ ਸਾਫ ਜਾਹਿਰ ਕਰ ਰਿਹਾ ਸੀ।

# ਨਾਭਾ ਕੈਮਿਸਟ ਐਸੋਸੀਏਸ਼ਨ ਸਰਕਾਰ ਦੀ ‘ਨਸ਼ਿਆਂ ਵਿਰੁੱਧ ਜੰਗ’ ਮੁਹਿੰਮ ਵਿੱਚ ਪੂਰਾ ਸਮਰਥਨ ਕਰੇਗੀ: ਸਲੀਮ ਮੁਹੰਮਦ

## ਕੈਮਿਸਟ ਐਸੋਸੀਏਸ਼ਨ ਵੱਲੋਂ ਇਸ ਮੁੱਦੇ ‘ਤੇ ਸਮੂਹ ਕੈਮਿਸਟਾਂ ਨਾਲ ਮੀਟਿੰਗਾਂ ਵੀ ਕੀਤੀਆਂ ਗਈਆਂ ਹਨ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com

ਨਾਭਾ 28 ਅਪ੍ਰੈਲ ਬਾਂਗਾਂ/ ਬੇਅੰਤ ਸਿੰਘ ਰੋਹਟੀ ਖਾਸ) ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਨਸ਼ਿਆਂ ਵਿਰੁੱਧ ਸ਼ੁਰੂ ਕੀਤੀ ਗਈ ‘ਨਸ਼ਿਆਂ ਵਿਰੁੱਧ ਜੰਗ’ ਮੁਹਿੰਮ ਦਾ ਪੂਰਾ ਸਮਰਥਨ ਕਰਦੇ ਹੋਏ, ਨਾਭਾ ਕੈਮਿਸਟ ਐਸੋਸੀਏਸ਼ਨ ਦੇ ਚੇਅਰਮੈਨ ਸਲੀਮ ਮੁਹੰਮਦ ਰਾਜਾ ਮੈਡੀਕਲ ਹਾਲ ਨੇ ਕਿਹਾ ਕਿ ਸਾਰੇ ਕੈਮਿਸਟਾਂ ਨੇ ਨਾਭਾ ਪੁਲਿਸ ਵੱਲੋਂ ਨਸ਼ਾ ਤਸਕਰਾਂ ਵਿਰੁੱਧ ਸਰਕਾਰ ਦੇ ਹੁਕਮਾਂ ‘ਤੇ ਸ਼ੁਰੂ ਕੀਤੀ ਗਈ ਇਸ ਮੁਹਿੰਮ ਵਿੱਚ ਪੂਰਾ ਸਹਿਯੋਗ ਦੇਣ ਦਾ ਫੈਸਲਾ ਕੀਤਾ ਹੈ। ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿੱਚ ਸਮੂਹ ਕੈਮਿਸਟ ਐਸੋਸੀਏਸ਼ਨ ਦੇ ਮੈਂਬਰਾਂ ਦੀਆਂ ਮੀਟਿੰਗਾਂ ਵੀ ਹੋਈਆਂ ਹਨ। ਉਸਨੇ ਦੱਸਿਆ ਕਿ ਇਸ ਸਬੰਧੀ ਐਸੋਸੀਏਸ਼ਨ ਨੇ ਸਪੱਸ਼ਟ ਕੀਤਾ ਹੈ ਕਿ ਕੋਈ ਵੀ ਕੈਮਿਸਟ ਨਸ਼ੀਲੇ ਪਦਾਰਥ ਨਹੀਂ ਵੇਚੇਗਾ ਅਤੇ ਜੇਕਰ ਕੋਈ ਦੁਕਾਨਦਾਰ ਨਸ਼ੀਲੇ ਪਦਾਰਥ ਵੇਚਦਾ ਫੜਿਆ ਜਾਂਦਾ ਹੈ ਤਾਂ ਐਸੋਸੀਏਸ਼ਨ ਤੁਹਾਨੂੰ ਕੋਈ ਵੀ ਸਹਾਇਤਾ ਨਹੀਂ ਦੇਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚੋਂ ਨਸ਼ੇ ਦੀ ਬੁਰਾਈ ਨੂੰ ਖਤਮ ਕਰਨ ਲਈ ਸਾਨੂੰ ਸਾਰਿਆਂ ਨੂੰ ਸਹਿਯੋਗ ਕਰਨਾ ਪਵੇਗਾ। ਉਸਨੇ ਕਿਹਾ ਕਿ ਇਸ ਬਿਮਾਰੀ ਨੂੰ ਖਤਮ ਕਰਨ ਦੀ ਪੂਰੀ ਜ਼ਿੰਮੇਵਾਰੀ ਸਿਰਫ਼ ਸਰਕਾਰ ਜਾਂ ਪੁਲਿਸ ਦੀ ਹੀ ਨਹੀਂ, ਸਗੋਂ ਸਮਾਜ ਦੀ ਵੀ ਹੈ। ਇਸ ਲਈ, ਜਿੱਥੇ ਐਸੋਸੀਏਸ਼ਨ ਨੇ ਸਰਕਾਰ ਨੂੰ ਪੂਰਾ ਸਹਿਯੋਗ ਦੇਣ ਦਾ ਫੈਸਲਾ ਕੀਤਾ ਹੈ, ਉੱਥੇ ਹੀ ਨਸ਼ਿਆਂ ਦੇ ਜਾਲ ਵਿੱਚ ਫਸੇ ਨੌਜਵਾਨਾਂ ਨੂੰ ਇਸ ਦਲਦਲ ਵਿੱਚੋਂ ਬਾਹਰ ਕੱਢਣ ਲਈ ਮਦਦ ਕਰਨ ਦਾ ਐਲਾਨ ਵੀ ਕੀਤਾ ਹੈ। ਉਸਨੇ ਕਿਹਾ ਕਿ ਚੇਅਰਮੈਨ ਸਲੀਮ ਮੁਹੰਮਦ ਨੇ ਕਿਹਾ ਕਿ ਸਮੁੱਚੀ ਕੈਮਿਸਟ ਐਸੋਸੀਏਸ਼ਨ ਜਲਦੀ ਹੀ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੂੰ ਮਿਲੇਗੀ ਅਤੇ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਸ਼ੁਰੂ ਕੀਤੀ ਗਈ ਮੁਹਿੰਮ ਵਿੱਚ ਉਨ੍ਹਾਂ ਨੂੰ ਹਰ ਸੰਭਵ ਸਹਿਯੋਗ ਦੇਣ ਦਾ ਵਾਅਦਾ ਕਰੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਆਈਸਰਪ੍ਰਸਤ ਮਨਜੀਤ ਸਿੰਘ, ਪ੍ਰਧਾਨ ਪ੍ਰਵੀਨ ਕੁਮਾਰ ਮੰਡੀਆ, ਏ. ਇਸ ਮੌਕੇ ਹੋਲਸੇਲ ਐਸੋਸੀਏਸ਼ਨ ਦੇ ਪ੍ਰਧਾਨ ਪੁਨੀਤ ਅਰੋੜਾ, ਮਨਜੀਤ ਸਿੰਘ ਸਰਪ੍ਰਸਤ, ਡਾ:



ਬਲਵਿੰਦਰ ਸਿੰਘ, ਡਾ: ਪੱਪੀ, ਨਰਿੰਦਰ ਢੀਗੜਾ, ਰਾਜ ਕੁਮਾਰ, ਵਰੁਣ ਭਾਟੀਆ, ਏ.ਆਈ.ਪੀ.ਐਸ. ਚੁੱਘ, ਭਾਰਤ ਇੰਦੂ, ਇੰਦੂ ਮੈਡੀਕੋਜ਼, ਦੀਪੀ ਚੋਪੜਾ, ਦਰਸ਼ਨ ਬਾਂਸਲ, ਸੁਖਜਿੰਦਰ ਟਿਵਾਣਾ, ਗਰਗ ਮੈਡੀਕੋਜ਼, ਸਿਟੀ ਕੈਮਿਸਟ, ਪ੍ਰੀਤਮ ਵਰਿੰਦਰ ਰਾਮ ਬਤਰਾ, ਵੱਡੀ ਗਿਣਤੀ ‘ਚ ਹਾਜ਼ਰ ਸਨ। ਕੈਮਿਸਟ ਐਸੋਸੀਏਸ਼ਨ ਹਾਜ਼ਰ ਸਨ। ਫੋਟੋ: ਗੱਲਬਾਤ ਤੋਂ ਬਾਅਦ ਕੈਮਿਸਟ ਐਸੋਸੀਏਸ਼ਨ ਦੇ ਚੇਅਰਮੈਨ ਸਲੀਮ ਮੁਹੰਮਦ।

# ਪ੍ਰਸਿੱਧ ਰਾਗੀ ਭਾਈ ਹਰਜਿੰਦਰ ਸਿੰਘ ਜੀ ਨੂੰ ਰਾਸ਼ਟਰਪਤੀ ਨੇ ਦਿੱਤਾ ਪਦਮ ਸ਼੍ਰੀ ਪੁਰਸਕਾਰ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com

ਕਲਾ ਦੇ ਖੇਤਰ ਵਿੱਚ ਪਾਏ ਵਿਸ਼ੇਸ਼ ਯੋਗਦਾਨ ਕਰ ਕੇ ਮਿਲਿਆ ਐਵਾਰਡ

ਸਿੱਧ ਰਾਗੀ ਭਾਈ ਹਰਜਿੰਦਰ ਸਿੰਘ ਨੂੰ ਦੇਸ਼ ਦੇ ਰਾਸਟਰਪਤੀ ਦ੍ਰੋਪਦੀ ਮੁਰਮੂ ਨੇ ਪਦਮ ਸ਼੍ਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਹੈ। ਭਾਈ ਹਰਜਿੰਦਰ ਸਿੰਘ ਨੂੰ ਕਲਾ ਦੇ ਖੇਤਰ ਵਿੱਚ ਵਿਸ਼ੇਸ਼ ਯੋਗਦਾਨ ਪਾਉਣ ਲਈ ਇਹ ਐਵਾਰਡ ਮਿਲਿਆ ਹੈ

# ਬਾਬਾ ਸਾਹਿਬ ਡਾ ਅੰਬੇਡਕਰ ਜੀ ਦਾ ਜਨਮ ਦਿਨ ਸਾਨੂੰ ਸ਼ਰਧਾ ਅਤੇ ਮੰਨੋਰੰਜ਼ਨ ਦਾ ਸਾਧਨ ਦੇ ਤੌਰ ਤੇ ਨਹੀਂ ਮਨਾਉਣਾ ਚਾਹੀਦਾ --ਐਡਵੋਕੇਟ ਅਵਤਾਰ ਸਿੰਘ ਕਰੀਮਪੁਰੀ

## ਇਸ ਮੌਕੇ ਤੇ ਮਿਸ਼ਨਰੀ ਗਾਇਕ ਗੋਲਡੀ ਮਲਿਕ ਅਤੇ ਮਿਸ਼ਨਰੀ ਗਾਇਕਾਂ ਨੀਲਮ ਠੱਕਰਵਾਲ ਨੇ ਹਾਜ਼ਰੀ ਲਗਵਾਈ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com

ਬੰਗਾ (ਚਰਨਜੀਤ ਸੱਲ੍ਹਾ ) ਕੱਲ ਰਾਤ ਨੂੰ ਬਾਬਾ ਸਾਹਿਬ ਡਾ ਅੰਬੇਡਕਰ ਜੀ ਦਾ ਜਨਮ ਦਿਨ ਮਿਸ਼ਨਰੀ ਭਾਵਨਾ ਨਾਲ ਬੰਗਾ ਵਿਖੇ ਮਨਾਇਆ ਗਿਆ।ਜਿਸ ਦੇ ਮੁੱਖ ਮਹਿਮਾਨ ਐਡਵੋਕੇਟ ਅਵਤਾਰ ਸਿੰਘ ਕਰੀਮਪੁਰੀ ਜੀ ਨੇ ਆਪਣੇ ਲੰਬੇ ਚੌੜੇ ਭਾਸ਼ਣ ਵਿੱਚ ਕਿਹਾ ਕਿ ਸਾਨੂੰ ਬਾਬਾ ਸਾਹਿਬ ਡਾ ਅੰਬੇਡਕਰ ਜੀ ਦਾ ਜਨਮ ਦਿਨ ਸਿਰਫ਼ ਸ਼ਰਧਾ ਅਤੇ ਮੰਨੋਰੰਜ਼ਨ ਦੇ ਤੌਰ ਤੇ ਨਹੀਂ ਮਨਾਉਣਾ ਚਾਹੀਦਾ ਸਗੋਂ ਸਾਨੂੰ ਚਾਹੀਦਾ ਹੈ ਕਿ ਪਿਛੇ ਜਿੰਨੀਆਂ ਵੀ ਸਰਕਾਰਾਂ ਆਈਆਂ ਉਨ੍ਹਾਂ ਨੇ ਸਾਨੂੰ ਕੁੱਟਣ ਅਤੇ ਲਾਅਰੇ ਨਾਅਰਿਆਂ ਤੋਂ ਸਿਵਾਏ ਕੁਝ ਵੀ ਨਹੀਂ ਦਿੱਤਾ। ਸਾਡੇ ਕੋਲੋਂ ਸਭ ਕੁਝ ਖੋਹ ਲਿਆ ਹੈ



ਇਸ ਲਈ ਹੁਣ ਸਾਨੂੰ ਬਾਬਾ ਸਾਹਿਬ ਡਾ ਅੰਬੇਡਕਰ ਜੀ ਅਤੇ ਸਾਹਿਬ ਸ੍ਰੀ ਕਾਂਸ਼ੀ ਰਾਮ ਜੀ ਦੇ ਅਧੂਰੇ ਸੁਪਨੇ ਨੂੰ ਪੂਰਾ ਕਰਨਾ ਸਾਡਾ ਫਰਜ਼ ਹੋਣਾ ਚਾਹੀਦਾ ਹੈ। ਇਸ ਮੌਕੇ ਤੇ ਮਿਸ਼ਨਰੀ ਗਾਇਕ ਗੋਲਡੀ ਮਾਲਿਕ ਨੇ ਲੋਕਾਂ ਨੂੰ ਜਾਗਰੂਕ ਭਰੇ ਗੀਤਾਂ ਰਾਹੀਂ ਸੁਨ ਕਰ ਦਿੱਤਾ ਜਿਨ੍ਹਾਂ ਚਿਰ ਉਸ ਨੇ ਉਸ ਨੇ ਗਾਇਆ ਸਿਰਫ ਬਾਬਾ ਸਾਹਿਬ ਦਾ ਮਿਸ਼ਨ ਗਾਇਆ ਅਤੇ ਸਚਾਈ ਨੂੰ ਲੋਕਾਂ ਸਾਹਮਣੇ ਪੇਸ਼ ਕੀਤਾ।ਨੀਲਮ ਠੱਕਰਵਾਲ ਜੀ ਨੇ ਵੀ ਮਿਸ਼ਨਰੀ ਗੀਤ ਗਾਇਆ।ਨੰਨੇ ਮੁੰਨੇ ਬੱਚਿਆਂ ਨੇ ਮੌਲਿਕ ਅਧਿਕਾਰ ਵਾਰੇ ਕੋਰੀਓਗ੍ਰਾਫੀ ਖੇਡਣ ਦਾ ਹੌਂਸਲਾ ਕੀਤਾ। ਇਸ ਮੌਕੇ ਤੇ ਮਨੋਹਰ ਕਮਾਮ ਬਸਪਾ ਆਗੂ,ਜੈ ਪਾਲ ਸੂੰਡਾ ਬਸਪਾ ਆਗੂ, ਪ੍ਰਵੀਨ ਬੰਗਾ ਜੋਨ ਇੰਚਾਰਜ ਲੁਧਿਆਣਾ,ਡਾ ਕਸ਼ਮੀਰ ਚੰਦ,ਪਰਮਜੀਤ ਸਿੰਘ ਸੋਨੂੰ ਨੌਜਵਾਨ ਬਸਪਾ ਆਗੂ, ਕੁਲਦੀਪ ਸਿੰਘ ਬਹਿਰਾਮ, ਤੀਰਥ ਕਲਸੀ ਬਹਿਰਾਮ, ਦਰਸ਼ਨ ਬਹਿਰਾਮ, ਕ੍ਰਿਸ਼ਨਾ ਦੇਵੀ ਹੁਸ਼ਿਆਰਪੁਰ,ਰਵਿੰਦਰ ਮਹਿੰਮੀ ਬਸਪਾ ਆਗੂ, ਮਨਜੀਤ ਸੋਨੂੰ, ਹਰਜਿੰਦਰ ਲੱਧੜ ਪ੍ਰਧਾਨ ਬਸਪਾ ਸ਼ਹਿਰੀ ਬੰਗਾ, ਬਾਬਾ ਤਿਲਕ ਰਾਜ,ਜੀਤ ਰਾਮ ਭਾਟੀਆ ਐਮ ਸੀ, ਪ੍ਰਕਾਸ਼ ਚੰਦ ਬਸਪਾ ਦੇ ਬਜ਼ੁਰਗ ਆਗੂ, ਜਸਪਾਲ ਕਾਕਾ ਲਧਾਣਾ,ਹੰਸ ਰਾਜ ਨੰਬਰਦਾਰ, ਚਰਨਜੀਤ ਸਿੰਘ ਨੰਬਰਦਾਰ, ਦਵਿੰਦਰ ਬੇਗਮਪੁਰੀ ,ਰਾਮੇਸ਼ ਸਿੰਘ ਚੱਕ ਕਲਾਲ, ਜਤਿੰਦਰ ਖਮਾਚੌਂ, ਨਿਰਮਲ ਟੇਲਰ, ਤੀਰਥ ਰਾਮ ਬੰਗਾ, ਜਸਵਿੰਦਰ ਸਾਬਕਾ ਸਰਪੰਚ ਅਤੇ ਵੱਡੀ ਗਿਣਤੀ ਵਿੱਚ ਬੀਬੀ ਭੈਣਾਂ ਅਤੇ ਬੱਚੇ ਮੌਜੂਦ ਸਨ , ।ਇਹ ਪ੍ਰੋਗਰਾਮ ਬਾਬਾ ਸਾਹਿਬ ਡਾ ਅੰਬੇਡਕਰ ਮਿਸ਼ਨ ਸੋਸਾਇਟੀ ਬੰਗਾ ਵੱਲੋਂ ਕਰਾਇਆ ਗਿਆ ਸਟੇਜ ਸਕੱਤਰ ਦਾ ਕੰਮ ਸੰਜੀਵ ਐਮਾਂ ਜੱਟਾਂ ਨੇ ਬਾਖੂਬੀ ਨਿਭਾਇਆ।

# ਸੀਪੀਆਈ (ਐੱਮ ਐੱਲ) ਨਿਊ ਡੈਮੋਕਰੇਸੀ ਵਲੋਂ ਪੰਜਾਬ ਭਰ ‘ਚ ਪ੍ਰਦਰਸ਼ਨ

## ਪਹਿਲਗਾਮ ਕਤਲੇਆਮ ਚ ਜਾਨਾਂ ਗੁਵਾਉਣ ਵਾਲਿਆਂ ਨੂੰ ਸ਼ਰਧਾਂਜਲੀ ਭੇਂਟ, ਘਟਨਾ ਦੀ ਉੱਚ ਪੱਧਰੀ ਨਿਰਪੱਖ ਜਾਂਚ ਕੀਤੀ ਜਾਵੇ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ

ਚੰਡੀਗੜ੍ਹ/ਜਲੰਧਰ, 28 ਅਪ੍ਰੈਲ, 2025: ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਨਿਊ ਡੈਮੋਕਰੇਸੀ ਦੀ ਪੰਜਾਬ ਰਾਜ ਕਮੇਟੀ ਦੇ ਸੱਦੇ ਤਹਿਤ ਕਪੂਰਥਲਾ, ਜਲੰਧਰ, ਗੁਰਦਾਸਪੁਰ, ਸ਼ਹੀਦ ਭਗਤ ਸਿੰਘ ਨਗਰ ਤੋਂ ਇਲਾਵਾ ਮੋਗਾ, ਲੁਧਿਆਣਾ, ਫ਼ਰੀਦਕੋਟ, ਮੁਕਤਸਰ , ਸੰਗਰੂਰ, ਪਟਿਆਲਾ, ਰੋਪੜ ਸਮੇਤ ਪੰਜਾਬ ਭਰ ਵਿੱਚ ਜ਼ਿਲ੍ਹਾ ਪੱਧਰੀ ਇਕੱਠ ਕਰਕੇ ਕਸ਼ਮੀਰ ਦੇ ਪਹਿਲਗਾਮ ਕਤਲੇਆਮ ‘ਚ ਅੱਤਵਾਦੀ ਹਮਲੇ ‘ਚ ਜਾਨਾਂ ਗਵਾਉਣ ਵਾਲੇ ਲੋਕਾਂ ਨੂੰ ਸ਼ਰਧਾਂਜਲੀ ਭੇਂਟ ਕਰਨ ਉਪਰੰਤ ਪ੍ਰਦਰਸ਼ਨ ਕੀਤੇ ਗਏ ਅਤੇ ਪਹਿਲਗਾਮ ਮਾਮਲੇ ਦੀ ਉੱਚ ਪੱਧਰੀ ਨਿਰਪੱਖ ਜਾਂਚ ਕਰਵਾ ਕੇ ਇਸ ਪਿੱਛੇ ਦੀ ਸਾਜ਼ਿਸ਼ ਅਤੇ ਕਾਰਨਾਂ ਦਾ ਪਤਾ ਲਗਾ ਕੇ ਸੱਚ ਲੋਕਾਂ ਸਾਹਮਣੇ ਲਿਆਂਦਾ ਜਾਵੇ।




ਕੈਪਸਨ: ਸ਼ਰਧਾਂਜਲੀ ਸਮਾਗਮ ਨੂੰ ਸੰਬੋਧਨ ਕਰਦੇ ਹੋਏ ਕਾਮਰੇਡ ਅਜਮੇਰ ਸਿੰਘ ਅਤੇ ਪ੍ਰਦਰਸ਼ਨ ਦੌਰਾਨ ਨਾਅਰੇਬਾਜ਼ੀ ਕਰਦੇ ਕਿਰਤੀ ਲੋਕ।

ਇਸ ਮੌਕੇ ਪਾਰਟੀ ਦੇ ਸੀਨੀਅਰ ਆਗੂ ਕਾਮਰੇਡ ਅਜਮੇਰ ਸਿੰਘ ਨੇ ਇਹ ਜਾਣਕਾਰੀ ਦਿੰਦਿਆਂ ਕਿਹਾ ਕਿ ਕੇਂਦਰੀ ਸਰਕਾਰ ਵਲੋਂ ਜਦੋਂ ਦੇਸ਼ ਦੀ ਫੌਜ ਦਾ ਸਭ ਤੋਂ ਵੱਡਾ ਹਿੱਸਾ ਜੰਮੂ ਕਸ਼ਮੀਰ ਲਾਇਆ ਹੋਇਆ, ਚੱਪੇ ਚੱਪੇ ‘ਤੇ ਫੌਜ ਤਾਇਨਾਤ ਹੋਵੇ ਫਿਰ ਵੀ ਇੰਨ੍ਹਾਂ ਵੱਡਾ ਅੱਤਵਾਦੀ ਹਮਲਾ ਹੋ ਜਾਵੇ, ਉਹ ਵੀ ਉਸ ਜਗ੍ਹਾ ‘ਤੇ ਜਿੱਥੇ ਦੇਸ਼ ਅਤੇ ਦੁਨੀਆਂ ਭਰ ਦੇ ਯਾਤਰੀ ਘੁੰਮਣ ਲਈ ਆਉਂਦੇ ਹੋਣ ਤਾਂ ਇਹ ਹਮਲਾ ਹੋ ਜਾਣਾ ਸੁਰੱਖਿਆ ਦੇ ਮਾਮਲੇ ‘ਚ ਬਹੁਤ ਵੱਡੀਆਂ ਊਣਤਾਈਆਂ ਹੋਣ ਦਾ ਸਵਾਲ ਖੜ੍ਹਾ ਕਰਦਾ ਹੈ। ਦੂਜਾ ਗੋਦੀ ਮੀਡੀਆ ਲਗਾਤਾਰ ਹਿੰਦੂ ਮੁਸਲਮਾਨ ਦਾ ਮਾਮਲਾ ਬਣਾਉਣ ਲਈ ਅੱਗ ਉਗਲ ਰਿਹਾ ਹੈ। ਜਿਸ ਦੀ ਜ਼ੋਰਦਾਰ ਨਿਖੇਧੀ ਕਰਨੀ ਬਣਦੀ ਹੈ। ਕਿਉਂਕਿ ਅਜਿਹੀ ਨਫਰਤ ਭਰੀਆਂ ਤਕਰੀਰਾਂ ਕਾਰਨ ਦੇਸ਼ ਅੰਦਰ ਕਸ਼ਮੀਰੀ ਵਿਦਿਆਰਥੀਆਂ ਤੇ ਮੁਸਲਮਾਨ ਲੋਕਾਂ ‘ਤੇ ਹਮਲੇ ਵਧ ਗਏ ਹਨ। ਇਹਨਾਂ ਹਮਲਿਆਂ ਨੂੰ ਰੋਕਣ ਲਈ ਠੋਸ ਕਦਮ ਉਠਾਉਣੇ ਚਾਹੀਦੇ ਹਨ।

ਇਸ ਮੌਕੇ ਪਾਰਟੀ ਨੇ ਮੰਗ ਕੀਤੀ ਕਿ ਭਾਰਤ ਪਾਕਿਸਤਾਨ ਦਰਮਿਆਨ ਬਣਾਇਆ ਜਾ ਰਿਹਾ ਜੰਗੀ ਮਾਹੌਲ ਖਤਮ ਕੀਤਾ ਜਾਵੇ ਅਤੇ ਆਪਸੀ ਗੱਲਬਾਤ ਸ਼ੁਰੂ ਕੀਤੀ ਜਾਵੇ, ਜੰਮੂ ਕਸ਼ਮੀਰ ਦੇ ਮਸਲੇ ਦਾ ਫੌਜੀ ਹੱਲ ਕਰਨ ਦੀ ਥਾਂ ਸਿਆਸੀ ਹੱਲ ਕੀਤਾ ਜਾਵੇ, ਪਹਿਲਗਾਮ ਵਿੱਚ ਵਾਪਰੀ ਘਟਨਾ ਦੀ ਉੱਚ ਪੱਧਰੀ ਨਿਰਪੱਖ ਜਾਂਚ ਕੀਤੀ ਜਾਵੇ, ਭਾਰਤ ਅਤੇ ਪਾਕਿਸਤਾਨ ਵਲੋਂ ਇੱਕ ਦੂਸਰੇ ‘ਤੇ ਲਗਾਈਆਂ ਗਈਆਂ ਪਾਬੰਦੀਆਂ ਤੁਰੰਤ ਹਟਾਈਆਂ ਜਾਣ ਅਤੇ ਆਪਸੀ ਵਪਾਰ ਖੋਲਿਆ ਜਾਵੇ।

ਅੱਜ ਸਥਾਨਕ ਦੇਸ਼ ਭਗਤ ਯਾਦਗਾਰ ਹਾਲ ਵਿਖੇ ਪਾਰਟੀ ਵਲੋਂ ਕਸ਼ਮੀਰ ਦੇ ਪਹਿਲਗਾਮ ਕਤਲੇਆਮ ‘ਚ ਅੱਤਵਾਦੀ ਹਮਲੇ ਚ ਜਾਨਾਂ ਗੁਵਾਉਣ ਵਾਲੇ ਲੋਕਾਂ ਨੂੰ ਸ਼ਰਧਾਂਜਲੀ ਭੇਂਟ ਕਰਨ ਉਪਰੰਤ ਬੀ.ਐੱਮ.ਸੀ. ਚੌਂਕ ਤੱਕ ਪ੍ਰਦਰਸ਼ਨ ਕੀਤਾ ਗਿਆ।

ਇਸ ਮੌਕੇ ਪਾਰਟੀ ਆਗੂ ਕਾਮਰੇਡ ਅਜਮੇਰ ਸਿੰਘ ਤੋਂ ਇਲਾਵਾ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਕਸ਼ਮੀਰ ਸਿੰਘ ਘੁੱਗਸ਼ੋਰ, ਹੰਸ ਰਾਜ ਪੱਬਵਾਂ ਆਦਿ ਨੇ ਵੀ ਸੰਬੋਧਨ ਕੀਤਾ।

# ਪੰਨੂ ਤੂੰ ਇੱਕ ਬੁੱਤ ਹਟਾਉਣ ਦੀ ਗੱਲ ਕਰਦਾ ਅਸੀਂ ਤਾਂ ਅੰਬੇਡਕਰ ਸਾਹਿਬ ਦੇ ਬੁੱਤ ਸ਼ਹਿਰ-ਸ਼ਹਿਰ,ਪਿੰਡ-ਪਿੰਡ,ਮਹੱਲੇ-ਮਹੱਲੇ,ਗਲੀ-ਗਲੀ ਲਵਾ ਦਿਆਂਗੇ – ਕਾਲੀ ਪਾਇਲ

## ਖੰਨਾਂ ਦੇ ਅਮਲੋਹ ਚੌਂਕ ਤੇ ਡਾਕਟਰ ਅੰਬੇਡਕਰ ਸਾਹਿਬ ਦਾ ਬੁੱਤ ਲਗਾਵਾਉਣ ਲਈ ਐਸਡੀਐਮ ਖੰਨਾਂ ਨੂੰ ਦਿੱਤਾ ਮੰਗ ਪੱਤਰ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com

ਭਾਰਤ ਵਿੱਚ ਸਦੀਆਂ ਤੋਂ ਗੁਲਾਮ ਬਣਾ ਕੇ ਰੱਖੇ 85% ਮੂਲਨਿਵਾਸੀ ਲੋਕਾਂ ਨੂੰ ਉਹਨਾਂ ਦੇ ਹੱਕ ਦਿਵਾਉਣ ਵਾਲੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਸਾਹਿਬ ਦੇ ਖਿਲਾਫ ਜਿਸ ਤਰ੍ਹਾਂ ਗੁਰਪਤਵੰਤ ਪੰਨੂ ਅਤੇ ਹੋਰ ਭਾਰਤੀ ਏਜੰਸੀਆਂ ਦੇ ਬੰਦੇ ਗਲਤ ਪ੍ਰਚਾਰ ਕਰਕੇ ਉਹਨਾਂ ਦੀ ਕਿਰਦਾਰ ਕੁਸ਼ੀ ਕਰ ਰਹੇ ਹਨ ਇਹ ਬਹੁਤ ਹੀ ਮੰਦਭਾਗਾ ਹੈ ਕਿਉਂਕਿ ਡਾਕਟਰ ਅੰਬੇਡਕਰ ਸਾਹਿਬ ਨੇ ਇਕੱਲੇ ਦਲਿਤਾਂ ਲਈ ਹੀ ਨਹੀਂ ਸਗੋਂ ਸਮਾਜ ਅਤੇ ਦੇਸ਼ ਦੇ ਹਰ ਵਰਗ ਲਈ ਅਤੇ ਦੇਸ਼ ਨੂੰ ਮਜਬੂਤ ਕਰਨ ਲਈ ਬਿਧੀ ਵਿਧਾਨ ਤਿਆਰ ਕੀਤਾ।ਇਸ ਦੇਸ਼ ਵਿੱਚ ਜੋ ਗੁਲਾਮ ਵਿਵਸਥਾ ਸੀ ਉਸ ਨੂੰ ਤੋੜਨ ਨੇ ਲਈ ਇੱਕ ਵੱਡਾ ਉਪਰਾਲਾ ਕੀਤਾ ਦੇਸ਼ ਵਿੱਚ ਲਾਗੂ ਮੰਨੂ ਸਿਮਰਤੀ ਨੂੰ ਖਤਮ ਕਰਕੇ ਦੇਸ਼ ਅੰਦਰ ਸੱਤਾ,ਸਮਾਨਤਾ ਅਤੇ ਭਾਈਚਾਰੇ ਦੀ ਗੱਲ ਕਰਨ ਵਾਲਾ ਸੰਵਿਧਾਨ ਲੈ ਕੇ ਆਂਦਾ,ਇਸ ਦੇਸ਼ ਅੰਦਰ ਮੰਨੂ ਸਿਮਰਤੀ ਨੂੰ ਮੰਨਣ ਵਾਲੇ ਲੋਕ ਤਰਲੋ ਮੱਛੀ ਹੋਏ ਪਏ ਹਨ ਕਿਸ ਤਰਾਂ ਇਸ ਸੰਵਿਧਾਨ ਨੂੰ ਖਤਮ ਕੀਤਾ ਜਾਵੇ ਅਤੇ ਸਮੇਂ ਸਮੇਂ ਤੇ ਤਰ੍ਹਾਂ ਤਰ੍ਹਾਂ ਦੀਆਂ ਚਾਲਾਂ ਚੱਲਦੇ



ਰਹੇ ਪ੍ਰੰਤੂ ਹੁਣ ਇਸ ਦੇਸ਼ ਦਾ ਮੂਲਨਿਵਾਸੀ ਜਾਗ ਚੁੱਕਿਆ ਹੈ ਅਤੇ ਉਸਨੂੰ ਪਤਾ ਹੈ ਕਿ ਸੰਵਿਧਾਨ ਸਾਡੇ ਹੱਕਾਂ ਅਤੇ ਅਧਿਕਾਰਾਂ ਦੀ ਰਾਖੀ ਕਰਦਾ ਹੈ ਇਸ ਲਈ ਇਹ ਲੋਕ ਸੰਵਿਧਾਨ ਨੂੰ ਤਾਂ ਖਤਮ ਨਹੀਂ ਕਰ ਸਕੇ ਪ੍ਰੰਤੂ ਡਾਕਟਰ ਅੰਬੇਡਕਰ ਸਾਹਿਬ ਵਰਗੇ ਯੁੱਗਪੁਰਸ਼ ਦੀ ਕਿਰਦਾਰ ਕੁਸ਼ੀ ਕਰਨ ਲੱਗੇ ਹੋਏ ਹਨ ਜਿਸ ਨੂੰ ਸਮਾਜ ਬਿਲਕੁਲ ਵੀ ਬਰਦਾਸ਼ਤ ਨਹੀਂ ਕਰੇਗਾ ਇਹਨਾਂ ਗੱਲਾਂ ਦਾ ਪ੍ਰਗਟਾਵਾ ਉੱਘੇ ਅੰਬੇਡਕਰਵਾਦੀ ਅਤੇ ਵਿਧਾਨ ਸਭਾ ਹਲਕਾ ਪਹਿਲ ਤੋਂ ਆਜ਼ਾਦ ਚੋਣ ਲੜ ਚੁੱਕੇ ਗੁਰਦੀਪ ਸਿੰਘ ਕਾਲੀ ਨੇ ਐਸ ਡੀਐਮ ਖੰਨਾ ਨੂੰ ਇਕ ਮੰਗ ਪੱਤਰ ਦੇ ਕੇ ਖੰਨਾਂ ਦਾ ਅਮਲੋਹ ਚੌਂਕ ਜਿਸ ਦਾ ਨਾਂ ਡਾਕਟਰ ਅੰਬੇਡਕਰ ਸਾਹਿਬ ਦੇ ਨਾਂ ਤੇ ਰੱਖਿਆ ਹੈ ਉੱਥੇ ਉਹਨਾਂ ਦਾ ਬੁੱਤ ਲਗਾਉਣ ਲਈ ਮੰਗ ਪੱਤਰ ਵੱਖ ਵੱਖ ਜਥੇਬੰਦੀਆਂ ਨਾਲ ਮਿਲ ਕੇ ਮੰਗ ਪੱਤਰ ਦਿੱਤਾ ਗੁਰਦੀਪ ਸਿੰਘ ਕਾਲੀ ਨੇ ਕਿਹਾ ਕਿ ਦੇਸ਼ ਅੰਦਰ ਇੱਕ ਜਾਤੀ ਵਿਸ਼ੇਸ਼ ਵੱਲੋਂ ਧਰਮ ਦੀ ਆੜ ਹੇਠ ਇਥੇ ਦੇ 85% ਮੂਲਨਿਵਾਸੀ ਲੋਕਾਂ ਨੂੰ ਗੁਲਾਮ ਬਣਾ ਕੇ ਉਹਨਾਂ ਨਾਲ ਪਸ਼ੂਆਂ ਵਰਗਾ ਵਿਚਹਾਰ ਕੀਤਾ ਜਾਂਦਾ ਸੀ ਗੁਰਪਤਵੰਤ ਪੰਨੂੰ ਅਤੇ ਹੋਰ ਲੋਕ ਉਹ ਜੋ ਅਣਮਨੁੱਖੀ ਵਰਤਾਰੇ ਸਦੀਆਂ ਤੋਂ ਇੱਥੇ ਦੇ ਮੂਲ ਨਿਵਾਸੀ ਲੋਕਾਂ ਨਾਲ ਹੁੰਦਾ, ਉਸ ਬੁਰਾਈ ਦੇ ਖਿਲਾਫ ਮੂੰਹ ਨਹੀਂ ਖੋਲਦੇ, ਜੋ ਕਿ ਅੱਜ ਵੀ ਬਰਕਰਾਰ ਹਨ ਸਿਰਫ ਜਦ ਮੂੰਹ ਖੋਲਦੇ ਹਨ ਜਿਸ ਸੰਵਿਧਾਨ ਅਤੇ ਡਾਕਟਰ ਅੰਬੇਡਕਰ ਸਾਹਿਬ ਦੀ ਬਦੌਲਤ ਇਸ ਦੇਸ਼ ਦੇ 85% ਮੂਲਨਿਵਾਸੀ ਲੋਕਾਂ ਨੂੰ ਇਨਸਾਨ ਮੰਨਣਾ ਵਾਲਾ ਸੰਵਿਧਾਨ ਮਿਲਿਆ ਹੈ ਅਤੇ ਭੇਦ ਭਾਵ ਖਤਮ ਕਰਕੇ ਬਰਾਬਰਤਾ ਮਿਲੀ ਹੈ ਉਸ ਵਕਤ ਤੋਂ ਹੀ ਇਹ ਲੋਕ ਡਾਕਟਰ ਅੰਬੇਡਕਰ ਸਾਹਿਬ ਅਤੇ ਸੰਵਿਧਾਨ ਖਿਲਾਫ ਅੱਗ ਉਗਲ ਰਹੇ ਹਨ ਕਾਂਸ਼ੀ ਰਾਮ ਸਾਹਿਬ ਦੀ ਬਦੌਲਤ ਅੱਜ ਭਾਰਤ ਦਾ ਮੂਲ ਨਿਵਾਸੀ ਪੂਰੀ ਤਰ੍ਹਾਂ ਜਾਗ ਚੁੱਕਾ ਹੈ ਅਤੇ ਅੰਬੇਡਕਰ ਸਾਹਿਬ ਪ੍ਰਤੀ ਉਸ ਦੀ ਸ਼ਰਧਾ ਪੂਰੇ ਜੋਬਨ ਤੇ ਹੈ ਇਸ ਲਈ ਗੁਰਪਤਵੰਤ ਪੰਨੂੰ ਨੇ ਜੋ ਇਹ ਗੱਲ ਕਹੀ ਹੈ ਕਿ ਅਸੀਂ ਡਾਕਟਰ ਅੰਬੇਡਕਰ ਸਾਹਿਬ ਦੇ ਬੁੱਤ ਨੂੰ ਹਟਾ ਦਿਆਂਗੇ ਹੁਣ ਮੂਲ ਨਿਵਾਸੀ ਬਹੁਜਨ ਲੋਕਾਂ ਨੇ ਇਹ ਤਹੀਆ ਕਰ ਲਿਆ ਹੈ ਕਿ ਇਕ ਇਕ ਮੁਹਿੰਮ ਚਲਾਈ ਜਾਵੇਗੀ ਜਿਸ ਤਹਿਤ ਪਿੰਡ ਪਿੰਡ,ਮਹੱਲੇ ਮਹੱਲੇ,ਸ਼ਹਿਰ ਸ਼ਹਿਰ ਡਾਕਟਰ ਅੰਬੇਡਕਰ ਸਾਹਿਬ ਦੇ ਬੁੱਤ ਲਗਾਏ ਲਗਾਉਣ ਦੀ ਮੁਹਿੰਮ ਚਲਾਈ ਜਾਵੇਗੀ,ਐਸਡੀਐਮ ਖੰਨਾਂ ਨੂੰ ਮੰਗ ਪੱਤਰ ਦਿੱਤਾ ਹੈ ਅਤੇ 15 ਦਿਨ ਦੇ ਅੰਦਰ ਅੰਦਰ ਅਮਲੋਹ ਚੌਂਕ ਜੋ ਡਾਕਟਰ ਅੰਬੇਡਕਰ ਸਾਹਿਬ ਦੇ ਨਾਂ ਤੇ ਬਣਿਆ ਹੈ ਉੱਥੇ ਡਾਕਟਰ ਅੰਬੇਡਕਰ ਸਾਹਿਬ ਦਾ ਬੁੱਤ ਲਗਾਇਆ ਜਾਵੇ ਨਹੀਂ ਤਾਂ ਉਸ ਜਗਹਾਊ ਉੱਤੇ ਅੰਬੇਡਕਰਵਾਦੀ ਲੋਕ ਅਤੇ ਜਥੇਬੰਦੀਆਂ ਇਕੱਠੀਆਂ ਹੋ ਕੇ ਪੱਕਾ ਧਰਨਾ ਲਗਾਉਣਗੀਆਂ, ਇਸ ਮੌਕੇ ਅਨਿਲ ਕੁਮਾਰ ਅਸ਼ੋਕ ਕੁਮਾਰ ਅੰਮ੍ਰਿਤ ਪਾਰਤੀ ਬੀਬੀ ਜਸਵਿੰਦਰ ਕੌਰ ਫੈਜਗੜ੍ਹ ਬੀਬੀ ਜਸਵਿੰਦਰ ਕੌਰ ਬਘੌਰ, ਸਾਬਕਾ ਥਾਣੇਦਾਰ ਰਣਜੀਤ ਸਿੰਘ,ਅਵਤਾਰ ਸਿੰਘ ਤਾਰੀ ਆਦਿ ਵੱਡੀ ਗਿਣਤੀ ਵਿੱਚ ਔਰਤਾਂ ਅਤੇ ਮਰਦ ਸ਼ਾਮਿਲ ਸਨ।

# ਸ੍ਰੋਮਣੀ ਕਮੇਟੀ ਵੱਲੋਂ ਮੀਟਿੰਗ ਹਾਲ ਤਾਲਾ ਲਗਾਉਣਾ ਮੰਦਭਾਗਾ:ਪਿਸ਼ੌਰਾ ਸਿੰਘ ਧਾਲੀਵਾਲ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com

ਨਾਭਾ 28 ਅਪ੍ਰੈਲ ( ਬਾਂ ਗਾਂ / ਬੇ ਅੰ ਤ ਸਿੰਘ ਰੋਹਟੀ ਖਾਸ) ਸ੍ਰਮੋਣੀ ਕਮੇਟੀ ਵੱਲੋਂ ਪੰਜ ਮੈਂਬਰੀ ਭਰਤੀ ਕਮੇਟੀ ਨੂੰ ਮੀਟਿੰਗ ਕਰਨ ਤੋਂ ਰੋਕਣ ਲਈ ਮੀਟਿੰਗ ਹਾਲ ਨੂੰ ਤਾਲਾ ਲਗਾਉਣ ਦੀ ਘਟਨਾ ਨੂੰ ਮੰਦਭਾਗਾ ਦੱਸਦਿਆਂ ਅਧਿਅਪਕ ਆਗੂ ਪਿਸ਼ੋਰਾ ਸਿੰਘ ਧਾਲੀਵਾਲ ਨੇ ਧਾਮੀ ਤੇ ਸੁਖਬੀਰ ਬਾਦਲ ਨੂੰ ਸ਼ਪਸਟ ਕਰਨ ਲਈ ਕਹਿੰਦਿਆ ਕਿਹਾ ਕਿ ਉਹ ਦੱਸਣ ਕਿ ਕਿਹੜੀਆਂ ਏਜੰਸੀਆ ਦੇ ਹੁਕਮਾਂ ਨਾਲ ਤਾਲਾ ਲਗਾਇਆ ਗਿਆ । ਹਰ ਰੋਜ਼ ਸੁਖਬੀਰ ਬਾਦਲ ਤੇ ਧਾਮੀ ਕਹਿੰਦੇ ਰਹਿੰਦੇ ਹਨ ਕਿ ਸੰਸਥਾਵਾਂ ਨੂੰ ਏਜੰਸੀਆਂ ਕਮਜ਼ੋਰ ਕਰ ਰਹੀਆਂ ਹਨ ਜਦੋਂ ਕਿ ਇਹ ਆਪ ਹੀ ਕੁਰਾਹੇ ਪਏ ਹੋਏ ਹਨ ਤੇ ਸੰਸਥਾਵਾਂ ਨੂੰ ਖੁਦ ਖਤਮ ਕਰਨ ਤੇ ਲੱਗੇ ਹੋਏ ਹਨ । ਸੁਖਬੀਰ ਬਾਦਲ ਨੂੰ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਜਾਰੀ ਕੀਤੇ ਹੁਕਮਨਾਮੇ ਅਨੁਸਾਰ ਕੀਤੇ ਗਏ ਬੱਜਰ ਗੁਨਾਹਾਂ ਕਾਰਨ ਨੈਤਿਕ ਅਧਾਰ ਤੇ ਅਗਵਾਈ ਕਰਨ ਦੇ ਅਯੋਗ ਕਰਾਰ ਦਿੱਤਾ ਹੋਇਆ ਹੈ ਪਰ ਸੁਖਬੀਰ ਬਾਦਲ ਨੇ ਹੁਕਮਨਾਮੇ ਨੂੰ ਰੱਦੀ ਦੀ ਟੋਕਰੀ ਵਿੱਚ ਛੁੱਟ ਕੇ ਆਪੇ ਭਰਤੀ ਕਰਕੇ ਆਪੇ ਡੈਲਿਗੇਟ ਬਣਾ ਕੇ ਤੇ ਆਪੇ ਹੀ ਪ੍ਰਧਾਨ ਬਣ ਗਿਆ । ਬਾਦਲ ਪਰਿਵਾਰ ਨੇ ਸ੍ਰੀ ਅਕਾਲ ਤਖਤ ਸਾਹਿਬ ਦਾ ਨਾਂ ਵਰਤ ਕੇ ਵੀਹ ਸਾਲ ਪੰਜਾਬ ਵਿੱਚ ਰਾਜ ਕੀਤਾ ਸੁਖਬੀਰ ਬਾਦਲ ਦੱਸੇ ਦਿੱਲੀ ਸਰਕਾਰ ਤੋਂ ਪੰਜਾਬ ਸਰਕਾਰ ਦਾ ਕਿਹੜਾ ਇੱਕ ਮਸਲਾ ਹੱਲ ਕਰਵਾਇਆ ਹੈ ਜਿਸ ਦੇ ਅਧਾਰ ਤੇ ਪੰਥ ਉਸ ਨੂੰ ਆਗੂ ਮੰਨੇ ਬਾਦਲ ਪਰਿਵਾਰ ਨੇ ਬੀਜੇਪੀ ਦੀ ਸਰਕਾਰ ਤੋਂ ਕੇਵਲ ਤੇ ਕੇਵਲ ਆਪਣੇ ਪਰਿਵਾਰ ਲਈ ਹੀ ਵਜ਼ੀਰੀਆਂ ਕੋਠੀਆਂ ਤੇ ਸਕਿਊਰਟੀਆ ਲਈਆਂ ਹਨ ਵੱਧ ਅਧਿਕਾਰਾਂ ਦੀ ਮੰਗ ਕਰਨ ਵਾਲੀ ਅਕਾਲੀ ਦਲ ਪਾਰਟੀ ਨੇ ਜੰਮੂ ਕਸ਼ਮੀਰ ਵਿੱਚ ਧਾਰਾ 370 ਤੇ ਪੰਜਾਬੀ



ਭਾਸਾਂ ਖਤਮ ਕਰਨ ਲਈ ਮੋਦੀ ਸਰਕਾਰ ਨੂੰ ਵੋਟ ਸੁਖਬੀਰ ਬਾਦਲ ਤੇ ਬੀਬਾ ਹਰਸਿਮਰਤ ਬਾਦਲ ਨੇ ਪਾਈ ਅਜੇ ਵੀ ਸੁਖਬੀਰ ਬਾਦਲ ਕੋਲ ਸਮਾਂ ਹੈ ਕਿ ਆਪਣੀ ਗਲਤੀ ਦਾ ਅਹਿਸਾਸ ਕਰਕੇ ਪੰਜ ਮੈਂਬਰੀ ਕਮੇਟੀ ਨੂੰ ਸਹਿਯੋਗ ਦੇ ਕੇ ਆਪਣੀ ਵੱਧ ਤੋਂ ਵੱਧ ਭਰਤੀ ਕਰੇ ਤੇ ਨਵੀਂ ਲੀਡਰਸ਼ਿੱਪ ਬਣਾਉਣ ਲਈ ਆਪਣਾ ਸਹਿਯੋਗ ਦੇਵੇ ਪੰਥ ਬਖਸ਼ਣਹਾਰ ਹੈ

# ਭਾਰਤ ਵਿਕਾਸ ਪਰਿਸ਼ਦ ਇਕਾਈ ਨਾਭਾ ਵੱਲੋ ਵਿਦਿਆਰਥੀਆਂ ਨੂੰ ਦਿੱਤੀਆਂ ਗਈਆਂ ਵਰਦੀਆਂ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪ੍ਰੈਲ INTERNATIONAL PAPER, 94636 01616 hardipchumber57@gmail.com



ਨਾਭਾ, 28 ਅਪ੍ਰੈਲ (ਬਾਂਗਾਂ/ਬੇਅੰਤ ਸਿੰਘ ਰੋਹਟੀ ਖਾਸ) ਭਾਰਤ ਵਿਕਾਸ ਪਰਿਸ਼ਦ ਇਕਾਈ ਨਾਭਾ ਵੱਲੋ ਮੈਂਬਰਾ ਦੇ ਸਹਿਯੋਗ ਨਾਲ ਹਮੇਸ਼ਾ ਹੀ ਸਮਾਜ ਭਲਾਈ ਦੇ ਕਾਰਜ ਕੀਤੇ ਜਾਂਦੇ ਹਨ। ਅੱਜ ਇਸ ਲੜੀ ਦੇ ਤਹਿਤ ਸੰਸਥਾ ਵੱਲੋਂ ਆਰੀਆ ਸੀਨੀਅਰ ਸੈਕੰਡਰੀ ਪਟਿਆਲਾ ਗੇਟ ਸਕੂਲ ਨਾਭਾ ਵਿਖੇ ਜਰੂਰਤਮੰਦ ਵਿਦਿਆਰਥੀਆਂ ਨੂੰ ਵਰਦੀਆਂ ਦਿੱਤੀਆਂ ਗਈਆਂ। ਸੰਸਥਾ ਦੇ ਪ੍ਰਧਾਨ ਨਰਿੰਦਰ ਵਰਮਾ, ਕੈਸ਼ੀਅਰ ਅਸ਼ਵਨੀ ਮਦਾਨ ਅਤੇ ਸੰਸਥਾ ਦੇ ਸਮੂਹ ਮੈਂਬਰਾਂ ਨੇ ਸੰਸਥਾ ਦੇ ਜਨਰਲ ਸਕੱਤਰ ਵਿਕਾਸ ਮਿੱਤਲ ਵੱਲੋ ਸਹਿਯੋਗ ਕਰਨ ਤੇ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਉਹਨਾਂ ਕਿਹਾ ਕਿ ਇਨ੍ਹਾਂ ਨੇ 20ਵੀਂ ਵਿਆਹ ਦੀ ਵਰੇਗੰਡ ਮੌਕੇ ਸਹਿਯੋਗ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਹ ਉਮੀਦ ਕੀਤੀ ਕਿ ਇਸ ਤਰ੍ਹਾਂ ਹੀ ਇਹ ਸੰਸਥਾ ਜਰੂਰਤਮੰਦ ਲੋਕਾਂ ਦੀ ਸੇਵਾ ਕਰਦੀ ਰਹੇਗੀ ਅਤੇ ਇਨ੍ਹੇ ਘੱਟ ਸਮੇਂ ਵਿੱਚ ਮੈਂਬਰ ਮਦਦ ਲਈ ਅੱਗੇ ਆਉਂਦੇ ਰਹਿਣਗੇ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਅਸ਼ਵਨੀ ਮਦਾਨ ਨੇ ਭਾਰਤ ਵਿਕਾਸ ਪਰਿਸ਼ਦ ਇਕਾਈ ਦੇ ਸਟੇਟ ਆਡੀਟਰ ਲਲਿਤ ਸ਼ਰਮਾ, ਜਿਲ੍ਹਾ ਵਾਤਾਵਰਣ ਕਨਵੀਨਰ ਓਮ ਪ੍ਰਕਾਸ਼ ਗਰਗ, ਪ੍ਰਧਾਨ ਨਰਿੰਦਰ ਵਰਮਾ, ਜਨਰਲ ਸਕੱਤਰ ਵਿਕਾਸ ਮਿੱਤਲ, ਕੈਸ਼ੀਅਰ ਅਸ਼ਵਨੀ ਮਦਾਨ, ਸੰਜੇ ਢੀਂਗਰਾ, ਵਿਕਾਸ ਚੋਪੜਾ, ਰਮਨ ਜਖਮੀ, ਮੈਡਮ ਸੁਨੈਨਾ ਆਦਿ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਲੋੜਵੰਦ ਵਿਦਿਆਰਥੀਆਂ ਨੂੰ ਵਰਦੀਆਂ ਨਾ ਹੋਣ ਕਾਰਨ ਬਹੁਤ ਮੁਸ਼ਕਿਲ ਦਾ ਸਾਹਮਣਾ ਕਰਨਾ ਪੈਂਦਾ ਸੀ। ਉਨ੍ਹਾਂ ਕਿਹਾ ਕਿ ਸਾਡੀ ਮੰਗ ਨੂੰ ਮੁੱਖ ਰੱਖਦੇ ਹੋਏ ਭਾਰਤ ਵਿਕਾਸ ਪ੍ਰੀਸ਼ਦ ਇਕਾਈ ਨਾਭਾ ਵੱਲੋਂ ਵਰਦੀਆਂ ਭੇਟ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਜਿਸ ਨਾਲ ਵਿਦਿਆਰਥੀਆਂ ਨੂੰ ਮੁਸ਼ਕਿਲ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਇਸ ਮੌਕੇ ਸੰਸਥਾ ਦੇ ਮੈਂਬਰਾਂ ਨੇ ਕਿਹਾ ਕਿ ਭਾਰਤ ਪਰਿਸ਼ਦ ਇਕਾਈ ਨਾਭਾ ਵੱਲੋਂ ਸਮਾਜ ਭਲਾਈ ਦੇ ਕਾਰਜ ਵੱਧ ਚੜ ਕੇ ਕੀਤੇ ਜਾਂਦੇ ਹਨ, ਉਹਨਾਂ ਦਾ ਇੱਕੋ ਹੀ ਮਕਸਦ ਹੈ ਕਿ ਲੋੜਵੰਦਾਂ ਦੀ ਮਦਦ ਕੀਤੀ ਜਾ ਸਕੇ।

# ਕੌਣ ਸਾਹਿਬ ਨੂੰ ਆਖੇ, ਇੰਝ ਨਹੀਂ ਇੰਝ ਕਰ : ਵਿਜੇਤਾ ਰਾਜ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪ੍ਰੈਲ INTERNATIONAL PAPER, 94636 01616 hardipchumber57@gmail.com



ਜ਼ੀਰਾ 28 ਅਪ੍ਰੈਲ ( ਅੰਗਰੇਜ਼ ਬਰਾੜ ) - ਕਿੱਥੇ ਗਿਆ ਉਹ ਪੰਜਾਬ? ਜਿੱਥੇ ਦੀ ਹਰ ਸਵੇਰ ਨੂੰ ਸੁਆਣੀਆਂ ਗਾਂ-ਮੱਝ ਦੀ ਧਾਰ ਕੱਢਣ ਮਗਰੋਂ, ਰਾਤ ਨੂੰ ਲਾਏ ਜਾਗ ਤੋਂ ਬਣੇ ਦਹੀਂ ਨੂੰ ਚਾਟੀ 'ਚ ਪਾ ਰਿੜਕ ਰਿੜਕ ਕੇ ਮੱਖਣ ਕੱਢਦੀਆਂ ਤੇ ਪੂਰੇ ਟੱਬਰ ਨੂੰ ਰੋਟੀ ਨਾਲ ਪਿੱਤਲ ਦਾ ਭਰਿਆ ਲੱਸੀ ਦਾ ਗਿਲਾਸ ਦਿੰਦੀਆਂ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਦੀ ਚਰਚਿਤ ਕਵਿਤਰੀ ਮੈਡਮ ਵਿਜੇਤਾ ਰਾਜ ਨੇ ਇਸ ਪੱਤਰਕਾਰ ਨਾਲ ਕੀਤਾ। ਉਹਨਾਂ ਕਿਹਾ ਕਿ ਹੁਣ ਤਾਂ ਲੱਸੀ ਦੀ ਜਗ੍ਹਾ ਚਾਹ ਨੇ ਲੈ ਲਈ। ਦੁੱਧ-ਦਹੀਂ ਦਾ ਕੰਮ ਕੰਪਨੀਆਂ ਨੇ ਸਾਂਭ ਲਿਆ। ਧੜਾਧੜ ਹਰ ਚੀਜ਼ ਪੈਕਟਾਂ ਵਿਚ ਬੰਦ ਹੋ ਕੇ ਆਉਣ ਲੱਗੀ। ਮੈਡਮ ਵਿਜੇਤਾ ਨੇ ਕਿਹਾ ਕਿ ਅਸੀਂ ਸਾਰਾ ਸਿਸਟਮ ਪੱਛਮੀ ਸਭਿਆਚਾਰ ਵਾਲਾ ਆਪਣੇ ਮੁਲਕ ਵਿੱਚ ਲੈ ਆਏ ਹਾਂ। ਉਹਨਾਂ ਕਿਹਾ ਕਿ ਮੈਂ ਹੈਰਾਨ ਹਾਂ ਕਿ ਜੇ ਦੁੱਧ ਹੀ ਪੂਰਾ ਨਹੀਂ ਪੈ ਰਿਹਾ ਤਾਂ ਕਿੱਥੋਂ ਦਹੀਂ, ਲੱਸੀ ਅਤੇ ਪਨੀਰ ਬਣਾ ਕੇ ਵੇਚਿਆ ਜਾ ਰਿਹੈ। ਸਰਕਾਰ ਨੂੰ ਇਸ ਪਾਸੇ ਧਿਆਨ ਦੇਣਾ ਚਾਹੀਦਾ ਹੈ ਕਿ ਦੇਸ਼ ਦੀ ਜਨਤਾ ਦੀ ਸਿਹਤ ਨਾਲ ਖਿਲਵਾੜ ਹੋ ਰਿਹੈ। ਮੈਡਮ ਵਿਜੇਤਾ ਰਾਜ ਨੇ ਇਹ ਵੀ ਕਿਹਾ ਕਿ ਔਰਤਾਂ ਵਿੱਚ ਪੌਸ਼ਟਿਕ ਆਹਾਰ ਦੀ ਕਮੀ ਨਾਲ ਬਾਂਝਪਨ ਵੱਧ ਰਿਹਾ ਹੈ, ਅਤੇ ਸੋਚਣ ਵਾਲੀ ਗੱਲ ਹੈ ਕਿ ਨਵਜਨਮੇ ਬੱਚੇ ਨਕਲੀ ਦੁੱਧ 'ਤੇ ਕਿਵੇਂ ਜਿੰਦਾਂ ਰਹਿਣਗੇ? ਸਰਕਾਰਾਂ ਨੇ ਜੇ ਧਿਆਨ ਨਾ ਦਿੱਤਾ ਤਾਂ ਘਰ-ਘਰ ਕੈਂਸਰ ਪਹੁੰਚ ਜਾਵੇਗਾ ਅਤੇ ਦੇਸ਼ ਬਿਮਾਰਾਂ ਦਾ ਦੇਸ਼ ਬਣ ਜਾਵੇਗਾ। ਉਹਨਾਂ ਕਿਹਾ ਕਿ ਮਿੱਟੀ, ਪਾਣੀ, ਹਵਾ ਸਭ ਕੁੱਝ ਤਾਂ ਗੰਧਲਾ ਹੈ। ਦੇਸ਼ ਦਾ ਵਿਕਾਸ ਨਕਲੀ ਚੀਜ਼ਾਂ ਵੇਚਣ ਨਾਲ ਨਹੀਂ, ਸਗੋਂ ਤੰਦਰੁਸਤ ਸਮਾਜ ਨਾਲ ਹੁੰਦਾ ਹੈ, ਪਰ ਕੌਣ ਸਾਹਿਬ ਨੂੰ ਆਖੇ ਇੰਝ ਨਹੀਂ ਇੰਝ ਕਰ।

# ਲੋਕਾਂ ਦੀ ਸਹੂਲਤ ਲਈ ਹਰੇਕ ਡਰਾਈਵਿੰਗ ਟੈਸਟ ਟਰੈਕ ਉੱਪਰ ਹੋਵੇਗੀ 2 ਵਾਧੂ ਮੁਲਾਜਮਾਂ ਦੀ ਤਾਇਨਾਤੀ-ਲਾਲਜੀਤ ਸਿੰਘ ਭੁੱਲਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪ੍ਰੈਲ INTERNATIONAL PAPER, 94636 01616 hardipchumber57@gmail.com

ਫਗਵਾੜਾ 28 ਅਪ੍ਰੈਲ (ਸ਼ਿਵ ਕੌੜਾ) ਪੰਜਾਬ ਦੇ ਟਰਾਂਸਪੋਰਟ ਮੰਤਰੀ ਸ. ਲਾਲਜੀਤ ਸਿੰਘ ਭੁੱਲਰ ਨੇ ਐਲਾਨ ਕੀਤਾ ਹੈ ਕਿ ਲੋਕਾਂ ਨੂੰ ਲਰਨਿੰਗ ਤੇ ਡਰਾਈਵਿੰਗ ਲਾਇਸੈਂਸ ਅਪਲਾਈ ਕਰਨ ਵਿਚ ਸਹਾਇਤਾ ਪ੍ਰਦਾਨ ਕਰਨ ਲਈ ਸੂਬੇ ਭਰ ਵਿਚ ਹਰੇਕ ਡਰਾਈਵਿੰਗ ਟੈਸਟ ਟਰੈਕ ਉੱਪਰ 2 ਵਾਧੂ ਕਰਮਚਾਰੀ ਤਾਇਨਾਤ ਕੀਤੇ ਜਾਣਗੇ ਉਨ੍ਹਾਂ ਕਿਹਾ ਕਿ ਸਟੇਟ ਟਰਾਂਸਪੋਰਟ ਕਮਿਸ਼ਨਰ ਨੂੰ ਇਸ ਸਬੰਧੀ ਹੁਕਮ ਜਾਰੀ ਕਰ ਦਿੱਤੇ ਗਏ ਹਨ ਅਤੇ ਜਲਦ ਹੀ ਪੰਜਾਬ ਦੇ ਸਾਰੇ 32 ਡਰਾਈਵਿੰਗ ਟੈਸਟ ਟਰੈਕਾਂ ਉੱਪਰ 64 ਹੋਰ ਕਰਮਚਾਰੀ ਤਾਇਨਾਤ ਹੋਣਗੇ ਜੋ ਕਿ ਲੋਕਾਂ ਨੂੰ ਕੇਵਲ ਸਰਕਾਰੀ ਫੀਸ ਮੁਤਾਬਿਕ ਹੀ ਲਰਨਿੰਗ ਤੇ ਡਰਾਈਵਿੰਗ ਲਾਇਸੈਂਸ ਅਪਲਾਈ ਕਰਨਗੇ ਅੱਜ ਫਗਵਾੜਾ ਵਿਖੇ ਡਰਾਈਵਿੰਗ ਟੈਸਟ ਟਰੈਕ ਉੱਪਰ ਅਚਾਨਕ ਪੁੱਜੇ ਟਰਾਂਸਪੋਰਟ ਮੰਤਰੀ ਵੱਲੋਂ ਟਰੈਕ ਉੱਪਰ ਲਾਇਸੈਂਸ ਬਣਵਾਉਣ ਪੁੱਜੇ ਲੋਕਾਂ ਨਾਲ ਗੱਲਬਾਤ ਕਰਕੇ ਦਰਪੇਸ਼ ਮੁਸ਼ਕਿਲਾਂ ਨੂੰ ਸੁਣਿਆ। ਉਨ੍ਹਾਂ ਟਰੈਕ ਉੱਪਰ ਜਾ ਕੇ ਐਸ.ਡੀ.ਐਮ. ਜਸ਼ਨਜੀਤ ਸਿੰਘ ਤੇ ਆਰ ਟੀ ਓ ਮੇਜਰ ਇਰਵਿਨ ਕੌਰ ਨੂੰ ਮੌਕੇ 'ਤੇ ਬੁਲਾਇਆ ਟਰੈਕ ਉੱਪਰ ਲਾਇਸੈਂਸ ਬਣਵਾਉਣ ਲਈ ਆਏ ਲੋਕਾਂ ਨਾਲ ਗੱਲਬਾਤ ਦੌਰਾਨ ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਲਰਨਿੰਗ ਲਾਇਸੈਂਸ ਲਈ 500 ਰੁਪੈ ਤੇ ਪੱਕੇ ਡਰਾਈਵਿੰਗ ਲਾਇਸੈਂਸ ਲਈ 1385 ਰੁਪੈ ਫੀਸ ਨਿਰਧਾਰਿਤ ਕੀਤੀ ਗਈ ਹੈ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਏਜੰਟਾਂ ਦੇ ਚੁੰਗਲ ਵਿਚ ਨਾ ਫਸਣ ਤੇ ਪੰਜਾਬ ਸਰਕਾਰ ਵਲੋਂ ਲਾਇਸੈਂਸ ਬਣਵਾਉਣ ਲਈ ਆਨਲਾਇਨ ਬਿਨੈਪੱਤਰ ਦੇਣ ਦੀ ਸੁਵਿਧਾ ਦਿੱਤੀ ਜਾ ਰਹੀ ਹੈ, ਜਿਸਦਾ ਲੋਕ ਲਾਭ ਲੈਣ ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਲਾਇਸੈਂਸ, ਆਰ.ਸੀਜ਼ ਆਦਿ ਦਾ ਸਮਾਂ ਬੱਧ ਨਿਪਟਾਰਾ ਯਕੀਨੀ ਬਣਾਉਣ ਤਾਂ ਜ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ ਉਨ੍ਹਾਂ ਇਹ ਵੀ ਕਿਹਾ ਕਿ ਅਧਿਕਾਰੀ ਨਿੱਜੀ ਤੌਰ 'ਤੇ ਹਰ ਹਫਤੇ ਡਰਾਈਵਿੰਗ ਟੈਸਟ ਟਰੈਕਾਂ ਦਾ ਦੌਰਾ ਕਰਕੇ ਕੰਮਕਾਜ ਦਾ ਜਾਇਜ਼ਾ ਲੈਣ ਇਸ ਮੌਕੇ ਐਸ.ਡੀ.ਐਮ. ਜਸ਼ਨਜੀਤ ਸਿੰਘ, ਆਰ.ਟੀ.ਓ. ਮੇਜਰ ਇਰਵਿਨ ਕੌਰ ਤੇ ਹੋਰ ਹਾਜ਼ਰ ਸਨ

# ਸੱਤਾਧਾਰੀਆਂ ਦੀ ਸਰਪ੍ਰਸਤੀ ਹੇਠਲੇ ਭੂਮੀ ਮਾਫੀਆ ਵਲੋਂ ਕਿਸਾਨ ਆਗੂ ਬੁਰੀ ਤਰ੍ਹਾਂ ਫ਼ੱਟੜ, ਲਿਬਰੇਸ਼ਨ ਵਲੋਂ ਸਖਤ ਨਿਖੇਧੀ

## ਪੇਂਡੂ ਖੇਤਰਾਂ ਵਿਚਲੀ ਬੇਚੈਨੀ ਲਈ ਮਾਨ ਸਰਕਾਰ ਜ਼ਿੰਮੇਵਾਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪ੍ਰੈਲ INTERNATIONAL PAPER, 94636 01616 hardipchumber57@gmail.com

ਮਾਨਸਾ, 28 ਅਪਰੈਲ (ਆਤਮਾ ਸਿੰਘ ਪਮਾਰ).

ਸੀਪੀਆਈ ਐਮ ਐਲ ਲਿਬਰੇਸ਼ਨ ਨੇ ਲਹਿਰਾ ਨੇੜਲੇ ਪਿੰਡ ਖਾਈ ਦੇ ਵਾਸੀ ਅਤੇ ਕਿਸਾਨ ਆਗੂ ਮਾਸਟਰ ਨਿਰਭੈ ਸਿੰਘ ਨੂੰ ਸਤਾਧਾਰੀ ਆਪ ਨਾਲ ਜੁੜੇ ਭੂਮੀ ਮਾਫੀਆ ਗਿਰੋਹ ਵਲੋਂ ਹਮਲਾ ਕਰਕੇ ਬੁਰੀ ਤਰ੍ਹਾਂ ਫ਼ੱਟੜ ਕਰਨ ਦੀ ਸਖ਼ਤ ਨਿੰਦਾ ਕੀਤੀ ਹੈ ਅਤੇ ਸਾਰੇ ਹਮਲਾਵਰਾਂ ਨੂੰ ਤੁਰੰਤ ਗ੍ਰਿਫ਼ਤਾਰ ਕਰਨ ਦੀ ਮੰਗ ਵੀ ਕੀਤੀ ਹੈ।

ਪਾਰਟੀ ਆਗੂਆਂ ਸੁਖਦਰਸ਼ਨ ਸਿੰਘ ਨੱਤ, ਗੁਰਨਾਮ ਸਿੰਘ ਭੀਖੀ, ਬਲਬੀਰ ਸਿੰਘ ਝਲੂਰ ਅਤੇ ਕਾਮਰੇਡ ਗੋਬਿੰਦ ਸਿੰਘ ਛਾਜਲੀ ਵਲੋਂ ਜਾਰੀ ਪ੍ਰੈਸ ਬਿਆਨ ਵਿੱਚ ਕਿਹਾ ਗਿਆ ਹੈ ਕਿ ਸੱਤਾ ਦੀ ਸਿੱਧੀ ਸਰਪ੍ਰਸਤੀ ਕਾਰਨ ਅਜਿਹੇ ਬਦਮਾਸ਼ ਗਿਰੋਹ ਬਹੁਤ ਹੰਕਾਰ ਵਿੱਚ ਹਨ, ਪਰ ਇਨਕਲਾਬੀ ਤਾਕਤਾਂ ਅਤੇ ਕਿਸਾਨ ਮਜ਼ਦੂਰ ਜੱਥੇਬੰਦੀਆਂ ਇਕਜੁੱਟ ਹੋ ਕੇ ਇਹਨਾਂ ਗੁੰਡਿਆਂ ਤੇ ਉਨ੍ਹਾਂ ਦੇ ਸਰਪ੍ਰਸਤਾਂ ਦੀ ਹੈਂਕੜ ਨੂੰ ਮਿੱਟੀ ਵਿੱਚ ਮਿਲਾ ਦੇਣਗੀਆਂ।

ਬਿਆਨ ਵਿੱਚ ਮਾਨ ਸਰਕਾਰ ਨੂੰ ਚਿਤਾਵਨੀ ਦਿੱਤੀ ਗਈ ਹੈ ਕਿ ਜੇ ਬਦਮਾਸ਼ ਭੂ ਮਾਫ਼ੀਆ ਗਿਰੋਹ ਅਤੇ ਖੂਨ ਚੂਸ ਸੂਦਖੋਰ ਛੋਟੇ ਕਿਸਾਨਾਂ ਦੀਆਂ ਜ਼ਮੀਨਾਂ ਅਤੇ ਗਰੀਬ ਪਰਿਵਾਰਾਂ ਦੇ ਘਰ ਤੇ ਘਰੇਲੂ ਸਾਮਾਨ ਤੱਕ ਹੜੱਪ ਰਹੇ ਹਨ।, ਜੇਕਰ ਉਨ੍ਹਾਂ ਖਿਲਾਫ ਤੁਰੰਤ ਸਖਤ ਐਕਸ਼ਨ ਨਾ ਲਿਆ ਗਿਆ, ਤਾਂ ਪੇਂਡੂ ਖੇਤਰਾਂ 'ਚ ਜੋ ਤਿੱਖੀ ਬੈਚੈਨੀ ਤੇ ਟਕਰਾਅ ਪੈਦਾ ਹੋਵੇਗਾ, ਉਸ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

# ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 5 ਲੱਖ 05 ਹਜ਼ਾਰ 236 ਮੀਟਰਕ ਟਨ ਕਣਕ ਦੀ ਹੋਈ ਆਮਦ -ਡਿਪਟੀ ਕਮਿਸ਼ਨਰ

## *ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ 474751 ਮੀਟਰਕ ਟਨ ਕਣਕ ਦੀ ਕੀਤੀ ਖਰੀਦ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪ੍ਰੈਲ INTERNATIONAL PAPER, 94636 01616 hardipchumber57@gmail.com



ਮਾਨਸਾ, 28 ਅਪ੍ਰੈਲ : (ਆਤਮਾ ਸਿੰਘ ਪਮਾਰ)

ਮਾਨਸਾ ਜ਼ਿਲ੍ਹੇ ਦੀਆਂ ਮੰਡੀਆਂ 'ਚ ਬੀਤੀ ਸ਼ਾਮ ਤੱਕ 5 ਲੱਖ 5 ਹਜ਼ਾਰ 236 ਮੀਟਰਕ ਟਨ ਕਣਕ ਦੀ ਆਮਦ ਹੋਈ ਹੈ, ਜਿਸ ਵਿੱਚੋਂ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ 4 ਲੱਖ 74 ਹਜ਼ਾਰ 751 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਮਾਨਸਾ ਸ੍ਰੀ ਕੁਲਵੰਤ ਸਿੰਘ ਆਈ.ਏ.ਐਸ. ਨੇ ਦੱਸਿਆ ਕਿ ਖਰੀਦੀ ਗਈ ਕਣਕ ਵਿੱਚੋਂ ਪਨਗ੍ਰੇਨ ਵੱਲੋਂ 151387 ਮੀਟਰਕ ਟਨ, ਮਾਰਕਫੈੱਡ ਵੱਲੋਂ 138956 ਮੀਟਰਕ ਟਨ, ਪਨਸਪ ਵੱਲੋਂ 113958 ਮੀਟਰਕ ਟਨ, ਵੇਅਰ ਹਾਊਸ ਵੱਲੋਂ 64965 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਖਰੀਦ ਕੀਤੀ ਗਈ ਕਣਕ ਦੀ ਕਿਸਾਨਾਂ ਨੂੰ 1099.32 ਕਰੋੜ ਰੁਪਏ ਦੀ ਅਦਾਇਗੀ ਵੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ ਕਿਸਾਨਾਂ ਨੂੰ ਕੋਈ ਦਿੱਕਤ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਵੱਲੋਂ ਖਰੀਦ ਨਿਰੰਤਰ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚੋਂ 275890 ਮੀਟਰਕ ਟਨ ਕਣਕ ਦੀ ਲਿਫਟਿੰਗ ਵੀ ਕੀਤੀ ਜਾ ਚੁੱਕੀ ਹੈ।

# ਐੱਸਕੇਐੱਮ ਨੇ ਸੰਘਰਸ਼ਾਂ 'ਤੇ ਹੋ ਰਹੇ ਜ਼ਬਰ ਖ਼ਿਲਾਫ਼ ਡੀਸੀ ਬਰਨਾਲਾ ਨੂੰ ਸੌਂਪਿਆ ਮੰਗ ਪੱਤਰ

## ਚਾਉਕੇ ਸਕੂਲ ਅਤੇ ਅਖਾੜਾ ਬਾਇਓ ਗੈਸ ਫੈਕਟਰੀ ਬੰਦ ਕਰਾਉਣ ਲਈ ਚੱਲ ਰਹੇ ਸੰਘਰਸ਼ਾਂ ਨੂੰ ਸਰਕਾਰ ਜ਼ਬਰ ਰਾਹੀਂ ਦਬਾਉਣਾ ਬੰਦ ਕਰਨ ਦੀ ਮੰਗ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪ੍ਰੈਲ INTERNATIONAL PAPER, 94636 01616 hardipchumber57@gmail.com



ਦਲਜੀਤ ਕੌਰ

ਬਰਨਾਲਾ, 28 ਅਪ੍ਰੈਲ, 2025: ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੰਜਾਬ ਪੱਧਰ ਤੇ ਡਿਪਟੀ ਕਮਿਸ਼ਨਰਾਂ ਨੂੰ ਸਰਕਾਰ ਦੇ ਜ਼ਬਰ ਵਿਰੁੱਧ ਮੰਗ ਪੱਤਰ ਦੇਣ ਦੀ ਕੜੀ ਵਜੋਂ ਡੀਸੀ ਬਰਨਾਲਾ ਨੂੰ ਵੱਡੇ ਵਫ਼ਦ ਰਾਹੀਂ ਮੰਗ ਪੱਤਰ ਦਿੱਤਾ ਗਿਆ। ਕਿਸਾਨ ਆਗੂ ਚਮਕੌਰ ਸਿੰਘ ਨੈਣੇਵਾਲ, ਗੁਰਦੇਵ ਸਿੰਘ ਮਾਂਗੇਵਾਲ, ਨਿਰਭੈ ਸਿੰਘ ਛੀਨੀਵਾਲ ਕਲਾਂ, ਮਨਜੀਤ ਰਾਜ, ਸੰਦੀਪ ਕੌਰ, ਜਰਨੈਲ ਸਿੰਘ, ਗੁਰਮੇਲ ਸਿੰਘ, ਜੁਗਰਾਜ ਸਿੰਘ ਹਰਦਾਸਪੁਰਾ ਨੇ ਦੱਸਿਆ ਕਿ ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਬਰਨਾਲਾ ਨੇ ਡਿਪਟੀ ਕਮਿਸ਼ਨਰ ਬਰਨਾਲਾ ਦੇ ਰਾਹੀਂ ਮੁੱਖ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਨੂੰ ਮੰਗ ਪੱਤਰ ਦਿੱਤਾ ਗਿਆ। ਜਿਸ ਵਿੱਚ ਪਿਛਲੇ ਦਿਨਾਂ ਤੋਂ ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਦੇ ਵੱਲੋਂ ਕਿਸਾਨਾਂ ਮਜ਼ਦੂਰਾਂ ਅਤੇ ਮੁਲਾਜ਼ਮਾਂ ਉੱਤੇ ਜ਼ਬਰ ਢਾਹਿਆ ਜਾ ਰਿਹਾ ਹੈ ਪਿੰਡ ਚਾਉਕੇ ਆਦਰਸ਼ ਸਕੂਲ ਮਾਮਲੇ ਨੂੰ ਉਗਰਾਹਾਂ ਜਥੇਬੰਦੀ ਦੇ ਕਿਸਾਨਾਂ ਅਤੇ ਔਰਤਾਂ ਉੱਤੇ ਲਾਠੀਚਾਰਜ ਕੀਤਾ ਗਿਆ। ਇਸੇ ਹੀ ਤਰ੍ਹਾਂ ਪਿੰਡ ਅਖਾੜਾ ਦੇ ਗੈਸ ਫੈਕਟਰੀ ਬੰਦ ਕਰਵਾਉਣ ਲਈ ਚੱਲ ਰਹੇ ਪੱਕੇ ਮੋਰਚੇ ਨੂੰ ਖਦੇੜਨ ਦੇ ਲਈ ਪੁਲਿਸ ਵੱਲੋਂ ਕਿਸਾਨਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਮੋਰਚੇ ਨੂੰ ਖ਼ਤਮ ਕਰਨ ਲਈ ਕਿਸਾਨਾਂ ਅਤੇ ਔਰਤਾਂ ਉੱਤੇ ਅੰਨ੍ਹੇਵਾਹ ਲਾਠੀਚਾਰਜ ਕੀਤਾ ਗਿਆ। ਕਿਸਾਨਾਂ-ਮਜ਼ਦੂਰਾਂ ਵਿੱਚ ਲੋਕਾਂ ਉੱਤੇ ਕੀਤੇ ਗਏ ਜ਼ਬਰ ਨੂੰ ਲੈਕੇ ਭਾਰੀ ਰੋਸ ਪਾਇਆ ਜਾ ਰਿਹਾ ਹੈ। ਸਰਕਾਰ ਕਿਸਾਨਾਂ-ਮਜ਼ਦੂਰਾਂ ਅਤੇ ਮੁਲਾਜ਼ਮਾਂ ਉੱਤੇ ਜ਼ਬਰ ਕਰਨਾ ਤੁਰੰਤ ਬੰਦ ਕਰੇ ਵੱਖ-ਵੱਖ ਥਾਵਾਂ 'ਤੇ ਪੁਲਿਸ ਪ੍ਰਸ਼ਾਸਨ ਅਤੇ ਸਰਕਾਰ ਦੇ ਗੁੰਡਿਆਂ ਦੇ ਵੱਲੋਂ ਕੀਤੇ ਗਏ ਮਾਲੀ ਨੁਕਸਾਨ ਦੀ ਭਰਪਾਈ ਕੀਤੀ ਜਾਵੇ ਅਤੇ ਦੋਸ਼ੀ ਅਨਸਰਾਂ ਉੱਤੇ ਕਾਰਵਾਈ ਕਰਕੇ ਪਰਚਾ ਦਰਜ ਕੀਤਾ ਜਾਵੇ।

ਇਸ ਮੌਕੇ ਬਾਬੂ ਸਿੰਘ ਖੁੱਡੀ ਕਲਾਂ, ਬਲਵੰਤ ਸਿੰਘ, ਨਿਰਪਜੀਤ ਸਿੰਘ, ਗੁਰਜੰਟ ਸਿੰਘ, ਰਾਜਿੰਦਰ ਕੁਮਾਰ ਨੇ ਵੀ ਸ਼ਮੂਲੀਅਤ ਕੀਤੀ।

# ਸਰਕਾਰੀ ਰਣਬੀਰ ਕਾਲਜ 'ਚ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਕਰਵਾਇਆ ਨੁੱਕੜ ਨਾਟਕ "ਅਵੇਸਲੇ ਯੁੱਧਾਂ ਦੀ ਨਾਇਕਾ"

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com



ਦਲਜੀਤ ਕੌਰ

ਸੰਗਰੂਰ, 28 ਅਪ੍ਰੈਲ, 2025: ਡਿਪਟੀ ਕਮਿਸ਼ਨਰ ਸੰਗਰੂਰ ਸੰਦੀਪ ਰਿਸ਼ੀ ਦੀ ਯੋਗ ਅਗਵਾਈ ਹੇਠ ਅੱਜ ਸਥਾਨਕ ਸਰਕਾਰੀ ਰਣਬੀਰ ਕਾਲਜ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮਹਿੰਮ ਤਹਿਤ ਵਿਦਿਆਰਥੀਆਂ ਨੂੰ ਨਸ਼ਿਆਂ ਨੂੰ ਲਾਮਬੰਦ ਕਰਨ ਲਈ "ਅਵੇਸਲੇ ਯੁੱਧਾਂ ਦੀ ਨਾਇਕਾ" ਨਾਂ ਦਾ ਨੁੱਕੜ ਨਾਟਕ ਖੇਡਿਆ ਗਿਆ। ਇਸ ਜਾਗਰੂਕਤਾ ਸਮਾਗਮ ਵਿੱਚ ਐਸ.ਡੀ.ਐਮ. ਸੰਗਰੂਰ ਚਰਨਜੇਤ ਸਿੰਘ ਵਾਲੀਆ ਨੇ ਬਤੌਰ ਮੁੱਖ ਮਹਿਮਾਨ ਅਤੇ ਬੀ.ਡੀ.ਪੀ.ਓ. ਸੰਗਰੂਰ ਗੁਰਦਰਸ਼ਨ ਸਿੰਘ ਨੇ ਬਤੌਰ ਵਿਸ਼ੇਸ਼ ਮਹਿਮਾਨ ਸ਼ਿਰਕਤ ਕੀਤੀ।

ਐ ਸ . ਡੀ . ਐ ਮ . ਚਰਨਜੇਤ ਸਿੰਘ ਵਾਲੀਆ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਤੁਹਾਨੂੰ ਪੜ੍ਹਾਈ ਅਤੇ ਖੇਡਾਂ ਵਿੱਚ ਧਿਆਨ ਦੇਣਾਂ ਚਾਹੀਦਾ ਹੈ ਤਾਂ ਕਿ ਨਸ਼ਿਆਂ ਵਰਗੀ ਅਲਾਮਤ ਵੱਲ ਧਿਆਨ ਹੀ ਨਾ ਜਾਵੇ। ਉਹਨਾਂ ਕਿਹਾ ਕਿ ਸਰਕਾਰ ਅਤੇ ਪ੍ਰਸ਼ਾਸਨ ਦੇ ਨਾਲ ਨਾਲ ਆਮ ਜਨਤਾ ਦਾ ਸਹਿਯੋਗ ਵੀ ਬਹੁਤ ਜ਼ਰੂਰੀ ਹੈ ਤਾਂ ਹੀ ਨਸ਼ਿਆਂ ਦੀ ਅਲਾਮਤ ਤੋਂ ਖਹਿੜਾ ਛੁਡਾਇਆ ਜਾ ਸਕਦਾ ਹੈ।

ਕਾਲਜ ਦੇ ਵਾਇਸ ਪ੍ਰਿੰਸੀਪਲ ਡਾ. ਹਰਦੀਪ ਸਿੰਘ ਨੇ ਆਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਅਤੇ ਸਮਾਗਮ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਿੱਢੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਤਹਿਤ ਕਾਲਜ ਵਿੱਚ ਇਹ ਸਮਾਗਮ ਕੀਤਾ ਜਾ ਰਿਹਾ ਹੈ। ਸਟੇਜ ਦਾ ਸੰਚਾਲਨ ਅਸਿਸਟੈਂਟ ਪ੍ਰੋਫ਼ੈਸਰ ਕੁਲਦੀਪ ਕੁਮਾਰ ਨੇ ਬਾਖੂਬੀ ਕੀਤਾ। ਉਹਨਾਂ ਕਿਹਾ ਕਿ ਇਸ ਕਾਲਜ ਦੇ ਐਂਟੀ ਡਰੱਗ ਕਾਊਂਸਿਲ ਅਤੇ ਬੱਡੀ ਪ੍ਰੋਗਰਾਮ ਦੇ ਨੋਡਲ ਅਫ਼ਸਰ ਅਸਿਸਟੈਂਟ ਪ੍ਰੋਫ਼ੈਸਰ ਰੁਪਿੰਦਰ ਕੁਮਾਰ ਸ਼ਰਮਾ ਦੀ ਅਗਵਾਈ ਵਿੱਚ ਵਿਦਿਆਰਥੀਆਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਸਮੇਂ ਸਮੇਂ ਤੇ ਵੱਖ ਵੱਖ ਗਤੀਵਿਧੀਆਂ ਜਿਵੇਂ ਸੈਮੀਨਾਰ, ਰੈਲੀ, ਵਰਕਸ਼ਾਪ, ਪੇਂਟਿੰਗ ਮੁਕਾਬਲੇ, ਭਾਸ਼ਣ ਮੁਕਾਬਲੇ ਆਦਿ ਕਰਵਾਏ ਜਾਂਦੇ ਹਨ। ਕਾਲਜ ਦੀ ਬੀ.ਬੀ.ਏ. ਭਾਗ ਦੂਜਾ ਦੀ ਵਿਦਿਆਰਥਣ ਰੰਜਨਪ੍ਰੀਤ ਕੌਰ ਨੇ ਵੀ ਨਸ਼ਿਆਂ ਵਿਰੁੱਧ ਆਪਣੇ ਵਿਚਾਰ ਪੇਸ਼ ਕੀਤੇ।

ਇਸ ਤੋਂ ਬਾਅਦ ਕਾਲਜ ਦੇ ਆਡੀਟੋਰੀਅਮ ਵਿਖੇ ਅਲਮਸਤ ਥਿਏਟਰ ਗਰੁੱਪ, ਪਟਿਆਲਾ ਵੱਲੋਂ "ਅਵੇਸਲੇ ਯੁੱਧਾਂ ਦੀ ਨਾਇਕਾ" ਨਾਟਕ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ ਗਈ। ਇਸ ਨਾਟਕ ਵਿੱਚ ਰਾਜਸ਼੍ਰੀ, ਮਨੀਸ਼ਾ, ਸਤਿਗੁਰ ਸਿੰਘ, ਹਰਮਿੰਦਰ ਸਿੰਘ, ਗੀਤਾਕਸ਼ ਅਤੇ ਗੁਰਪ੍ਰਗਟ ਸਿੰਘ ਨੇ ਆਪਣੀ ਅਦਾਕਾਰੀ ਨਾਲ ਹਾਜ਼ਰੀਨ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕੀਤਾ।

ਇਸ ਮੌਕੇ ਆਏ ਮਹਿਮਾਨਾਂ ਨੂੰ ਫੁੱਲਾਂ ਦੇ ਗੁਲਦਸਤੇ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਾਲਜ ਕਾਊਂਸਿਲ, ਟੀਚਿੰਗ ਅਤੇ ਨਾਨ ਟੀਚਿੰਗ ਸਟਾਫ਼ ਅਤੇ ਸਕੂਲਾਂ ਅਤੇ ਕਾਲਜ ਦੇ ਵਿਦਿਆਰਥੀਆਂ ਨੇ ਸ਼ਿਰਕਤ ਕੀਤੀ।

# ਪੰਜਾਬ ਸਰਕਾਰ ਲਹਿਰਾਗਾਗਾ ਵਿੱਚ ਦੋ ਵੱਡੇ ਬੁਨਿਆਦੀ ਢਾਂਚੇ ਦੇ ਪ੍ਰੋਜੈਕਟ ਲਿਆਉਣ ਦੀ ਤਿਆਰੀ ਵਿਚ

## - ਲਹਿਰਾਗਾਗਾ ਵਿੱਚ ਵਿਕਸਤ ਕੀਤਾ ਜਾਵੇਗਾ ਨਵਾਂ ਸਬ ਡਿਵੀਜ਼ਨਲ ਕੰਪਲੈਕਸ ਅਤੇ ਨਵੀਂ ਅਨਾਜ ਮੰਡੀ, - ਕੈਬਨਿਟ ਮੰਤਰੀ ਬਰਿੰਦਰ ਗੋਇਲ ਵੱਲੋਂ ਡੀਸੀ, ਐਸਐਸਪੀ ਅਤੇ ਹੋਰ ਅਧਿਕਾਰੀਆਂ ਨਾਲ ਸੰਭਾਵੀ ਥਾਵਾਂ ਦਾ ਨਿਰੀਖਣ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com



ਦਲਜੀਤ ਕੌਰ

ਲਹਿਰਾਗਾਗਾ, 28 ਅਪ੍ਰੈਲ, 2025: ਪੰਜਾਬ ਸਰਕਾਰ ਸੂਬੇ ਦੇ ਸਮੁੱਚੇ ਵਿਕਾਸ ਪ੍ਰਤੀ ਆਪਣੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦੇ ਹੋਏ ਲਹਿਰਾਗਾਗਾ ਵਿੱਚ ਦੋ ਵੱਡੇ ਬੁਨਿਆਦੀ ਢਾਂਚੇ ਦੇ ਪ੍ਰੋਜੈਕਟ ਲਿਆਉਣ ਲਈ ਤਿਆਰ ਹੈ। ਕੈਬਨਿਟ ਮੰਤਰੀ ਬਰਿੰਦਰ ਗੋਇਲ, ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਅਤੇ ਐਸਐਸਪੀ ਸਰਤਾਜ ਸਿੰਘ ਚਾਹਲ ਦੇ ਨਾਲ, ਲਹਿਰਾਗਾਗਾ ਵਿੱਚ ਇੱਕ ਨਵੇਂ ਸਬ ਡਿਵੀਜ਼ਨਲ ਕੰਪਲੈਕਸ ਅਤੇ ਅਨਾਜ ਮੰਡੀ ਲਈ ਪ੍ਰਸਤਾਵਿਤ ਥਾਵਾਂ ਦਾ ਨਿਰੀਖਣ ਕੀਤਾ।

ਨਵਾਂ ਸਬ ਡਿਵੀਜ਼ਨਲ ਕੰਪਲੈਕਸ ਪੁਰਾਣੇ ਪੁਲਿਸ ਸਟੇਸ਼ਨ ਖੇਤਰ ਵਿੱਚ ਬਣਾਇਆ ਜਾਵੇਗਾ, ਜਦੋਂ ਕਿ ਅਨਾਜ ਮੰਡੀ ਸਥਾਨਕ ਕਿਸਾਨਾਂ ਨੂੰ ਆਪਣੀ ਉਪਜ ਦਾ ਵਪਾਰ ਕਰਨ ਲਈ ਇੱਕ ਆਧੁਨਿਕ ਪਲੇਟਫਾਰਮ ਪ੍ਰਦਾਨ ਕਰੇਗੀ। ਮੰਤਰੀ ਗੋਇਲ ਨੇ ਜ਼ੋਰ ਦੇ ਕੇ ਕਿਹਾ ਕਿ ਦੋਵੇਂ ਇਮਾਰਤਾਂ ਅਤਿ-ਆਧੁਨਿਕ ਹੋਣਗੀਆਂ, ਜੋ ਸਰਕਾਰ ਦੀ ਤਰੱਕੀ ਅਤੇ ਵਿਕਾਸ ਪ੍ਰਤੀ ਸਮਰਪਣ ਨੂੰ ਦਰਸਾਉਂਦੀਆਂ ਹਨ।

ਸਰਹੱਦੀ ਖੇਤਰਾਂ 'ਤੇ ਸਰਕਾਰ ਦੇ ਧਿਆਨ ਨੂੰ ਉਜਾਗਰ ਕਰਦੇ ਹੋਏ, ਮੰਤਰੀ ਗੋਇਲ ਨੇ ਕਿਹਾ, "ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ, ਲਹਿਰਾਗਾਗਾ ਵਰਗੇ ਸਰਹੱਦੀ ਖੇਤਰਾਂ 'ਤੇ ਵਿਸ਼ੇਸ਼ ਧਿਆਨ ਦੇ ਕੇ, ਸੂਬੇ ਦੇ ਸਮੁੱਚੇ ਵਿਕਾਸ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ।" ਉਨ੍ਹਾਂ ਨੇ ਜਨਤਾ ਨੂੰ ਵਿਕਾਸ ਅਤੇ ਖੁਸ਼ਹਾਲੀ ਨੂੰ ਉਤਸ਼ਾਹਿਤ ਕਰਨ ਲਈ ਸੂਬਾ ਸਰਕਾਰ ਵੱਲੋਂ ਕੀਤੇ ਗਏ ਵੱਖ-ਵੱਖ ਉਪਰਾਲਿਆਂ ਬਾਰੇ ਜਾਣੂ ਕਰਵਾਇਆ।

ਇਨ੍ਹਾਂ ਪ੍ਰੋਜੈਕਟਾਂ ਤੋਂ ਵਸਨੀਕਾਂ ਦੇ ਜੀਵਨ ਪੱਧਰ ਨੂੰ ਵਧਾਉਣ, ਕਿਸਾਨਾਂ ਲਈ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਅਤੇ ਖੇਤਰ ਦੇ ਆਰਥਿਕ ਵਿਕਾਸ ਵਿੱਚ ਯੋਗਦਾਨ ਪਾਉਣ ਦੀ ਉਮੀਦ ਹੈ। ਇਸ ਤੋਂ ਇਲਾਵਾ, ਅਨਾਜ ਮੰਡੀ ਨੂੰ ਸ਼ਹਿਰ ਤੋਂ ਬਾਹਰ ਤਬਦੀਲ ਕਰਨ ਨਾਲ ਸ਼ਹਿਰ ਦੇ ਅੰਦਰ ਆਵਾਜਾਈ ਦੀ ਭੀੜ ਘੱਟ ਹੋਣ ਦੀ ਉਮੀਦ ਹੈ। ਇਨ੍ਹਾਂ ਸਹੂਲਤਾਂ ਦਾ ਵਿਕਾਸ ਸੂਬੇ ਵਿੱਚ ਬੁਨਿਆਦੀ ਢਾਂਚੇ ਅਤੇ ਸੇਵਾਵਾਂ ਨੂੰ ਬਿਹਤਰ ਬਣਾਉਣ ਲਈ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

# ਸੰਗਰੂਰ ਪੁਲਿਸ ਵੱਲੋਂ ਪੰਜਾਬ ਵਿੱਚ ਅਸਲੇ ਦੀ ਸਪਲਾਈ ਕਰਨ ਵਾਲੇ ਅੰਤਰਰਾਜੀ ਗਿਰੋਹ ਦਾ ਪਰਦਾਫਾਸ਼

## - 3 ਦੋਸ਼ੀ ਕਾਬੂ, 3 ਨਜਾਇਜ ਪਿਸਟਲ, 3 ਨਜਾਇਜ ਅਸਲੇ ਸਮੇਤ 7 ਜਿੰਦਾ ਕਾਰਤੂਸ ਬ੍ਰਾਮਦ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com



ਦਲਜੀਤ ਕੌਰ

ਸੰਗਰੂਰ, 28 ਅਪ੍ਰੈਲ, 2025: ਸੰਗਰੂਰ ਪੁਲਿਸ ਨੂੰ ਉਸ ਵੇਲੇ ਭਾਰੀ ਸਫਲਤਾ ਮਿਲੀ ਜਦੋਂ ਉਸ ਵੱਲੋਂ ਪੰਜਾਬ ਵਿੱਚ ਅਸਲੇ ਦੀ ਸਪਲਾਈ ਕਰਨ ਵਾਲੇ ਅੰਤਰਰਾਜੀ ਗਿਰੋਹ ਦਾ ਪਰਦਾਫਾਸ਼ ਕੀਤਾ ਗਿਆ।

ਸ੍ਰੀ ਸਰਤਾਜ ਸਿੰਘ ਚਾਹਲ, ਐਸ.ਐਸ.ਪੀ ਸੰਗਰੂਰ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜਿਲ੍ਹਾ ਪੁਲਿਸ ਸੰਗਰੂਰ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਪੰਜਾਬ ਵਿੱਚ ਅਸਲਾ ਸਪਲਾਈ ਕਰਨ ਵਾਲਾ ਗਿਰੋਹ ਦਾ ਪਰਦਾਫਾਸ਼ ਕਰਕੇ 03 ਦੋਸ਼ੀਆਂ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ 3 ਨਜਾਇਜ ਪਿਸਟਲ 32 ਬੋਰ ਸਮੇਤ 03 ਮੈਗਜੀਨ ਤੇ 4 ਜਿੰਦਾ ਕਾਰਤੂਸ ਅਤੇ 3 ਨਜਾਇਜ ਅਸਲੇ 315 ਬੋਰ ਸਮੇਤ 3 ਜਿੰਦਾ ਕਾਰਤੂਸ ਸਮੇਤ ਆਲਟੋ ਗੱਡੀ ਬ੍ਰਾਮਦ ਕਰਵਾਈ ਗਈ।

ਉਹਨਾਂ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸ੍ਰੀ ਦਵਿੰਦਰ ਕੁਮਾਰ ਅੱਤਰੀ, ਕਪਤਾਨ ਪੁਲਿਸ (ਇਨਵੈਸਟੀਗੇਸ਼ਨ) ਸੰਗਰੂਰ ਦੀ ਨਿਗਰਾਨੀ ਹੇਠ ਸ੍ਰੀ ਦਲਜੀਤ ਸਿੰਘ ਵਿਰਕ, ਉਪ ਕਪਤਾਨ ਪੁਲਿਸ (ਡਿਟੈਕਟਿਵ) ਸੰਗਰੂਰ ਦੀ ਅਗਵਾਈ ਹੇਠ ਇੰਸਪੈਕਟਰ ਸੰਦੀਪ ਸਿੰਘ, ਇੰਚਾਰਜ ਸੀ.ਆਈ.ਏ ਬਹਾਦਰ ਸਿੰਘ ਵਾਲਾ ਦੀ ਟੀਮ ਨੂੰ ਉਸ ਸਮੇਂ ਸਫਲਤਾ ਮਿਲੀ ਜਦੋਂ ਮਿਤੀ 25 ਅਪ੍ਰੈਲ ਨੂੰ ਸੀ.ਆਈ.ਏ ਬਹਾਦਰ ਸਿੰਘ ਵਾਲਾ ਦੀ ਟੀਮ ਥਾਣਾ ਸਦਰ ਸੰਗਰੂਰ ਦੇ ਏਰੀਆ ਵਿੱਚ ਗਸ਼ਤ ਅਤੇ ਚੈਕਿੰਗ ਦੌਰਾਨ ਸ਼ੱਕੀ ਪੁਰਸ਼ਾਂ ਦੇ ਸਬੰਧ ਵਿੱਚ ਟੀ ਪੁਆਇੰਟ ਗੰਗਾ ਸਿੰਘ ਵਾਲਾ ਤੋਂ ਬਾਲੀਆਂ ਮੌਜੂਦ ਸੀ ਤਾਂ ਆਲਟੋ ਗੱਡੀ ਨੰਬਰ PB-01D-3361 ਵਿੱਚੋਂ ਦੋਸੀ ਹਿਮਾਂਸ਼ੂ ਉਰਫ ਹੈਪੀ ਪੁੱਤਰ ਪ੍ਰਵੀਨ ਕੁਮਾਰ ਵਾਸੀ ਲੋਹਗੜ ਗੇਟ ਹਿੰਦੋਸਤਾਨੀ ਪੱਤੀ ਅਮ੍ਰਿਤਸਰ, ਹਿਮਾਂਸੂ ਉਰਫ ਭੋਲਾ ਪੁੱਤਰ ਨਗੀਨਾ ਵਾਸੀ ਰਾਜੀਵ ਨਗਰ ਅੰਮ੍ਰਿਤਸਰ ਹਾਲ ਵਾਸੀ ਨੇੜੇ ਗਿਲਕੋ ਇੰਟਰਨੈਸ਼ਨਲ ਸਕੂਲ ਸੈਕਟਰ-127 ਖਰੜ ਜਿਲ੍ਹਾ ਮੋਹਾਲੀ ਅਤੇ ਅਮਰਜੀਤ ਸਿੰਘ ਉਰਫ ਕਾਲੀ ਪੁੱਤਰ ਕੁਲਵੰਤ ਸਿੰਘ ਵਾਸੀ ਪਿੰਡ ਮਨਾਂਵਾ ਜਿਲ੍ਹਾ ਮੋਗਾ ਹਾਲ ਵਾਸੀ ਬਲੌਂਗੀ ਜਿਲ੍ਹਾ ਮੋਹਾਲੀ ਨੂੰ ਕਾਬੂ ਕਰਕੇ ਉਨ੍ਹਾਂ ਦੇ ਕਬਜਾ ਵਿੱਚੋਂ 03 ਨਜਾਇਜ ਪਿਸਟਲ 32 ਬੋਰ, ਸਮੇਤ 03 ਮੈਗਜੀਨ ਤੇ 04 ਕਾਰਤੂਸ ਅਤੇ 03 ਨਜਾਇਜ ਅਸਲੇ 315 ਬੋਰ ਸਮੇਤ 03 ਜਿੰਦਾ ਕਾਰਤੂਸ ਬ੍ਰਾਮਦ ਕਰਕੇ ਮੁਕੱਦਮਾ ਨੰਬਰ 59 ਮਿਤੀ 25.04.2025 ਅ/ਧ 25/54/59 ਅਸਲਾ ਐਕਟ ਥਾਣਾ ਸਦਰ ਸੰਗਰੂਰ ਦਰਜ ਕਰਕੇ ਤਫਤੀਸ਼ ਅਮਲ ਵਿੱਚ ਲਿਆਂਦੀ ਗਈ। ਹਿਮਾਂਸ਼ੂ ਉਰਫ ਹੈਪੀ ਖ਼ਿਲਾਫ਼ ਪਹਿਲਾਂ ਵੀ ਮੁਕੱਦਮਾ ਨੰਬਰ 22 ਮਿਤੀ 22 ਫਰਵਰੀ 2022 ਅ/ਧ 379,411 ਥਾਣਾ ਡਿਵੀਜ਼ਨ ਨੰਬਰ ਏ ਅੰਮ੍ਰਿਤਸਰ ਸਿਟੀ ਵਿਖੇ ਦਰਜ ਹੈ।

ਤਫਤੀਸ਼ ਦੌਰਾਨ ਦੋਸ਼ੀਆਂ ਨੂੰ ਮਿਤੀ 26 ਅਪ੍ਰੈਲ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ 3 ਦਿਨ ਦਾ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ। ਦੋਸੀਆਂ ਪਾਸੋਂ ਪੁੱਛ-ਗਿੱਛ ਤੋਂ ਇਹ ਗੱਲ ਸਾਹਮਣੇ ਆਈ ਹੈ ਕਿ ਦੋਸ਼ੀ ਇਹ ਅਸਲਾ ਉੱਤਰ ਪ੍ਰਦੇਸ਼ ਅਤੇ ਹੋਰ ਬਾਹਰਲੀਆਂ ਸਟੇਟਾਂ ਤੋਂ ਲਿਆ ਕੇ ਪੰਜਾਬ ਵਿੱਚ ਵੇਚਦੇ ਸਨ। ਇਹ ਪੇਸ਼ੇਵਰ ਅਪਰਾਧੀ ਨਹੀਂ ਹਨ। ਦੌਰਾਨੇ ਪੁੱਛ-ਗਿੱਛ ਦੋਸੀਆਂ ਪਾਸੋਂ ਹੋਰ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ। ਤਫਤੀਸ਼ ਜਾਰੀ ਹੈ।

# ਗਰਮੀ ਵਿੱਚ ਰੱਖੋ ਖ਼ਾਸ ਖ਼ਿਆਲ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com

ਗਰਮੀ ਦਾ ਮੌਸਮ ਸ਼ੁਰੂ ਹੋ ਚੁੱਕਾ ਹੈ। ਆਉਣ ਵਾਲੇ ਦਿਨਾਂ ਵਿੱਚ ਗਰਮੀ ਆਪਣੇ ਜੋਬਨ ਤੇ ਪੁੱਜ ਜਾਵੇਗੀ। ਜਿਆਦਾ ਗਰਮੀ ਲੱਗਣ ਕਰਕੇ ਜਿਆਦਾਤਰ ਲੋਕ ਅਕਸਰ ਹੀ ਬਿਮਾਰ ਹੋ ਜਾਂਦੇ ਹਨ। ਕਈ ਲੋਕ ਤਾਂ ਜਿਆਦਾ ਗਰਮੀ ਕਾਰਨ ਮੌਤ ਦੇ ਮੂੰਹ ਵਿੱਚ ਵੀ ਚਲੇ ਜਾਂਦੇ ਹਨ। ਗਰਮੀ ਦਾ ਸਭ ਤੋਂ ਵੱਧ ਮਾੜਾ ਪ੍ਰਭਾਵ ਬਜੁਰਗਾਂ ਅਤੇ ਬੱਚਿਆਂ ਉੱਪਰ ਪੈਂਦਾ ਹੈ। ਇਸ ਲਈ ਸਾਨੂੰ ਸਭ ਨੂੰ ਗਰਮੀ ਦੇ ਮੌਸਮ ਵਿੱਚ ਆਪਣਾ ਖ਼ਾਸ ਖ਼ਿਆਲ ਰੱਖਣਾ ਚਾਹੀਦਾ ਹੈ। ਘਰ ਤੋਂ ਬਾਹਰ ਬਹੁਤ ਹੀ ਘੱਟ ਜਾਣਾ ਚਾਹੀਦਾ ਹੈ। ਬਜੁਰਗਾਂ ਅਤੇ ਬੱਚਿਆਂ ਦੀ ਗਰਮੀ ਵਿੱਚ ਵੱਧ ਤੋਂ ਵੱਧ ਮੱਦਦ ਕਰਨੀ ਚਾਹੀਦੀ ਹੈ। ਬਜੁਰਗਾਂ ਅਤੇ ਬੱਚਿਆਂ ਨੂੰ ਪਾਣੀ,ਹਵਾ ਅਤੇ ਛਾਂ ਦਾ ਪ੍ਰਬੰਧ ਕਰਕੇ ਜ਼ਰੂਰ ਦੇਣਾ ਚਾਹੀਦਾ ਹੈ। ਗਰਮੀ ਦੇ ਮੌਸਮ ਵਿੱਚ ਕੀਤੇ ਸਾਡੇ ਇਸ ਨਿੱਕੇ ਜਿਹੇ ਨੇਕ ਉਪਰਾਲੇ ਸਦਕਾ ਅਨੇਕਾਂ ਮਨੁੱਖੀ ਰੂਹਾਂ ਨੂੰ ਸਕੂਨ ਮਿਲ ਸਕਦਾ ਹੈ। ਜਿਉਂਦੇ ਹੋਏ ਦੁਜਿਆਂ ਦੇ ਕੰਮ ਆਉਣਾ ਹੀ ਅਸਲ ਵਿੱਚ ਸੱਚਾ ਧਰਮ ਕਿਹਾ ਜਾ ਸਕਦਾ ਹੈ। ਆਓ ਆਪਾਂ ਸਾਰੇ ਰਲ ਮਿਲ ਕੇ ਅੱਜ ਤੋਂ ਹੀ ਇਸ ਕਾਰਜ ਦੀ ਪਹਿਲ ਕਰੀਏ।

ਅੰਗਰੇਜ ਸਿੰਘ ਵਿੱਕੀ
ਕੋਟਗੁਰੂ
ਪਿੰਡ ਤੇ ਡਾਕ.
ਕੋਟਗੁਰੂ(ਬਠਿੰਡਾ)

# ਸਿਹਤ ਵਿਭਾਗ ਗਰਮੀਆਂ 'ਚ ਸਟਰੀਟ ਫੂਡ ਸਟਾਲਾਂ ਦੇ ਆਲੇ-ਦੁਆਲੇ ਸਫਾਈ ਪ੍ਰਬੰਧ ਯਕੀਨੀ ਬਣਾਏ : ਮਾਰਕੰਡਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com

ਫਗਵਾੜਾ 28 ਅਪ੍ਰੈਲ (ਸ਼ਿਵ ਕੌੜਾ) ਗਰਮੀਆਂ ਦੇ ਮੌਸਮ ਨੂੰ ਦੇਖਦੇ ਹੋਏ ਹਿਊਮਨ ਰਾਈਟਸ ਕੌਂਸਲ (ਇੰਡੀਆ) ਨੇ ਸਿਹਤ ਵਿਭਾਗ ਫਗਵਾੜਾ ਅਤੇ ਕਾਰਪੋਰੇਸ਼ਨ ਤੋਂ ਮੰਗ ਕੀਤੀ ਹੈ ਕਿ ਸ਼ਹਿਰ 'ਚ ਸਫਾਈ ਯਕੀਨੀ ਬਣਾਈ ਜਾਵੇ ਤਾਂ ਜੋ ਲੋਕਾਂ ਨੂੰ ਪ੍ਰਦੂਸ਼ਿਤ ਵਾਤਾਵਰਣ ਜਾਂ ਸੜਕਾਂ ਅਤੇ ਚੌਰਾਹਿਆਂ 'ਤੇ ਵਿਕਣ ਵਾਲੇ ਦੂਸ਼ਿਤ ਸਟਰੀਟ ਫੂਡ ਕਾਰਨ ਸਿਹਤ ਸੰਬੰਧੀ ਕੋਈ ਸਮੱਸਿਆ ਨਾ ਆਵੇ। ਅੱਜ ਇੱਥੇ ਗੱਲਬਾਤ ਕਰਦਿਆਂ ਕੌਂਸਲ ਦੇ ਜ਼ਿਲ੍ਹਾ ਪ੍ਰਧਾਨ ਆਸ਼ੂ ਮਾਰਕੰਡਾ ਨੇ ਨਿਗਮ ਤੋਂ ਮੰਗ ਕੀਤੀ ਕਿ ਅਸਥਾਈ ਡੰਪਾਂ ਤੋਂ ਨਿਯਮਿਤ ਤੌਰ 'ਤੇ ਕੂੜਾ ਚੁੱਕਿਆ ਜਾਵੇ ਤਾਂ ਜੋ ਵਾਤਾਵਰਣ ਸਾਫ਼ ਰਹੇ। ਇਸ ਤੋਂ ਇਲਾਵਾ ਉਨ੍ਹਾਂ ਸਿਹਤ ਵਿਭਾਗ ਤੋਂ ਮੰਗ ਕੀਤੀ ਕਿ ਸਟਰੀਟ ਫੂਡ ਸਟਾਲਾਂ ਦੀ ਸਫਾਈ ਦੀ ਜਾਂਚ ਕੀਤੀ ਜਾਵੇ। ਕਿਉਂਕਿ ਕਈ ਥਾਵਾਂ 'ਤੇ ਖਾਣ-ਪੀਣ ਦੇ ਸਟਾਲਾਂ ਦੇ ਆਲੇ-ਦੁਆਲੇ ਗੰਦਗੀ ਬਣੀ ਰਹਿੰਦੀ ਹੈ। ਬਰਤਨ ਵੀ ਸਾਫ਼ ਸੁਥਰੇ ਪਾਣੀ 'ਚ ਨਹੀਂ ਧੋਤੇ ਜਾਂਦੇ। ਆਲੇ-ਦੁਆਲੇ ਮੱਖੀਆਂ ਅਤੇ ਮੱਛਰਾਂ ਦੀ ਵੀ ਭਰਮਾਰ ਰਹਿੰਦੀ ਹੈ। ਖਾਣਾ ਢੱਕ ਕੇ ਨਹੀਂ ਰੱਖਿਆ ਜਾਂਦਾ। ਜਿਸ ਕਾਰਨ ਲੋਕ ਬਿਮਾਰ ਹੋ ਸਕਦੇ ਹਨ। ਉਨ੍ਹਾਂ ਦੁਕਾਨਾਂ ਵਿੱਚ ਵਿਕਣ ਵਾਲੇ ਪੈਕ ਕੀਤੇ ਸਮਾਨ ਦੀ ਮਿਆਦ ਦੀ ਜਾਂਚ ਅਤੇ ਮਿਲਾਵਟੀ ਖਾਣ-ਪੀਣ ਦੀਆਂ ਚੀਜ਼ਾਂ ਵੇਚਣ ਵਾਲਿਆਂ ਵਿਰੁੱਧ ਕਾਰਵਾਈ ਕਰਨ ਦੀ ਮੰਗ ਵੀ ਕੀਤੀ ਹੈ। ਆਸ਼ੂ ਮਾਰਕੰਡਾ ਨੇ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਫੂਡ ਪੋਇਜ਼ਨਿੰਗ ਤੋਂ ਬਚਣ ਲਈ, ਸਟਰੀਟ ਫੂਡ ਖਾਂਦੇ ਸਮੇਂ ਇਹ ਜਾਂਚ ਜਰੂਰ ਕਰਨ ਕਿ ਪਰੋਸਿਆ ਜਾ ਰਿਹਾ ਖਾਣਾ ਢੱਕ ਰੱਖਿਆ ਗਿਆ ਸੀ ਜਾਂ ਨਹੀਂ। ਗਰਮੀਆਂ ਵਿੱਚ ਮਸਾਲੇਦਾਰ ਜਾਂ ਤਲੇ ਹੋਏ ਭੋਜਨ ਨਾਲ ਪਾਚਨ ਸੰਬੰਧੀ ਸਮੱਸਿਆਵਾਂ ਪੈਦਾ ਹੋ ਸਕਦੀਆਂ ਹਨ। ਰਸੋਈ ਦੀ ਸਫ਼ਾਈ ਦਾ ਵੀ ਧਿਆਨ ਰੱਖਿਆ ਜਾਵੇ। ਸਟਾਲਾਂ 'ਤੇ ਖਾਣਾ ਖਾਂਦੇ ਸਮੇਂ ਡਿਸਪੋਜ਼ੇਬਲ ਭਾਂਡਿਆਂ ਦੀ ਵਰਤੋਂ ਕਰਨਾ ਬਿਹਤਰ ਰਹਿੰਦਾ ਹੈ। ਸਟਾਲ ਦੇ ਆਲੇ-ਦੁਆਲੇ ਮੱਖੀਆਂ, ਮੱਛਰ ਜਾਂ ਕੀੜੇ-ਮਕੌੜਿਆਂ ਦਾ ਕੋਈ ਵਾਤਾਵਰਣ ਨਾ ਹੋਵੇ। ਇਹ ਵੀ ਧਿਆਨ ਵਿੱਚ ਰੱਖਿਆ ਜਾਵੇ ਕਿ ਸੜਕ ਕਿਨਾਰੇ ਸਾਮਾਨ ਵੇਚਣ ਵਾਲੇ ਸਾਫ਼ ਪਾਣੀ ਦੀ ਵਰਤੋਂ ਕਰ ਰਹੇ ਹਨ ਜਾਂ ਨਹੀਂ। ਤਾਜ਼ਾ ਅਤੇ ਸਾਫ਼ ਭੋਜਨ ਦਾ ਹੀ ਸੇਵਨ ਕੀਤਾ ਜਾਵੇ। ਡੱਬਾ ਬੰਦ ਭੋਜਨ ਦੀ ਮਿਆਦ ਪੁੱਗਣ ਦੀ ਮਿਤੀ ਦੀ ਵੀ ਜਾਂਚ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਛੋਟੀਆਂ-ਛੋਟੀਆਂ ਸਾਵਧਾਨੀਆਂ ਨਾਲ ਗਰਮੀਆਂ ਅਤੇ ਬਰਸਾਤ ਦੇ ਮੌਸਮ ਵਿੱਚ ਬੈਕਟੀਰੀਆ ਨਾਲ ਹੋਣ ਵਾਲੇ ਇਨਫੈਕਸ਼ਨ ਨੂੰ ਰੋਕਿਆ ਜਾ ਸਕਦਾ ਹੈ।

# ਨੈਸ਼ਨਲ ਖੇਡਾਂ'ਚ ਸਾਹਿਬਜਾਦਾ ਬਾਬਾ ਜੋਰਾਵਰ ਸਿੰਘ ਜੀ ਸ਼ਹੀਦ ਸਾਹਿਬਜਾਦਾ ਬਾਬਾ ਫਹਿਤ ਸਿੰਘ ਜੀ ਗਤਕਾ ਕਲੱਬ ਦੇ ਖਿਡਾਰੀਆਂ ਨੇ ਜਿਤੇ 3 ਗੋਲਡ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com





ਜਿਲਾ ਗਤਕਾ ਐਸੋਸੀਏਸ਼ਨ ਦੇ ਪ੍ਰਧਾਨ ਵਿਜੇ ਪ੍ਰਤਾਪ ਸਿੰਘ (ਟੀ ਸ਼ਰਟ) ਜਿਲਾ ਗਤਕਾ ਐਸੋਸੀਏਸ਼ਨ ਦੇ ਜ਼ਿਲ੍ਹਾ ਜਨਰਲ ਸਕੱਤਰ ਬਲਰਾਜ ਸਿੰਘ

ਹੁਸ਼ਿਆਰਪੁਰ, 28 ਅਪ੍ਰੈਲ: ਬੀਤੇ ਦਿਨੀਂ 68ਵੀਂ ਨੈਸ਼ਨਲ ਸਕੂਲੀ ਖੇਡਾਂ 2024-25 ਦਾ ਆਯੋਜਿਤ ਕੀਤਾ ਗਿਆ। ਇਨ੍ਹਾਂ ਖੇਡਾਂ ਦੇ ਵਿਚ ਗੁਰਦੁਆਰਾ ਸੰਤ ਅਜੀਤ ਸਿੰਘ ਜੀ ਅਲਾਵਲਈਸਾ ਆਲਮਪੁਰ ਦੇ ਬਾਬਾ ਹੀਰਾ ਸਿੰਘ ਜੀ ਖਾਲਸਾ ਜੀ ਦੇ ਅਸ਼ੀਰਵਾਦ ਸਦਕਾ ਸਾਹਿਬਜਾਦਾ ਸ਼ਹੀਦ ਬਾਬਾ ਜੋਰਾਵਰ ਸਿੰਘ ਜੀ ਸ਼ਹੀਦ ਸਾਹਿਬਜਾਦਾ ਬਾਬਾ ਫਤਿਹ ਸਿੰਘ ਜੀ ਗਤਕਾ ਕਲੱਬ ਦੇ ਖਿਡਾਰੀਆਂ ਨੇ ਪੰਜਾਬ ਦੀ ਟੀਮ ਵਲੋਂ ਭਾਗ ਲਿਆ। ਇਸ ਸੰਬੰਧੀ ਜਾਣਕਾਰੀ ਦਿੰਦੇ ਗਤਕਾ ਐਸੋਸੀਏਸ਼ਨ ਦੇ ਜਿਲਾ ਪ੍ਰਧਾਨ ਵਿਜੇ ਪ੍ਰਤਾਪ ਸਿੰਘ ਤੇ ਜਨਰਲ ਸੈਕੇਟਰੀ ਬਲਰਾਜ ਸਿੰਘ ਨੇ ਦੱਸਿਆ ਕਿ 68ਵੀਂ ਨੈਸ਼ਨਲ ਸਕੂਲੀ ਖੇਡਾਂ 2024-25 ਵਿਚ ਅੰਡਰ 17 ਵਿਚ ਸੁਜਲ, ਅੰਡਰ 17 ਬਲਰਾਜ ਸਿੰਘ ਅਤੇ ਨੈਸ਼ਨਲ ਓਪਨ ਅੰਡਰ 14 ਵਿਚ ਜਗਜੋਤ ਸਿੰਘ ਨੇ ਗੋਲਡ ਮੈਡਲ ਜਿੱਤ ਕੇ ਆਪਣਾ, ਆਪਣੇ ਮਾਤਾ ਪਿਤਾ, ਪਿੰਡ, ਕਲੱਬ, ਜਿਲੇ ਤੇ ਪੰਜਾਬ ਦਾ ਨਾਮ ਰੋਸ਼ਨ ਕੀਤਾ। ਉਨ੍ਹਾਂ ਦੱਸਿਆ ਕਿ ਇਸ ਜਿੱਤ ਵਿਚ ਜਿਥੇ ਖਿਡਾਰੀਆਂ ਦੀ ਮਿਹਨਤ ਹੈ ਉਥੇ ਨਾਲ ਹੀ ਗਤਕਾ ਕੋਚ ਗੁਰਪ੍ਰੀਤ ਸਿੰਘ ਦੀ ਸਿਖਲਾਈ ਨੂੰ ਜਾਂਦਾ ਹੈ। ਉਨ੍ਹਾਂ ਕਿਹਾ ਕਿ ਅਮਨਪ੍ਰੀਤ ਸਿੰਘ ਕੋਚ, ਸੰਦੀਪ ਸਿੰਘ, ਮਨਪ੍ਰੀਤ ਸਿੰਘ, ਗੁਰਚਰਨ ਸਿੰਘ, ਗੁਰਨੂਰ ਸਿੰਘ, ਬਲਵਿੰਦਰ ਸਿੰਘ, ਗਤਕਾ ਪ੍ਰਮੋਟਰ ਸਚਨਾਮ ਸਿੰਘ ਦਾ ਵਿਸ਼ੇਸ਼ ਸਹਿਯੋਗ ਰਿਹਾ ਹੈ

# *ਮਾਨਸਾ ਜ਼ਿਲ੍ਹੇ ਦੀਆਂ ਯੂਨੀਅਨਾਂ ਪੀੜਤ ਕਸ਼ਮੀਰੀ ਲੋਕਾਂ ਦੇ ਹੱਕ ਵਿੱਚ ਨਿੱਤਰੀਆਂ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com

ਮਾਨਸਾ 28 ਅਪ੍ਰੈਲ (ਆਤਮਾ ਸਿੰਘ ਪਮਾਰ)



ਮਾਨਸਾ ਵਿਖੇ ਬਾਬਾ ਬੂਝਾ ਸਿੰਘ ਭਵਨ ਵਿਖੇ ਪੰਜਾਬ ਦੀਆਂ ਵੱਖ-ਵੱਖ ਜਥੇਬੰਦੀਆਂ ਤੇ ਸੰਸਥਾਵਾਂ ਦੀ ਇੱਕ ਸਾਂਝੀ ਮੀਟਿੰਗ ਹੋਈ । ਮੀਟਿੰਗ 'ਚ ਜ਼ਬਰ ਤੇ ਫਿਰਕਾਪ੍ਰਸਤੀ ਵਿਰੋਧੀ ਫਰੰਟ ਦਾ ਗਠਨ ਵੀ ਕੀਤਾ ਗਿਆ । ਮੀਟਿੰਗ ਵਿੱਚ ਸਭ ਤੋਂ ਪਹਿਲਾਂ ਪਹਿਲਗਾਮ ਹਮਲੇ ਵਿੱਚ ਮਾਰੇ ਗਏ ਬੇਗੁਨਾਹ ਲੋਕਾਂ ਦੀ ਯਾਦ ਵਿੱਚ ਦੁੱਖ ਪ੍ਰਗਟਾਉਂਦਿਆਂ ਸ਼ੋਕ ਸਭਾ ਕੀਤੀ ਗਈ ਅਤੇ ਉਨ੍ਹਾਂ ਸ਼ਹੀਦਾਂ ਨੂੰ ਸ਼ਰਧਾਂਜਲੀ ਅਰਪਿਤ ਕੀਤੀ ਗਈ। ਪਹਿਲਗਾਮ ਦੀ ਇਸ ਘਟਨਾ ਤੋਂ ਬਾਅਦ ਪੰਜਾਬ ਅਤੇ ਦੇਸ਼ ਦੇ ਹੋਰ ਕਈ ਸੂਬਿਆਂ ਵਿੱਚ ਥਾਂ-ਥਾਂ 'ਤੇ ਫ਼ਿਰਕੂ ਰੰਗਤ ਰਾਹੀਂ ਗ਼ਲਤ ਗਤੀਵਿਧੀਆਂ ਨੂੰ ਅੰਜਾਮ ਦੇਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਜੋ ਕਿ ਬਹੁਤ ਹੀ ਮੰਦਭਾਗੀ ਹੈ। ਸਾਰੀਆਂ ਯੂਨੀਅਨਾਂ ਵੱਲੋਂ ਸਾਫ਼ ਸ਼ਬਦਾਂ ਵਿੱਚ ਕਿਹਾ ਗਿਆ ਕਿ ਉਹ ਲੁਕੀਆਂ ਤਾਕਤਾਂ ਨੂੰ ਪੰਜਾਬ ਦੀ ਧਰਤੀ 'ਤੇ ਕਸ਼ਮੀਰੀ ਲੋਕਾਂ ਨੂੰ ਨਿਸ਼ਾਨਾ ਬਣਾਉਣ ਦੇ ਮਕਸਦ ਵਿੱਚ ਕਾਮਯਾਬ ਨਹੀਂ ਹੋਣ ਦੇਣਗੇ। ਇਸ ਇਕੱਤਰਤਾ ਦਾ ਮਕਸਦ ਪੰਜਾਬ ਵਿੱਚ ਪੜ੍ਹ ਦੇ ਅਤੇ ਕੰਮ ਕਰਦੇ ਕਸ਼ਮੀਰੀ ਨੌਜਵਾਨਾਂ ਲਈ ਆਪਣੀ ਅਵਾਜ਼ ਬੁਲੰਦ ਕਰਨਾ ਹੈ ।ਪ੍ਰੈਸ ਬਿਆਨ ਜਾਰੀ ਕਰਦੇ ਹੋਏ ਆਲ ਇੰਡੀਆ ਸੈਂਟਰਲ ਕੌਂਸਲ ਆਫ਼ ਟਰੇਡ ਯੂਨੀਅਨ ਦੇ ਸੂਬਾ ਪ੍ਰਧਾਨ ਕਾਮਰੇਡ ਰਾਜਵਿੰਦਰ ਸਿੰਘ ਰਾਣਾ, ਮੈਡੀਕਲ ਪ੍ਰੈਕਟੀਸ਼ਨਰਜ ਦੇ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ, ਅਦਾਰਾ ' ਦਖਲ ' ਦੇ ਆਗੂ ਡਾ .ਅਵਤਾਰ ਸਿੰਘ, ਭਾਰਤੀ ਕਿਸਾਨ ਯੂਨੀਅਨ ਡਕੌਂਦਾ ਬੁਰਜ ਗਿੱਲ ਦੇ ਜ਼ਿਲ੍ਹਾ ਸਕੱਤਰ ਲਛਮਣ ਸਿੰਘ ਚੱਕ ਅਲੀਸ਼ੇਰ,ਰਾਜ ਅਕਲੀਆ, ਪੰਜਾਬ ਖੇਤ ਮਜ਼ਦੂਰ ਸਭਾ ਏਕਤਾ ਦੇ ਸੂਬਾ ਆਗੂ ਕ੍ਰਿਸ਼ਨ ਚੌਹਾਨ , ਜਮਹੂਰੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਮੇਜਰ ਸਿੰਘ ਦੂਲੋਵਾਲ, ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਕਾ. ਬਲਵਿੰਦਰ ਘਰਾਂਗਣਾ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਭਜਨ ਸਿੰਘ ਘੁੰਮਣ , ਪੰਜਾਬ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਆਗੂ ਸੁਖਚਰਨ ਦਾਨੇਵਾਲਾ,ਦੇਧੀ ਯੂਨੀਅਨ ਦੇ ਸੂਬਾ ਸਕੱਤਰ ਸੱਤਪਾਲ ਮਾਨਸਾ, ਪੈਨਸ਼ਨਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਸਿੰਕਦਰ ਸਿੰਘ ਘਰਾਂਗਣਾ,ਮੁਸਲਿਮ ਫਰੰਟ ਪੰਜਾਬ ਦੇ ਆਗੂ ਹੰਸ ਰਾਜ ਮੋਫ਼ਰ , ਰਵੀ ਖਾਨ , ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਜ਼ਿਲ੍ਹਾ ਪ੍ਰਧਾਨ ਹਰਚਰਨ ਤਾਮਕੋਟ , ਇੰਨਕਲਾਬੀ ਨੌਜਵਾਨ ਸਭਾ ਦੇ ਆਗੂ ਗਗਨ ਸਿਰਸੀਵਾਲਾ ਅਤੇ ਸ਼ਾਮਲ ਹੋਏ ।ਇਨਸਾਫ਼ ਪਸੰਦ ਲੋਕਾਂ ਨੇ ਐਲਾਨ ਕੀਤਾ ਕਿ ਜੇਕਰ ਪੰਜਾਬ ਵਿੱਚ ਕਿਤੇ ਵੀ ਕਿਸੇ ਕਸ਼ਮੀਰੀ ਵਿਅਕਤੀ ਜਾਂ ਵਿਦਿਆਰਥੀ ਨਾਲ ਭੇਦਭਾਵ ਜਾਂ ਹਮਲਾ ਹੁੰਦਾ ਹੈ ਤਾਂ ਸਾਰੀਆਂ ਯੂਨੀਅਨਾਂ ਅਤੇ ਇਨਸਾਫ਼ ਪਸੰਦ ਲੋਕ ਉਸ ਦਾ ਡਟ ਕੇ ਸਾਥ ਦੇਣਗੇ ।ਸਾਰੀਆਂ ਯੂਨੀਅਨਾਂ ਨੇ ਕਿਹਾ ਕਿ ਸਾਡਾ ਪੰਜਾਬ ਹਮੇਸ਼ਾ ਭਾਈਚਾਰੇ, ਏਕਤਾ ਅਤੇ ਸ਼ਾਂਤੀ ਦਾ ਪੈਗਾਮ ਦਿੰਦਾ ਰਿਹਾ ਹੈ ਜਿਸਨੂੰ ਹੁਣ ਵੀ ਬਰਕਰਾਰ ਰੱਖਿਆ ਜਾਵੇਗਾ ।ਉਨ੍ਹਾਂ ਪੰਜਾਬ ਵਾਸੀਆਂ ਨੂੰ ਵੀ ਇਸ ਕਾਰਜ਼ ਲਈ ਪੂਰਨ ਸਹਿਯੋਗ ਦੀ ਪੁਰਜ਼ੋਰ ਅਪੀਲ ਵੀ ਕੀਤੀ।

# ਕਾ. ਮਨਜੀਤ ਗਾਮੀਵਾਲਾ ਕ਼ਤਲ ਕਾਂਡ

## ,ਬੋਹਾ ਪੁਲਿਸ ਦੋਸ਼ੀਆਂ ਦੀ ਕਰ ਰਹੀ ਸਰਪ੍ਰਸਤੀ,ਇਨਸਾਫ਼ ਲਈ ਥਾਣਾ ਬੋਹਾ ਦਾ ਘਿਰਾਓ 2 ਨੂੰ ,,,ਘਿਰਾਓ ਦੌਰਾਨ ਐਸ ਕੇ ਐਮ, ਰਾਜਸੀ ਧਿਰਾਂ ਅਤੇ ਮਜ਼ਦੂਰ ਸੰਗਠਨਾਂ ਨੂੰ ਵੀ ਸ਼ਾਮਲ ਹੋਣ ਦੀ ਕੀਤੀ ਅਪੀਲ ,, -ਚੋਹਾਨ/ਉੱਡਤ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com




ਮਾਨਸਾ 28 ਅਪ੍ਰੈਲ ( ਆਤਮਾ ਸਿੰਘ ਪਮਾਰ ) ਕੌਮਾਂਤਰੀ ਇਸਤਰੀ ਦਿਵਸ ਮੌਕੇ 8 ਮਾਰਚ ਨੂੰ ਦਿਨ ਦਿਹਾੜੇ, ਭਰੇ ਬਜ਼ਾਰ ਕਸਬਾ ਬੋਹਾ ਵਿੱਚ ਸੀ ਪੀ ਆਈ ਦੇ ਸੂਬਾ ਕੌਂਸਲ ਮੈਂਬਰ ਅਤੇ ਜ਼ਿਲ੍ਹਾ ਪ੍ਰਧਾਨ ਪੰਜਾਬ ਇਸਤਰੀ ਸਭਾ ਮਨਜੀਤ ਕੌਰ ਗਾਮੀਵਾਲਾ ਦਾ ਇੱਕ ਡੂੰਘੀ ਸਾਜ਼ਿਸ਼ ਤਹਿਤ ਕ਼ਤਲ ਕੀਤਾ ਗਿਆ, ਪ੍ਰੰਤੂ ਬੋਹਾ ਪੁਲਿਸ ਪਰਿਵਾਰ ਨੂੰ ਇਨਸਾਫ਼ ਦਿਵਾਉਣ ਦੀ ਬਜਾਏ, ਦੋਸ਼ੀਆਂ ਦੀ ਸਰਪ੍ਰਸਤੀ ਕਰ ਰਹੀ ਹੈ। ਉਕਤ ਮਾਮਲੇ ਵਿੱਚ ਹੋ ਰਹੀ ਬੇ ਇਨਸਾਫੀ ਵਿਰੁੱਧ 2 ਮਈ ਨੂੰ ਸੀ ਪੀ ਆਈ ਵੱਲੋਂ ਮਜਬੂਰੀ ਵੱਸ ਥਾਣਾ ਬੋਹਾ ਦਾ ਘਿਰਾਓ ਕੀਤਾ ਜਾਵੇਗਾ। ਇਹ ਜਾਣਕਾਰੀ ਜ਼ਿਲ੍ਹਾ ਸਕੱਤਰ ਕ੍ਰਿਸ਼ਨ ਚੌਹਾਨਤੇ ਏਟਕ ਦੇ ਸੂਬਾਈ ਆਗੂ ਐਡਵੋਕੇਟ ਕੁਲਵਿੰਦਰ ਉੱਡਤ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਸਾਝੀ ਕੀਤੀ।

ਆਗੂਆਂ ਨੇ ਕਿਹਾ ਕਿ ਇਸ ਕਤਲ ਕੇਸ ਵਿੱਚ ਐਸ ਐਚ ਓ ਬੋਹਾ ਦੀ ਸੁਵੱਲੀ ਨਜ਼ਰ ਕਰਕੇ ਮੁੱਖ ਦੋਸ਼ੀ ਬਾਹਰ ਘੁੰਮ ਫਿਰ ਹੈ ।ਐਸ ਐਚ ਓ ਦੀ ਭੂਮਿਕਾ ਲਗਾਤਾਰ ਨਾ ਪੱਖੀ ਰਿਹਾ ਹੈ ਅਤੇ ਸ਼ੁਰੂ ਤੋਂ ਹੀ ਕੇਸ਼ ਨੂੰ ਕਮਜ਼ੋਰ ਦਾ ਯਤਨ ਕਰਦਾ ਆ ਰਿਹਾ ਹੈ, ਥਾਣਾ ਮੁਖੀ ਕਾਰਨ ਹੀ ਦੋ ਦੋਸ਼ੀਆਂ ਨੂੰ ਕੇਸ਼ ਵਿੱਚੋਂ ਬਾਹਰ ਕੱਢਿਆ ਗਿਆ, ਰਹਿੰਦੇ ਦੋਸ਼ੀਆਂ ਨੂੰ ਇਸ ਕੇਸ ਵਿੱਚੋ ਬਾਹਰ ਕਰਕੇ ਕੇਸ਼ ਨੂੰ ਰਫਾ ਦਫਾ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਕਾਫੀ ਸਮਾਂ ਬੀਤਣ ਉਪਰੰਤ ਵੀ ਰਹਿੰਦੇ ਇੱਕ ਦੋਸ਼ੀ ਨੂੰ ਗ਼ਿਰਫ਼ਤਾਰ ਨਹੀਂ ਕੀਤਾ ਗਿਆ। ਇਹੀ ਕਾਰਨ ਹੈ ਕਿ ਪਾਰਟੀ ਨੂੰ ਮਜਬੂਰਨ ਮਨਜੀਤ ਗਾਮੀਵਾਲਾ ਨੂੰ ਇਨਸਾਫ਼ ਦਿਵਾਉਣ ਲਈ 2 ਮਈ ਸਵੇਰੇ 10 ਵਜੇ ਥਾਣਾ ਬੋਹਾ ਦਾ ਘਿਰਾਓ ਕਰਨਾ ਪੈ ਰਿਹਾ ਹੈ।

ਉਹਨਾਂ ਮੰਗ ਕੀਤੀ ਕਿ ਦੋਸ਼ੀ ਮੁੱਖ ਸਾਜ਼ਿਸ਼ ਕਰਤਾ ਨੂੰ ਬਚਾਉਣ ਵਾਲੇ ਐਸ ਐਚ ਓ ਤੁਰੰਤ ਮੁਅੱਤਲ ਕੀਤਾ ਜਾਵੇ ।ਕੱਢੇ ਗਏ ਦੋ ਦੋਸ਼ੀਆਂ ਨੂੰ ਗਿਰਫ਼ਤਾਰ ਕਰਕੇ ਅਦਾਲਤ 'ਚ ਪੇਸ਼ ਕੀਤੇ ਜਾਣ, ਮੁੱਖ ਸਾਜ਼ਿਸ਼ ਕਰਤਾ ਦੀ ਡੂੰਘਾਈ ਨਾਲ ਜਾਂਚ ਕਰਕੇ ਉਸ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇ। ਰਹਿੰਦੇ ਦੋਸ਼ੀਆਂ ਨੂੰ ਬਿਨ੍ਹਾਂ ਦੇਰੀ ਗ਼ਿਰਫ਼ਤਾਰ ਕੀਤਾ ਜਾਵੇ।

ਆਗੂਆਂ ਨੇ ਮਾਨਸਾ ਜ਼ਿਲ੍ਹੇ ਦੀਆਂ ਤਮਾਮ ਸਿਆਸੀ ਧਿਰਾਂ ਤੇ ਕਿਸਾਨ ਜਥੇਬੰਦੀਆਂ ਨੂੰ ਇਸ ਘਿਰਾਓ ਵਿੱਚ ਸ਼ਾਮਲ ਹੋਣ ਦੀ ਪੁਰਜ਼ੋਰ ਅਪੀਲ ਵੀ ਕੀਤੀ।

# ਸੰਗਰੂਰ - ਉੱਪਲੀ ਰੋਡ ਦੀ ਅਪਗਰੇਡੇਸ਼ਨ ਦਾ ਕੰਮ ਸ਼ੁਰੂ, ਵਿਧਾਇਕਾ ਨਰਿੰਦਰ ਕੌਰ ਭਰਾਜ ਨੇ ਰੱਖਿਆ ਨੀਂਹ ਪੱਥਰ

## - 97 ਲੱਖ ਰੁਪਏ ਦੀ ਲਾਗਤ ਨਾਲ ਹੋਵੇਗੀ ਸੜਕ ਦੀ ਕਾਇਆ ਕਲਪ, - ਪੰਜਾਬ ਸਰਕਾਰ ਸੂਬੇ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਵਚਨਬੱਧ: ਵਿਧਾਇਕਾ ਨਰਿੰਦਰ ਕੌਰ ਭਰਾਜ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com



ਦਲਜੀਤ ਕੌਰ

ਸੰਗਰੂਰ, 28 ਅਪ੍ਰੈਲ, 2025: ਇਲਾਕਾ ਵਾਸੀਆਂ ਦੀ ਚਿਰੋਕਣੀ ਮੰਗ ਨੂੰ ਪੂਰਾ ਕਰਦਿਆਂ ਪੰਜਾਬ ਸਰਕਾਰ ਵੱਲੋਂ ਸਥਾਨਕ ਸੰਗਰੂਰ - ਉੱਪਲੀ ਰੋਡ ਦੀ ਅਪਗਰੇਡੇਸ਼ਨ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ। ਵਿਧਾਇਕਾ ਨਰਿੰਦਰ ਕੌਰ ਭਰਾਜ ਨੇ ਅੱਜ ਸਮੂਹ ਇਲਾਕਾ ਵਾਸੀਆਂ ਦੀ ਹਾਜ਼ਰੀ ਵਿੱਚ ਇਸ ਮਹੱਤਵਪੂਰਨ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ।

ਸਮਾਗਮ ਨੂੰ ਸੰਬੋਧਨ ਕਰਦਿਆਂ ਉਹਨਾਂ ਕਿਹਾ ਕਿ ਇਹ ਸੜਕ ਸ਼ਹਿਰ ਅਤੇ ਇਲਾਕੇ ਦੀ ਬਹੁਤ ਹੀ ਮਹੱਤਵਪੂਰਨ ਸੜਕ ਹੈ। ਪਿਛਲੀਆਂ ਸਰਕਾਰਾਂ ਵੱਲੋਂ ਇਸ ਸੜਕ ਦੀ ਬਿਲਕੁਲ ਵੀ ਸਾਰ ਨਹੀਂ ਲਈ ਗਈ। ਜਿਸ ਕਾਰਨ ਸਥਾਨਕ ਲੋਕਾਂ ਨੂੰ ਇਥੋਂ ਆਵਾਜਾਈ ਕਰਨ ਵਿੱਚ ਬਹੁਤ ਸਮੱਸਿਆ ਦਾ ਸਾਹਮਣਾ ਕਰਨਾ ਪੈਂਦਾ ਸੀ। ਉਹਨਾਂ ਕਿਹਾ ਕਿ ਇਸ ਸੜਕ ਦੀ 97 ਲੱਖ ਰੁਪਏ ਦੀ ਲਾਗਤ ਨਾਲ ਪੂਰੀ ਤਰ੍ਹਾਂ ਕਾਇਆ ਕਲਪ ਕੀਤੀ ਜਾਵੇਗੀ। ਸੜਕ ਬਣਨ ਨਾਲ ਲੋਕਾਂ ਨੂੰ ਬਹੁਤ ਰਾਹਤ ਮਿਲੇਗੀ।

ਇਸ ਮੌਕੇ ਉਹਨਾਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਵਚਨਬੱਧ ਹੈ। ਸੂਬੇ ਦਾ ਵਿਕਾਸ ਯੋਜਨਾਬੱਧ ਤਰੀਕੇ ਨਾਲ ਨੇਪਰੇ ਚਾੜ੍ਹਿਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਉਹਨਾਂ ਦੀ ਸਰਕਾਰ ਦੇ ਕਾਰਜਕਾਲ ਦੌਰਾਨ ਸੂਬੇ ਦੀ ਦਿੱਖ ਅਤੇ ਦਿਸ਼ਾ ਪੂਰੀ ਤਰ੍ਹਾਂ ਬਦਲ ਜਾਵੇਗੀ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਦਾ ਵਿਕਾਸ ਵਿੱਚ ਯੋਗਦਾਨ ਪਾਉਣ।

# ਸ਼ਿਕਾਗੋ ਦੇ ਸ਼ਹੀਦਾਂ ਦੀ ਯਾਦ ਚ ਸ਼ਰਧਾਂਜਲੀ ਸਮਾਗਮ 1 ਮਈ ਨੂੰ ਮੋਰਿੰਡਾ ਵਿਖੇ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com

ਮੋਰਿੰਡਾ 28 ਅਪ੍ਰੈਲ (ਪਤਰ ਪ੍ਰੇਰਕ) ਵੱਖ ਵੱਖ ਮਜ਼ਦੂਰ ਤੇ ਮੁਲਾਜ਼ਮ ਜਥੇਬੰਦੀਆਂ ਵੱਲੋਂ ਮਜ਼ਦੂਰਾਂ, ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਮਨਵਾਉਣ ਲਈ ਅਪਣੀਆਂ ਕੀਮਤੀ ਜਾਨਾਂ ਕੁਰਬਾਨ ਕਰਨ ਵਾਲੇ ਸ਼ਿਕਾਗੋ ਦੇ ਸ਼ਹੀਦਾਂ ਦੀ ਯਾਦ ਨੂੰ ਤਾਜ਼ਾ ਕਰਨ ਲਈ 1 ਮਈ ਨੂੰ ਮੋਰਿੰਡਾ ਵਿਖੇ ਸ਼ਰਧਾਂਜਲੀ ਸਮਾਗਮ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਲਾਲ ਝੰਡਾ ਲਹਿਰਾਉਣ ਦੀ ਰਸਮ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਆਗੂ ਮਲਾਗਰ ਸਿੰਘ ਖਮਾਣੋਂ ਕਰਨਗੇ। ਜਦੋਂ ਕਿ ਸੀਨੀਅਰ ਆਗੂ ਕਰਨੈਲ ਸਿੰਘ ਜੀਤ ਪ੍ਰਧਾਨ ਸੰਵਿਧਾਨ ਬਚਾਓ ਸੰਘਰਸ਼ ਕਮੇਟੀ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਨਗੇ। ਇਸ ਸਮੇਂ ਉਪਰੋਕਤ ਆਗੂਆਂ ਤੋਂ ਇਲਾਵਾ ਵੱਖ ਵੱਖ ਜਥੇਬੰਦੀਆਂ ਦੇ ਆਗੂ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਂਟ ਕਰਨਗੇ। ਮੁਲਾਜ਼ਮ ਨੇਤਾ ਵਿਜੇ ਕੁਮਾਰ ਅਤੇ ਦਰਸ਼ਨ ਸਿੰਘ ਨੇ ਭਰਾਤਰੀ ਜਥੇਬੰਦੀਆਂ ਦੇ ਆਗੂਆਂ ਵਰਕਰਾਂ ਅਤੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਮਜ਼ਦੂਰਾਂ, ਮੁਲਾਜ਼ਮਾਂ ਲਈ ਮਰ ਮਿਟਣ ਵਾਲੇ ਸ਼ਿਕਾਗੋ ਦੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ ਕਰਨ ਲਈ 1 ਮਈ ਨੂੰ ਸਵੇਰੇ 10 ਵਜੇ ਲੇਬਰ ਚੌਂਕ, ਨੇੜੇ ਸਿਲਵ ਹਸਪਤਾਲ ਮੋਰਿੰਡਾ ਵਿਖੇ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰੇ।



# ਸਿੱਖਿਆ ਦੇ ਖੇਤਰ 'ਚ ਪੰਜਾਬ ਸਰਕਾਰ ਦੇ ਸ਼ਲਾਘਾਯੋਗ ਯਤਨ: ਜੈ ਕ੍ਰਿਸ਼ਨ ਸਿੰਘ ਰੌੜੀ

## ਡਿਪਟੀ ਸਪੀਕਰ ਨੇ 31.98 ਲੱਖ ਰੁਪਏ ਦੀ ਲਾਗਤ ਨਾਲ 5 ਸਰਕਾਰੀ ਸਕੂਲਾਂ 'ਚ ਹੋਏ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com



ਗੜ੍ਹਸ਼ੰਕਰ / ਹੁਸ਼ਿਆਰਪੁਰ, 28 ਅਪ੍ਰੈਲ: (ਪੱਤਰ ਪ੍ਰੇਰਕ )ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਖੇਤਰ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ। ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ, ਜਿਸ ਨਾਲ ਸਿੱਖਿਆ ਦੀ ਗੁਣਵੱਤਾ ਵਿੱਚ ਭਾਰੀ ਸੁਧਾਰ ਹੋ ਰਿਹਾ ਹੈ। ਇਸ ਦੇ ਨਤੀਜੇ ਵਜੋਂ ਸਰਕਾਰੀ ਸਕੂਲਾਂ ਵਿੱਚ ਦਾਖਲਿਆਂ ਦੀ ਗਿਣਤੀ ਵਿੱਚ ਕਾਫ਼ੀ ਵਾਧਾ ਹੋਇਆ ਹੈ।

ਡਿਪਟੀ ਸਪੀਕਰ ਰੌੜੀ ਅੱਜ ਗੜ੍ਹਸ਼ੰਕਰ ਵਿਧਾਨ ਸਭਾ ਹਲਕੇ ਦੇ ਪੰਜ ਸਰਕਾਰੀ ਸਕੂਲਾਂ ਵਿੱਚ 31.98 ਲੱਖ ਰੁਪਏ ਦੀ ਲਾਗਤ ਨਾਲ ਪੂਰੇ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਲਈ ਪਹੁੰਚੇ। ਉਨ੍ਹਾਂ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਇਹ ਨਿਵੇਸ਼ ਸੂਬੇ ਦੇ ਉੱਜਵਲ ਭਵਿੱਖ ਦੀ ਨੀਂਹ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ।

ਪ੍ਰੋਗਰਾਮ ਦੇ ਤਹਿਤ ਉਨ੍ਹਾਂ ਨੇ ਸਰਕਾਰੀ ਪ੍ਰਾਇਮਰੀ ਸਕੂਲ ਪੋਸੀ ਵਿੱਚ ਨਵੇਂ ਕਲਾਸਰੂਮ, ਸਰਕਾਰੀ ਪ੍ਰਾਇਮਰੀ ਸਕੂਲ ਮਜ਼ਾਰਾ ਡਿੰਗਰੀਆਂ ਵਿੱਚ ਚਾਰਦੀਵਾਰੀ, ਸਰਕਾਰੀ ਮਿਡਲ ਸਕੂਲ ਸਰਹਾਲਾ ਖੁਰਦ ਵਿੱਚ ਹੋਰ ਵਿਕਾਸ ਕਾਰਜ, ਸਰਕਾਰੀ ਪ੍ਰਾਇਮਰੀ ਸਕੂਲ ਗੋਂਦਪੁਰ ਵਿੱਚ ਚਾਰਦੀਵਾਰੀ ਅਤੇ ਸਰਕਾਰੀ ਹਾਈ ਸਕੂਲ ਬਿੰਜੋ ਵਿੱਚ ਚਾਰਦੀਵਾਰੀ ਦੀ ਉਸਾਰੀ ਅਤੇ ਹੋਰ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ।

ਡਿਪਟੀ ਸਪੀਕਰ ਨੇ ਪੰਚਾਇਤ ਮੈਂਬਰਾਂ ਅਤੇ ਸਕੂਲ ਮੈਨੇਜਮੈਂਟ ਕਮੇਟੀਆਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਹ ਕੰਮ ਸਾਰਿਆਂ ਦੇ ਸਹਿਯੋਗ ਨਾਲ ਹੀ ਸੰਭਵ ਹੋਇਆ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਭਵਿੱਖ ਵਿੱਚ ਵੀ ਸੂਬਾ ਸਰਕਾਰ ਸਿੱਖਿਆ ਖੇਤਰ ਨੂੰ ਹੋਰ ਮਜ਼ਬੂਤ ਕਰਨ ਲਈ ਹਰ ਸੰਭਵ ਸਹਾਇਤਾ ਦਿੰਦੀ ਰਹੇਗੀ।

ਇਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਨੇ 'ਸਕੂਲ ਆਫ਼ ਐਮੀਨੈਂਸ' ਵਰਗੇ ਬਿਹਤਰੀਨ ਉਪਰਾਲੇ ਕੀਤੇ ਹਨ, ਜੋ ਸਰਕਾਰੀ ਸਿੱਖਿਆ ਪ੍ਰਣਾਲੀ ਨੂੰ ਇੱਕ ਨਵੀਂ ਦਿਸ਼ਾ ਦੇ ਰਹੇ ਹਨ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾ ਕੇ ਇਸ ਸਿੱਖਿਆ ਕ੍ਰਾਂਤੀ ਦਾ ਹਿੱਸਾ ਬਣਨ। ਇਸ ਮੌਕੇ ਪਿੰਡ ਦੀਆਂ ਪੰਚਾਇਤਾਂ ਦੇ ਨੁਮਾਇੰਦੇ, ਸਿੱਖਿਆ ਵਿਭਾਗ ਦੇ ਅਧਿਕਾਰੀ ਅਤੇ ਸਥਾਨਕ ਨਿਵਾਸੀ ਵੀ ਵੱਡੀ ਗਿਣਤੀ ਵਿੱਚ ਮੌਜੂਦ ਸਨ।

# 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਮੂਲੋਵਾਲ ਦੇ ਸਰਕਾਰੀ ਸਕੂਲ ਨਵੀਨੀਕਰਨ ਤੋਂ ਬਾਅਦ ਲੋਕ ਅਰਪਿਤ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ



ਧੂਰੀ, 28 ਅਪ੍ਰੈਲ, 2025: ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਚਲਾਈ ਗਈ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਅੱਜ ਵਿਧਾਨ ਸਭਾ ਹਲਕਾ ਧੂਰੀ ਦੇ ਦੋ ਸਰਕਾਰੀ ਸਕੂਲਾਂ ਨੂੰ ਨਵੀਨੀਕਰਨ ਤੋਂ ਬਾਅਦ ਲੋਕ ਅਰਪਿਤ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਅਤੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੂਲੋਵਾਲ ਦੀ 14.2 ਲੱਖ ਰੁਪਏ ਨਾਲ ਬਣਨ ਵਾਲੀ ਸਾਇੰਸ ਲੈਬ ਅਤੇ 40 ਲੱਖ ਰੁਪਏ ਦੀ ਲਾਗਤ ਵਾਲੀ ਚਾਰ-ਦਿਵਾਰੀ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਮੂਲੋਵਾਲ ਦੇ ਦੋ ਕਲਾਸ-ਰੂਮ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਨੂੰ ਅਰਪਿਤ ਕੀਤੇ ਗਏ।

ਇਸ ਮੌਕੇ ਚੇਅਰਮੈਨ ਢਿੱਲੋਂ ਅਤੇ ਚੇਅਰਮੈਨ ਘੁੱਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰ ਅੰਦੇਸ਼ੀ ਸੋਚ ਸਦਕਾ ਸੂਬੇ ਦੇ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਇਤਿਹਾਸਿਕ ਫੈਸਲੇ ਕੀਤੇ ਜਾ ਰਹੇ ਹਨ ਤਾਂ ਜੋ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਆਧੁਨਿਕ ਢੰਗ ਤਰੀਕਿਆਂ ਨਾਲ ਸਿੱਖਿਆ ਮੁਹੱਈਆ ਕਰਵਾਈ ਜਾ ਸਕੇ।

ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਸੂਬੇ ਦੇ ਸਰਕਾਰੀ ਸਕੂਲਾਂ ਨੂੰ ਬੁਰੀ ਤਰ੍ਹਾਂ ਅਣਗੌਲਿਆਂ ਕੀਤਾ ਗਿਆ, ਜਿਸ ਕਾਰਨ ਆਮ ਵਿਅਕਤੀ ਆਪਣੇ ਬੱਚੇ ਸਰਕਾਰੀ ਸਕੂਲਾਂ ਦੀ ਥਾਂ ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹਾਉਣ ਲੱਗ ਪਏ, ਜਿਸ ਨਾਲ ਸਰਕਾਰੀ ਸਕੂਲਾਂ ਅੰਦਰ ਵਿਦਿਆਰਥੀਆਂ ਦੀ ਗਿਣਤੀ ਨਾ ਮਾਤਰ ਰਹਿ ਗਈ। ਉਹਨਾਂ ਕਿਹਾ ਕਿ ਮੌਜੂਦਾ ਸਰਕਾਰ ਨੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਪ੍ਰਾਈਵੇਟ ਸਕੂਲਾਂ ਦੀ ਤਰਜ਼ 'ਤੇ ਅਤਿ ਆਧੁਨਿਕ ਸਹੂਲਤਾਂ ਮੁਹਈਆ ਕਰਵਾਉਣੀਆਂ ਸ਼ੁਰੂ ਕੀਤੀਆਂ, ਜਿਨ੍ਹਾਂ ਸਦਕਾ ਅੱਜ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਵੱਖ-ਵੱਖ ਖੇਤਰਾਂ ਵਿੱਚ ਉੱਚੀਆਂ ਮੱਲਾਂ ਮਾਰ ਰਹੇ ਹਨ।

# ਹਲਕਾ ਵਿਧਾਇਕ ਡਾ ਚਰਨਜੀਤ ਸਿੰਘ ਨੇ 50 ਲੱਖ ਦੇ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com



ਮੋਰਿੰਡਾ 28 ਅਪ੍ਰੈਲ ( ਪਤਰ ਪ੍ਰੇਰਕ) ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਨੇ ਮੋਰਿੰਡਾ ਬਲਾਕ ਮੋਰਿੰਡਾ ਦੇ ਪਿੰਡ ਮੁੰਡੀਆਂ , ਦੁੱਮਣਾ, ਓਇੰਦ, ਸਮਾਣਾ ਕਲਾਂ ਅਤੇ ਫ਼ਤਹਿਗੜ੍ਹ ਦੇ ਸਕੂਲਾਂ ਵਿੱਚ ਹੋਏ ਲਗਭਗ ਪੰਜਾਹ ਲੱਖ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਇਹਨਾਂ ਸਾਰੇ ਸਕੂਲਾਂ ਵਿੱਚ ਬੱਚਿਆਂ ਵੱਲੋਂ ਬਹੁਤ ਹੀ ਪ੍ਰਭਾਵਸ਼ਾਲੀ ਸਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ। ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਨੇ ਇਹਨਾਂ ਸਮਾਗਮਾਂ ਵਿੱਚ ਬੋਲਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਮਿਸ਼ਨ ਸਿੱਖਿਆ ਕ੍ਰਾਂਤੀ ਸ਼ੁਰੂ ਕਰਕੇ ਪੰਜਾਬ ਦੀ ਸਿੱਖਿਆ ਨੂੰ ਰੋਲ ਮਾਡਲ ਬਣਾਇਆ ਹੈ। ਉਹਨਾਂ ਕਿਹਾ ਸਿੱਖਿਆ ਸੁਧਾਰ ਲਈ ਆਉਣ ਵਾਲੇ ਸਮੇਂ ਵਿੱਚ ਵੀ ਸਕੂਲਾਂ ਨੂੰ ਗ੍ਰਾਂਟਾਂ ਦੀ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਉਹਨਾਂ ਮੁੰਡੀਆਂ ਨਿਵਾਸੀਆਂ ਦਾ ਉਚੇਚਾ ਧੰਨਵਾਦ ਕਰਦਿਆਂ ਕਿਹਾ ਇਸ ਨਗਰ ਵਿੱਚੋਂ ਵੱਡੀ ਲੀਡ ਨਾਲ ਜਿੱਤ ਹਾਸਲ ਹੋਈ ਸੀ। ਇਹਨਾਂ ਸਮਾਗਮਾਂ ਵਿੱਚ ਬੀਰਦਵਿੰਦਰ ਸਿੰਘ ਬੱਲਾਂ, ਰਾਜਿੰਦਰ ਸਿੰਘ ਰਾਜਾ ਚੱਕਲਾਂ, ਉੱਪ ਜਿਲ੍ਹਾ ਸਿੱਖਿਆ ਅਫ਼ਸਰ ਐਸ ਪੀ ਸਿੰਘ , ਬਲਾਕ ਨੋਡਲ ਅਫ਼ਸਰ ਸੁਰਿੰਦਰ ਕੁਮਾਰ ਘਈ, ਊਧਮ ਸਿੰਘ ਰਾਣਾ, ਭੁਪਿੰਦਰ ਸਿੰਘ ਮੁੰਡੀ, ਗੁਰਪ੍ਰੀਤ ਕੌਰ ਹੈਡ ਮਿਸਟ੍ਰੈਸ ਦੁੱਮਣਾ, ਕੇਸਰ ਸਿੰਘ ਸਮਾਣਾ ਕਲਾਂ, ਜਸਦੀਪ ਕੌਰ , ਅਮਨਦੀਪ ਕੌਰ, ਜਸਵਿੰਦਰ ਸਿੰਘ ਦੁੱਮਣਾ , ਗੁਰਮੀਤ ਕੌਰ ਆਦਿ ਨੇ ਆਪਣੇ ਵਿਚਾਰ ਰੱਖੇ। ਇਸ ਮੌਕੇ ਸਾਬਕਾ ਸਰਪੰਚ ਜੋਗਿੰਦਰ ਸਿੰਘ ਬੰਗੀਆਂ, ਪ੍ਰਿੰਸੀਪਲ ਪਵਨ ਕੁਮਾਰ ਸਲੇਮ ਪੁਰ, ਸੰਜੀਵ ਅੱਤਰੀ , ਕੁਲਤਾਰ ਸਿੰਘ ਸਲੇਮਪੁਰ, ਜਸਦੀਪ ਕੌਰ, ਸੀਮਾ ਰਾਣੀ ਓਇੰਦ, ਜੋਤੀ ਸਾਹੀ ਓਇੰਦ, ਗੁਰਿੰਦਰ ਕੌਰ ਧਨੋਆ , ਨਰਿੰਦਰ ਕੌਰ ਕੰਗ, , ਸਿਮਰਨਜੀਤ ਕੌਰ ਦਿਆਲ, ਸ਼ਿਵਾਲੀ ਸ਼ਰਮਾ , ਜਗਜੀਤ ਸਿੰਘ ਢੰਗਰਾਲੀ, ਡਾ. ਦਲਜੀਤ ਰਾਣੀ , ਜਸਬੀਰ ਸਿੰਘ ਸ਼ਾਂਤਪੁਰੀ, ਅਮਨਦੀਪ ਕੌਰ, ਕਰਮਪ੍ਰੀਤ ਕੌਰ, ਹਰਜਾਪ ਸਿੰਘ, ਜਸਪ੍ਰੀਤ ਕੌਰ , ਕਿਰਨ ਬਾਲਾ, ਮਨਦੀਪ ਕੌਰ, ਕਮਲਜੀਤ ਸਿੰਘ ਕਾਈਨੌਰ, ਅਮਨਦੀਪ ਕੌਰ ਸ਼ਾਂਤਪੁਰ, ਸਰਬਜੀਤ ਕੌਰ, ਆਰਤੀ ਅਗਰਵਾਲ, ਰਾਜਵੰਤ ਕੌਰ ਢੋਲਣ ਮਾਜਰਾ, ਜਸਵਿੰਦਰ ਕੌਰ, ਸਤਕਰਤਾਰ ਸਿੰਘ, ਜਤਿੰਦਰ ਸਿੰਘ ਮੋਰਿੰਡਾ, ਗੁਰਚਰਨ ਸਿੰਘ ਫਾਂਟਵਾਂ, ਪ੍ਰਕਾਸ਼ ਸਿੰਘ ਸਾਬਕਾ ਸਰਪੰਚ ਮੁੰਡੀਆਂ, ਕਿਸਾਨ ਆਗੂ ਜਸਵਿੰਦਰ ਸਿੰਘ ਕਾਈਨੌਰ, ਅਜਾਇਬ ਸਿੰਘ ਮੁੰਡੀਆਂ , ਕਰਮਜੀਤ ਸਿੰਘ ਲੱਕੀ, ਗੁਰਤੇਜ ਸਿੰਘ, ਸਵਾਤੀ ਚਾਵਲਾ ਅਤੇ ਕਰਮ ਸਿੰਘ ਸਲੇਮਪੁਰ ਆਦਿ ਹਾਜ਼ਰ ਸਨ।

# ਅਲਾਇੰਸ ਕਲੱਬ ਇੰਟਰਨੈਸ਼ਨਲ ਵਲੋਂ ਮੁਫ਼ਤ ਫਿਜ਼ੀਓਥੈਰੇਪੀ ਕੈਂਪ ਲਗਾਇਆ, ਮਾਹਿਰ ਡਾਕਟਰਾਂ ਵਲੋਂ ਕੈਂਪ ਵਿਚ 85 ਮਰੀਜ਼ਾਂ ਦਾ ਕੀਤਾ ਮੁਫ਼ਤ ਇਲਾਜ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com




ਸ੍ਰੀ ਅਨੰਦਪੁਰ ਸਾਹਿਬ

ਪ੍ਰਸਿੱਧ ਸਮਾਜ ਸੇਵੀ ਸੰਸਥਾ ਅਲਾਇੰਸ ਕਲੱਬ ਇੰਟਰਨੈਸ਼ਨਲ ਸ੍ਰੀ ਅਨੰਦਪੁਰ ਸਾਹਿਬ ਵਲੋਂ ਗੁਰਦੁਆਰਾ ਸੀਸਗੰਜ ਸਾਹਿਬ (ਲੰਗਰ ਹਾਲ) ਸ੍ਰੀ ਅਨੰਦਪੁਰ ਸਾਹਿਬ ਵਿਖੇ ਇੱਕ ਰੋਜ਼ਾ ਮੁਫ਼ਤ ਫਿਜ਼ੀਓਥੈਰੇਪੀ ਕੈਂਪ ਲਗਾਇਆ ਗਿਆ। ਇਸ ਕੈਂਪ ਵਿਚ ਮਾਹਿਰ ਡਾਕਟਰ ਡਾ. ਰੀਤੂ ਕੌਸ਼ਲ, ਡਾ. ਮਨਦੀਪ ਸਿੰਘ, ਡਾ.ਗੁਰਵਿੰਦਰ ਸਿੰਘ, ਡਾ.ਰਵਿੰਦਰ ਕੁਮਾਰ ਅਤੇ ਡਾ. ਸੰਨੀ ਭਾਰਤੀ ਵਲੋਂ ਮਰੀਜਾਂ ਦਾ ਚੈਕਅੱਪ ਕਰਕੇ ਫਿਜ਼ੀਓਥੈਰੇਪੀ ਰਾਹੀਂ ਇਲਾਜ ਕੀਤਾ ਗਿਆ। ਕੈਂਪ ਦਾ ਉਦਘਾਟਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਹੈਡ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਜੀ ਵਲੋਂ ਕੀਤਾ ਗਿਆ। ਇਸ ਕੈਂਪ ਸੰਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਅਲਾਇੰਸ ਕਲੱਬ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਧਾਨ ਜਸਵਿੰਦਰ ਸਿੰਘ ਰਤਨ ਨੇ ਦੱਸਿਆ ਕਿ ਇਸ ਕੈਂਪ ਵਿੱਚ ਮਾਹਿਰ ਡਾਕਟਰਾਂ ਦੀ ਟੀਮ ਵਲੋਂ ਲਗਭਗ 85 ਮਰੀਜਾਂ ਦਾ ਚੈਕਅੱਪ ਕਰਕੇ ਫਿਜ਼ੀਓਥੈਰੇਪੀ ਰਾਹੀਂ ਇਲਾਜ ਕੀਤਾ ਗਿਆ। ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੀਤ ਮੈਨੇਜਰ ਕਰਮਜੀਤ ਸਿੰਘ, ਡਾ. ਹਰਦਿਆਲ ਸਿੰਘ ਪੰਨੂ ਸਾਬਕਾ ਗਵਰਨਰ ਅਲਾਇੰਸ ਕਲੱਬ ਇੰਟਰਨੈਸ਼ਨਲ, ਪ੍ਰਿੰ. ਨਿਰੰਜਣ ਸਿੰਘ ਰਾਣਾ ਰਿਜਨ ਚੇਅਰਮੈਨ, ਪ੍ਰੋ: ਹਰਦੀਪ ਸਿੰਘ ਅਸਿਸਟੈਂਟ ਗਵਰਨਰ, ਦਵਿੰਦਰਪਾਲ ਸਿੰਘ ਜੋਨ ਚੇਅਰਮੈਨ, ਇਕਬਾਲ ਸਿੰਘ ਸੂਰੀ ਪ੍ਰਧਾਨ ਚੱਕ ਅਗੰਮਪੁਰ, ਸਕੱਤਰ ਜਸਦੀਪ ਸਿੰਘ ਧਾਲੀਵਾਲ, ਕੈਸ਼ੀਅਰ ਅਵਤਾਰ ਸਿੰਘ, ਪੀ ਆਰ ਓ ਅੰਕੁਸ਼ ਕੁਮਾਰ, ਸੁਖਵਿੰਦਰ ਸਿੰਘ ਬਿੱਟੂ , ਮਹਿੰਦਰਮੋਹਨ ਸਿੰਘ, ਗੁਰਪ੍ਰੀਤਮ ਸਿੰਘ, ਆਤਮਾ ਸਿੰਘ ਘੱਟੀਵਾਲ ਸਾਬਕਾ ਬੈਂਕ ਅਫਸਰ, ਕੇਵਲ ਸਿੰਘ ਰਾਣਾ, ਕਮਲਦੀਪ ਸਿੰਘ ਰਾਣਾ, ਨਵੀਨ ਕੁਮਾਰ, ਮਾਸਟਰ ਸੰਜੀਵ ਧਰਮਾਣੀ, ਸੀਨੀਅਰ ਪੱਤਰਕਾਰ ਜਰਨੈਲ ਸਿੰਘ ਨਿੱਕੂਵਾਲ, ਰਾਜ ਕੁਮਾਰ ਧੀਮਾਨ ਪੱਤਰਕਾਰ, ਭਾਈ ਮਨਦੀਪ ਸਿੰਘ, ਕੁਲਦੀਪ ਪਰਮਾਰ, ਗੁਰਪ੍ਰੀਤ ਸਿੰਘ ਆਦਿ ਹਾਜਰ ਸਨ।

# ਸ੍ਰੀ ਹਨੂਮਤ ਇੰਟਰਨੈਸ਼ਨਲ ਪਬਲਿਕ ਸਕੂਲ ਗੋਰਾਇਆ ਦੇ ਲਈ ਮਾਣ ਦਾ ਧਿਆਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com



ਫਗਵਾੜਾ 28 ਅਪ੍ਰੈਲ (ਸ਼ਿਵ ਕੌੜਾ) ਸ੍ਰੀ ਹਨੂਮਤ ਇੰਟਰਨੈਸ਼ਨਲ ਪਬਲਿਕ ਸਕੂਲ ਗੋਰਿਆ ਕੇ ਮਨਰਾਜ ਨੇ ਕਪੂਰਥਲਾ ਵਿੱਚ ਆਯੋਜਿਤ ਪੰਜਾਬ ਸਟੇਟ ਵੇਵਿਨਮ (ਮਾਰਸ਼ਲ ਆਰਟਸ) ਚੈਂਪਿਅਨਸ਼ਿਪ 2025 ਵਿੱਚ ਜੂਨੀਅਰ ਗਰੁੱਪ ਦੀ ਸ਼੍ਰੇਣੀ ਵਿੱਚ ਮੁੱਕੇਬਾਜ਼ੀ ਵਿੱਚ ਸਵਰਣ ਪਦਕ ਜਿੱਤਕਰ ਸਕੂਲ ਗੌਰਵੰਤੀ ਹੈ। ਇਸ ਪ੍ਰੋਗਰਾਮ ਵਿੱਚ ਵੱਖ-ਵੱਖ ਸਕੂਲਾਂ ਦੇ 100 ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ। ਕੜੀ ਮੁਕਾਬਲੇ ਦੇ ਵਿਚਕਾਰਲੇ ਮਨਰਾਜ ਨੇ ਆਪਣੀ ਪ੍ਰਤਿਭਾ ਅਤੇ ਦ੍ਰਿੜ੍ਹਤਾ ਦੀ ਪਛਾਣ ਦਿੱਤੀ ਹੈ। ਪ੍ਰਿੰਸੀਪਲ ਆਰਤੀ ਪੁਰਸੀ ਨੇ ਮਨਰਾਜ ਕੇ ਸ਼ਾਨਦਾਰ ਉਪਲਬਧ ਲਈ ਵਧਾਈ ਦੀ ਅਤੇ ਉਨ੍ਹਾਂ ਦੇ ਭਵਿੱਖ ਦੇ ਯਤਨਾਂ ਵਿੱਚ ਸਫਲਤਾ ਦੀ ਕੰਮ ਕਰਨਾ ਹੈ।

# ਮੋਰਿੰਡਾ ਪੁਲਿਸ ਵੱਲੋਂ 2 ਨੌਜਵਾਨਾਂ ਤੋਂ 1560 ਨਸ਼ੀਲੀਆਂ ਗੋਲੀਆਂ ਬਰਾਮਦ ਕਰਕੇ ਦੋਸ਼ੀਆਂ ਨੂੰ ਕੀਤਾ ਗ੍ਰਿਫ਼ਤਾਰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com

ਮੋਰਿੰਡਾ 28 ਅਪ੍ਰੈਲ ( ਪਤਰ ਪ੍ਰੇਰਕ)ਪੰਜਾਬ ਪੁਲਿਸ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਤੇ ਕਾਬੂ ਪਾਉਣ ਲਈ ਚਲਾਏ ਗਈ ਮੁਹਿੰਮ ਯੁੱਧ ਨਸ਼ਿਆ ਵਿਰੁੱਧ ਤਹਿਤ ਜ਼ਿਲ੍ਹਾ ਪੁਲਸ ਮੁਖੀ ਗੁਲਨੀਤ ਸਿੰਘ ਖੁਰਾਨਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸ੍ਰੀ ਜਤਿੰਦਰਪਾਲ ਸਿੰਘ ਮੱਲੀ ਡੀਐਸਪੀ ਮੋਰਿੰਡਾ ਦੀ ਦੇਖਰੇਖ ਹੇਠ ਮੋਰਿੰਡਾ ਪੁਲਿਸ ਨੇ 2 ਨੌਜਵਾਨਾਂ ਨੂੰ 1560 ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਇੰਸਪੈਕਟਰ ਹਰਜਿੰਦਰ ਸਿੰਘ ਐਸ ਐਚ ਓ ਮੋਰਿੰਡਾ ਨੇ ਦੱਸਿਆ ਕਿ ਏਐਸਆਈ ਰਜਿੰਦਰ ਕੁਮਾਰ, ਪੁਲਿਸ ਪਾਰਟੀ ਸਮੇਤ ਸਮਾਜ ਵਿਰੋਧੀ ਅਨਸਰਾਂ, ਨਸ਼ਾ ਤਸਕਰਾਂ ਅਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਸਬੰਧੀ ਮੋਰਿੰਡਾ ਬਾਈਪਾਸ ਤੇ ਮੌਜੂਦ ਸੀ ਅਤੇ ਜਦੋਂ ਇਹ ਪੁਲਿਸ ਪਾਰਟੀ ਪਿੰਡ ਰਾਮਪੁਰ ਮਹਿਰਾਬ ਨੇੜੇ ਬਣੀ ਲੰਡਨ ਸਟ੍ਰੀਟ ਕੋਲ ਪੁੱਜੇ ,ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਦੋ ਨੌਜਵਾਨ ਪਿੱਛੇ ਸਥਿਤ ਪਾਣੀ ਵਾਲੀ ਮੋਟਰ ਤੇ ਨਸ਼ਾ ਵੇਚਦੇ ਹਨ। ਜਿਨਾਂ ਨੂੰ ਏ ਐਸ ਆਈ ਰਜਿੰਦਰ ਕੁਮਾਰ ਵੱਲੋ ਪੁਲਿਸ ਪਾਰਟੀ ਸਮੇਤ ਕਾਬੂ ਕਰਕੇ ਚੈੱਕ ਕੀਤਾ ਤਾਂ ਉਨਾਂ ਕੋਲੇ 1560 ਨਸ਼ੀਲੀਆ ਗੋਲੀਆਂ ਲੋਮੋਟਿਲ ਦੀਆਂ ਬਰਾਮਦ ਕੀਤੀਆਂ ਗਈਆਂ

ਐਸਐਚ ਓ ਹਰਜਿੰਦਰ ਸਿੰਘ ਨੇ ਦੱਸਿਆ ਕਿ ਏਐਸਆਈ ਰਜਿੰਦਰ ਕੁਮਾਰ ਤੇ ਪੁਲਿਸ ਪਾਰਟੀ ਵੱਲੋਂ ਇਹਨਾਂ ਦੋਨਾਂ ਕੋਲੋਂ ਲੋਮੋਟਿਲ ਦੀਆਂ ਕੁੱਲ 1560 ਨਸ਼ੀਲੀਆਂ ਗੋਲੀਆਂ ਬਰਾਮਦ ਕਰਕੇ ਪੁਲਸ ਵੱਲੋ ਜਸਪ੍ਰੀਤ ਸਿੰਘ ਪੁੱਤਰ ਸੁਖਵਿੰਦਰ ਸਿੰਘ ਨਿਵਾਸੀ ਪਿੰਡ ਰਾਮਪੁਰ ਮਹਿਰਾਬ, ਥਾਣਾ ਮੋਰਿੰਡਾ ਸ਼ਹਿਰੀ ਅਤੇ ਹਰਪ੍ਰੀਤ ਸਿੰਘ ਪੁੱਤਰ ਅਮਰਜੀਤ ਸਿੰਘ ਨਿਵਾਸੀ ਪਿੰਡ ਬਹਿਬਲਪੁਰ ਜ਼ਿਲਾ ਰੂਪਨਗਰ ਵਿਰੁੱਧ



ਐਨਡੀਪੀਐਸ ਐਕਟ ਦੀ ਧਾਰਾ 22/61/85 ਅਧੀਨ ਮੁਕਦਮਾ ਨੰਬਰ 44 ਦਰਜ ਕਰਕੇ ਅਗਲੇਰੀ ਅਦਾਲਤ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਇਸ ਮੌਕੇ ਤੇ ਏਐਸਆਈ ਸ਼ਾਮ ਲਾਲ ,ਏ ਐਸ ਆਈ ਵਿਸ਼ਾਲ ਕੁਮਾਰ ,ਹੌਲਦਾਰ ਸੁਰਿੰਦਰ ਸਿੰਘ ਅਤੇ ਚਰਨਜੀਤ ਸਿੰਘ ਆਦਿ ਵੀ ਹਾਜ਼ਰ ਸਨ।

# ਪਿੰਡ ਬਾਮਾ ਕੁਲੀਆ ਅਤੇ ਜਗਤਪੁਰ ਵਿਖੇ ਨਸ਼ਾ ਮੁਕਤ ਕੰਪੇਨ ਕਮੇਟੀ ਦੀ ਮੀਟਿੰਗ ਹੋਈ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com

ਬੇਲਾ 28 ਅਪ੍ਰੈਲ (ਹਰਦਿਆਲ ਸਿੰਘ ਸੰਧੂ) ਅਮਰੀਕ ਸਿੰਘ ਸਿਧੂ ਉਪਮੰਡਲ ਮੈਜਿਸਟ੍ਰੇਟ ਸ੍ਰੀ ਚਮਕੌਰ ਸਾਹਿਬ ਜੀ ਦੇ ਹੁਕਮਾਂ ਅਤੇ ਡਾ.ਗੋਬਿੰਦ ਟੰਡਨ ਸੀਨੀਅਰ ਮੈਡੀਕਲ ਅਫਸਰ ਸੀ.ਐਚ.ਸੀ ਚਮਕੌਰ ਸਾਹਿਬ ਦੀ ਅਗਵਾਈ ਹੇਠ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਅਧੀਨ ਪਿੰਡ ਬਾਮਾ ਕੁਲੀਆ ਅਤੇ ਜਗਤਪੁਰ ਵਿਖੇ ਨਸ਼ਾ ਮੁਕਤ ਕੰਪੇਨ ਕਮੇਟੀ ਦੀ ਮੀਟਿੰਗ ਹੋਈ।ਇਸ ਮੌਕੇ ਤੇ ਡਾ.ਗੋਬਿੰਦ ਟੰਡਨ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਉਪਮੰਡਲ ਮੈਜਿਸਟ੍ਰੇਟ ਸ੍ਰੀ ਚਮਕੌਰ ਸਾਹਿਬ ਵੱਲੋਂ ਪਿੰਡ ਪੱਧਰ ਤੇ ਨਸ਼ਾ ਮੁਕਤ ਮੁਹਿੰਮ ਤਹਿਤ ਕਮੇਟੀਆਂ ਦਾ ਗਠਨ ਕੀਤਾ ਗਿਆ




ਹੈ।ਉਨ੍ਹਾਂ ਦੱਸਿਆ ਕਿ ਪਿੰਡ ਪੱਧਰ ਦੀ ਕਮੇਟੀ ਵਿੱਚ ਸਰਪੰਚ,ਨੰਬਰਦਾਰ,ਆਸ਼ਾ ਵਰਕਰ,ਆਂਗਨਵਾੜੀ ਵਰਕਰਜ਼,ਪਟਵਾਰੀ,ਸਮਾਜ ਸੇਵਕ,ਪੰਚਾਇਤ ਸਕੱਤਰ ਅਤੇ ਪੁਲਿਸ ਕਰਮਚਾਰੀ ਮੈਂਬਰ ਹੋਣਗੇ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਨੂੰ ਲੈ ਕੇ ਪਿੰਡ ਪੱਧਰ ਦੀਆਂ ਕਮੇਟੀਆਂ ਦੀ ਮੀਟਿੰਗ ਦਾ ਆਯੋਜਨ ਕੀਤਾ ਗਿਆ ਹੈ।ਇਸ ਮੀਟਿੰਗ ਵਿੱਚ ਹਰਵਿੰਦਰ ਸਿੰਘ ਬੀ.ਈ.ਈ ਨੇ ਪਿੰਡ ਵਾਸੀਆਂ ਨੂੰ ਨਸ਼ੇ ਦੇ ਖਿਲਾਫ ਜਾਗਰੂਕਤਾ ਫੈਲਾਉਣ ਅਤੇ ਇਸ ਨੂੰ ਗੰਭੀਰ ਸਮਾਜਿਕ ਸਮੱਸਿਆ ਤੋਂ ਬਚਾਉਣ ਲਈ ਉਤਸ਼ਾਹਿਤ ਕੀਤਾ ਗਿਆ।ਇਸ ਮੌਕੇ ਤੇ ਮੀਟਿੰਗ ਵਿੱਚ ਕਈ ਗੁਣਾਤਮਕ ਵਿਚਾਰ-ਵਟਾਂਦਰੇ ਜਿਵੇਂ ਕਿ ਨਸ਼ਿਆਂ ਨਾਲ ਜੁੜੇ ਖਤਰੇ,ਪੀੜਤਾਂ ਦੀ ਮਦਦ ਅਤੇ ਸਿੱਖਿਆ ਅਤੇ ਜਾਗਰੂਕਤਾ ਪ੍ਰੋਗਰਾਮ ਨੂੰ ਜਾਰੀ ਰੱਖਣ ਬਾਰੇ ਚਰਚਾ ਕੀਤੀ ਗਈ।ਉਨਾਂ ਕਿਹਾ ਕਿ ਨਸ਼ਿਆਂ ਦੇ ਖਿਲਾਫ ਇੱਕਠੇ ਕੰਮ ਕਰਕੇ ਹੀ ਅਸੀਂ ਆਪਣੇ ਸਮਾਜ ਨੂੰ ਨਸ਼ੇ ਦੀ ਲਤ ਤੋਂ ਮੁਕਤ ਕਰ ਸਕਦੇ ਹਾਂ।ਇਸ ਲਈ ਜੇਕਰ ਕੋਈ ਨਸ਼ਾ ਵੇਚਦਾ ਹੈ ਤਾਂ ਉਸਦੀ ਸੂਚਨਾ ਮੋਬਾਈਲ ਨੰ: 9779100200 ਤੇ ਦਿੱਤੀ ਜਾਵੇ।ਸੂਚਨਾ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ ਅਤੇ ਜੇਕਰ ਕੋਈ ਨਸ਼ਾ ਕਰਦਾ ਹੈ ਤਾਂ ਉਸਨੂੰ ਸਿਹਤ ਵਿਭਾਗ ਅਧੀਨ ਓਟ ਕਲੀਨਿਕਾਂ ਵਿੱਚ ਇਲਾਜ਼ ਲਈ ਭੇਜਿਆ ਜਾਵੇ।ਇਸ ਮੌਕੇ ਤੇ ਨਰੇਸ਼ ਕੁਮਾਰ ਏ.ਐਸ. ਆਈ,ਰਾਮਜੀਤ ਪੰਚਾਇਤ ਸਕੱਤਰ, ਮੋਹਨ ਲਾਲ ਸਰਪੰਚ,ਲਖਵੀਰ ਸਿੰਘ ਪੰਚਾਇਤ ਸਕੱਤਰ,ਰੁਪਿੰਦਰ ਕੌਰ ਪਟਵਾਰੀ ,ਅਮਰੀਕ ਸਿੰਘ ਹੈਲਥ ਵਰਕਰ,ਨਰਿੰਦਰ ਸਿੰਘ ਜੇ.ਈ,ਸੁਨੀਤਾ ਦੇਵੀ ਆਂਗਨਵਾੜੀ ਵਰਕਰ,ਹਰਪ੍ਰੀਤ ਕੌਰ ਆਂਗਨਵਾੜੀ ਵਰਕਰ,ਰਣਜੀਤ ਕੌਰ,ਜੀਵਨ ਕੁਮਾਰੀ ਪੰਚ,ਸੋਮਾ ਦੇਵੀ ਆਸ਼ਾ ਵਰਕਰ,ਜੀਵਨ ਕੁਮਾਰੀ ਅਤੇ ਪਤਵੰਤੇ ਸੱਜਣ ਹਾਜ਼ਰ ਸਨ।

# ਯੁੱਧ ਨਸ਼ਿਆਂ ਵਿਰੁੱਧ ਛੇੜੀ ਮੁਹਿੰਮ ਤਹਿਤ ਪਾਬੰਦੀਸ਼ੁਦਾ 16 ਨਸ਼ੀਲੇ ਟੀਕਿਆਂ ਸਮੇਤ ਵਿਅਕਤੀ ਗਿਰਫਤਾਰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com

ਸ੍ਰੀ ਚਮਕੌਰ ਸਾਹਿਬ 28 ਅਪ੍ਰੈਲ (ਹਰਦਿਆਲ ਸਿੰਘ ਸੰਧੂ) ਯੁੱਧ ਨਸ਼ਿਆਂ ਵਿਰੁੱਧ ਛੇੜੀ ਮੁਹਿੰਮ ਦੇ ਤਹਿਤ ਗੁਪਤ ਸੂਚਨਾ ਦੇ ਆਧਾਰ ਤੇ ਪੁਲਿਸ ਵੱਲੋਂ ਰੇਡ ਦੌਰਾਨ ਇਕ ਵਿਅਕਤੀ ਪਾਸੋਂ ਪਾਬੰਦੀ ਸ਼ੁਦਾ 16 ਨਸ਼ੀਲੇ ਟੀਕੇ ਬਰਾਮਦ ਕਰਨ ਦਾ ਦਾਅਵਾ ਕੀਤਾ ਹੈ। ਜਿਸ ਦੇ ਸੰਬੰਧ ਚ ਜਾਣਕਾਰੀ ਦਿੰਦਿਆਂ ਹੋਇਆ ਥਾਣਾ ਸ੍ਰੀ ਚਮਕੌਰ ਸਾਹਿਬ ਦੇ ਐਸਐਚ ਓ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਏਐਸਆਈ ਰਣਜੀਤ ਸਿੰਘ ਤੇ ਸਮੂਹ ਪੁਲਿਸ ਪਾਰਟੀ ਨੇ ਕਾਸੋ ਆਪਰੇਸ਼ਨ



ਦੇ ਤਹਿਤ ਪਿੰਡ ਡਹਿਰ ਥਾਣਾ ਸ੍ਰੀ ਚਮਕੌਰ ਸਾਹਿਬ ਵਿਖੇ ਕਾਸੋ ਆਪਰੇਸ਼ਨ ਤਹਿਤ ਸਰਚ ਅਭਿਆਨ ਚਲਾਇਆ ਸੀ। ਜਿਸ ਦੇ ਚਲਦਿਆਂ ਮੁੱਖਵਰ ਦੀ ਇਤਲਾਹ ਮੁਤਾਬਿਕ ਦੱਸਿਆ ਗਿਆ ਕਿ ਦਵਿੰਦਰ ਸਿੰਘ ਪੁੱਤਰ ਮੇਜਰ ਸਿੰਘ ਵਾਸੀ ਪਿੰਡ ਡਹਿਰ ਜੋ ਕਿ ਨਸ਼ਾ ਕਰਨ ਤੇ ਵੇਚਣ ਦਾ ਆਦੀ ਹੈ ਜੋ ਬੀਤੇ ਕੱਲ ਕਾਫੀ ਮਾਤਰਾ ਚ ਨਸ਼ੀਲੇ ਟੀਕੇ ਲੈ ਕੇ ਆਇਆ ਹੈ ਜਿਸਨੇ ਆਪਣੀ ਕਰਿਆਨੇ ਦੀ ਦੁਕਾਨ ਚ ਕਾਫੀ ਗਿਣਤੀ ਚ ਟੀਕੇ ਰੱਖੇ ਹੋਏ ਹਨ ਜੋ ਅੱਗੇ ਕਿਸੇ ਨੂੰ ਵੇਚਣ ਲਈ ਜਾ ਰਿਹਾ ਹੈ ਜੇਕਰ ਉਸਦੀ ਦੁਕਾਨ ਤੇ ਰੇਡ ਕੀਤੀ ਜਾਵੇ ਤਾਂ ਦੁਕਾਨ ਤੋਂ ਕਾਫੀ ਮਾਤਰਾ ਚ ਟੀਕੇ ਬਰਾਮਦ ਹੋ ਸਕਦੇ ਹਨ। ਗੁਪਤ ਇਤਲਾਹ ਮਿਲਦੇ ਸਾਰ ਏਐਸਆਈ ਜਸਵਿੰਦਰ ਸਿੰਘ ਨੇ ਸਾਥੀਆਂ ਸਮੇਤ ਦਵਿੰਦਰ ਸਿੰਘ ਦੀ ਦੁਕਾਨ ਤੇ ਪਹੁੰਚ ਕੇ ਤਲਾਸ਼ੀ ਕੀਤੀ ਤਾਂ ਦੁਕਾਨ ਵਿੱਚ ਬਣੇ ਕੈਬਨ ਚੋਂ ਇੱਕ ਕਾਲੇ ਰੰਗ ਦੀ ਥੈਲੀ ਚ ਲਿਫਾਫੇ ਵਿੱਚੋਂ ਟੀਕੇ ਬਰਾਮਦ ਹੋਏ ਜਿਨਾਂ ਦੀ ਗਿਣਤੀ ਕਰਨ ਤੇ ਕੁੱਲ 16 ਟੀਕੇ ਸਨ। 16 ਨਸ਼ੀਲੇ ਟੀਕਿਆਂ ਨੂੰ ਆਪਣੇ ਕਬਜ਼ੇ ਚ ਲੈ ਕੇ ਦਵਿੰਦਰ ਸਿੰਘ ਖਿਲਾਫ ਐਨ.ਡੀਪੀ.ਐਸ ਐਕਟ ਦੇ ਤਹਿਤ ਪਰਚਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com

ਨਵਾਂਸ਼ਹਿਰ (ਸਤਨਾਮ ਸਿੰਘ ਸਹੂੰਗੜਾ) ਜ਼ਿਲ੍ਹਾ ਮੈਜਿਸਟ੍ਰੇਟ, ਸ਼ਹੀਦ ਭਗਤ ਸਿੰਘ ਨਗਰ ਅੰਕੁਰਜੀਤ ਸਿੰਘ ਨੇ ਭਾਰਤੀ ਨਾਗਰਿਕ ਸੁਰੱਕਸ਼ਾ ਸੰਹਿਤਾ, 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਵਿਚ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ ਕੀਤੇ ਹਨ। ਇਸ ਤਹਿਤ ਇਕ ਹੁਕਮ ਰਾਹੀਂ ਉਨ੍ਹਾਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਚ ਸੜਕਾਂ 'ਤੇ ਅਵਾਰਾ ਪਸ਼ੂਆਂ ਨੂੰ ਘੁੰਮਣ- ਫਿਰਨ ਅਤੇ ਸ਼ਹਿਰਾਂ/ ਕਸਬਿਆਂ/ਸੜਕਾਂ ਕਿਨਾਰੇ ਚਰਾਉਣ 'ਤੇ ਰੋਕ ਲਗਾ ਦਿੱਤੀ ਹੈ। ਉਨ੍ਹਾਂ ਨੇ ਆਪਣੇ ਹੁਕਮ ਵਿਚ ਸਪੱਸ਼ਟ ਕੀਤਾ ਹੈ ਕਿ ਚਰਵਾਹੇ ਵੱਡੀ ਗਿਣਤੀ ਵਿਚ ਗਾਵਾਂ/ਮੱਝਾਂ ਆਦਿ ਲੈ ਕੇ ਉਨ੍ਹਾਂ ਦੇ ਚਾਰੇ ਦੀ ਖ਼ਾਤਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਸ਼ਹਿਰਾਂ/ਕਸਬਿਆਂ ਅਤੇ ਪਿੰਡਾਂ ਵਿਚ ਘੁੰਮਦੇ-ਫਿਰਦੇ ਹਨ, ਜੋ ਕਿ ਲੋਕਾਂ ਦੀਆਂ ਫ਼ਸਲਾਂ ਅਤੇ ਸੜਕ ਕਿਨਾਰੇ ਲਗਾਏ ਗਏ ਬੂਟਿਆਂ ਨੂੰ ਨੁਕਸਾਨ ਪਹੁੰਚਾਉਂਦੇ ਹਨ। ਇਸ ਨਾਲ ਕਿਸਾਨਾਂ ਅਤੇ ਦਰਵਾਹਿਆਂ ਦਾ ਆਪਸ ਵਿਚ ਤਕਰਾਰ ਹੋਣ ਦਾ ਖਦਸ਼ਾ ਬਣ ਜਾਂਦਾ ਹੈ। ਇਸ ਤੋਂ ਇਲਾਵਾ ਟ੍ਰੈਫਿਕ ਵਿਚ ਰੁਕਾਵਟ ਪੈਦਾ ਹੁੰਦੀ ਹੈ ਅਤੇ ਕਈ ਵਾਰ ਐਕਸੀਡੈਂਟ ਹੋਣ ਕਾਰਨ ਵਾਹਨਾਂ/ਪਸ਼ੂਆਂ ਦਾ ਨੁਕਸਾਨ ਹੋ ਜਾਂਦਾ ਹੈ। ਇਸ ਲਈ ਸੜਕਾਂ 'ਤੇ ਅਵਾਰਾ ਪਸ਼ੂਆਂ ਦੇ ਘੁੰਮਣ-ਫਿਰਨ/ਚਰਾਉਣ ਅਤੇ ਪਸ਼ੂਆਂ ਵਿਚ ਮੂੰਹ-ਖੁਰ/ ਲੰਪੀ ਸਕਿਨ ਦੀ ਬਿਮਾਰੀ ਫੈਲਣ ਤੋਂ ਰੋਕਣ ਦਾ ਉਪਰਾਲਾ ਕਰਨ ਦੀ ਲੋੜ ਨੂੰ ਮੁੱਖ ਰੱਖਦੇ ਹੋਏ ਉਕਤ ਹੁਕਮ ਜਾਰੀ ਕੀਤਾ ਗਿਆ ਹੈ। ਇਸੇ ਤਰ੍ਹਾਂ ਇਕ ਹੋਰ ਹੁਕਮ ਰਾਹੀਂ ਜ਼ਿਲ੍ਹਾ ਮੈਜਿਸਟ੍ਰੇਟ ਨੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਹਦੂਦ ਅੰਦਰ ਕਿਸੇ ਵੀ ਵਿਅਕਤੀ ਵੱਲੋਂ ਸਰਕਾਰੀ ਬਿਲਡਿੰਗਾਂ ਤੇ ਇਸ਼ਤਿਹਾਰ ਅਤੇ



ਹੋਰਡਿੰਗ ਬੋਰਡ ਲਗਾਉਣ ਅਤੇ ਪ੍ਰਾਈਵੇਟ ਬਿਲਡਿੰਗਾਂ/ ਨੈਸ਼ਨਲ ਹਾਈਵੇਅ/ ਲਿੰਕ ਸੜਕਾਂ/ਦਰੱਖਤਾਂ ਤੇ ਬਿਨਾਂ ਸਬੰਧਤ ਵਿਭਾਗਾਂ ਅਤੇ ਮਾਲਕਾਂ ਦੀ ਪ੍ਰਵਾਨਗੀ ਤੋਂ ਇਸ਼ਤਿਹਾਰ ਅਤੇ ਹੋਰਡਿੰਗ ਬੋਰਡ ਲਗਾਉਣ 'ਤੇ ਪਾਬੰਦੀ ਲਗਾ ਦਿੱਤੀ ਹੈ। ਉਪਰੋਕਤ ਦੋਵੇਂ ਹੁਕਮ 23 ਜੂਨ, 2025 ਤੱਕ ਲਾਗੂ ਰਹਿਣਗੇ।

# 5 ਦਿਨਾਂ 'ਛੋਕਰਾਂ ਕ੍ਰਿਕਟ ਚੈਂਪੀਅਨਸ਼ਿਪ 2025' 30 ਅਪ੍ਰੈਲ ਤੋਂ ਸ਼ੁਰੂ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com

ਫਿਲੌਰ/ਅੱਪਰਾ (ਦੀਪਾ)- ਕਰੀਬੀ ਪਿੰਡ ਛੋਕਰਾਂ ਵਿਖੇ ਸ਼ਹੀਦ ਊਧਮ ਸਿੰਘ ਤੇ ਸ਼ਹੀਦ ਭਗਤ ਸਿੰਘ ਸਪੋਰਟਸ ਕਲੱਬ ਛੋਕਰਾਂ, ਗ੍ਰਾਮ ਪੰਚਾਇਤ, ਐਨ. ਆਰ. ਆਈ ਵੀਰਾਂ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ 5 ਦਿਨਾਂ 'ਛੋਕਰਾਂ ਕ੍ਰਿਕਟ ਚੈਂਪੀਅਨਸ਼ਿਪ 2025' 30 ਅਪ੍ਰੈਲ ਦਿਨ ਬੁੱਧਵਾਰ ਤੋਂ ਸ਼ੁਰੂ ਹੋ ਰਹੀ ਹੈ | ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਮੂਹ ਅਹੁਦੇਦਾਰਾਂ ਤੇ ਮੋਹਤਬਰਾਂ ਨੇ ਦੱਸਿਆ ਕਿ 5 ਦਿਨਾਂ 'ਛੋਕਰਾਂ



ਕ੍ਰਿਕਟ ਚੈਂਪੀਅਨਸ਼ਿਪ 2025' ਮਿਤੀ 30 ਅਪ੍ਰੈਲ ਦਿਨ ਬੁੱਧਵਾਰ ਤੋਂ ਸ਼ੁਰੂ ਹੋ ਕੇ ਮਿਤੀ 1, 2, 3 ਤੇ 4 ਮਈ ਦਿਨ ਵੀਰਵਾਰ, ਸ਼ੁੱਕਰਵਾਰ, ਸ਼ਨੀਵਾਰ ਤੇ ਐਤਵਾਰ ਤੱਕ ਚੱਲੇਗੀ | ਇਸ ਮੌਕੇ ਸੀਰੀਜ਼ ਪਿੰਡ ਵਾਲਾ ਤੇ ਸੀਰੀਜ ਬਾਹਰ ਵਾਲਾ 'ਚ ਇਲਾਕੇ ਭਰ ਦੀਆਂ ਚੋਟੀ ਦੀਆਂ ਟੀਮਾਂ ਭਾਗ ਲੈਣਗੀਆਂ | ਚੈਂਪੀਅਨਸ਼ਿਪ ਦੌਰਾਨ ਸੀਰੀਜ਼ ਪਿੰਡ ਵਾਲਾ ਦੀ ਜੈਤੂ ਟੀਮ ਨੂੰ 81 ਹਜ਼ਾਰ ਰੁਪਏ ਨਕਦ ਤੇ ਉਪ ਜੈਤੂ ਟੀਮ ਨੂੰ 61 ਹਜ਼ਾਰ ਰੁਪਏ ਨਕਦ ਇਨਾਮ ਦਿੱਤਾ ਜਾਵੇਗਾ | ਇਸੇ ਤਰਾਂ ਸੀਰੀਜ਼ ਪਿੰਡ ਵਾਲਾ ਦੀ ਜੈਤੂ ਟੀਮ ਨੂੰ ਇੱਕ ਫੋਰਡ ਟਰੈਕਟਰ 3600, ਉੱਪ ਜੈਤੂ ਟੀਮ ਨੂੰ ਇੱਕ ਮੋਟਰਸਾਈਕਲ ਤੇ ਸੀਰੀਜ਼ ਬਾਹਰ ਵਾਲਾ ਦੀ ਜੈਤੂ ਟੀਮ ਨੂੰ ਵੀ ਇੱਕ ਫੋਰਡ ਟਰੈਕਟਰ 3600 ਤੇ ਉੱਪ ਜੈਤੂ ਟੀਮ ਨੂੰ ਇੱਕ ਮੋਟਰਸਾਈਕਲ ਇਨਾਮ ਦੇ ਤੌਰ 'ਤੇ ਦਿੱਤਾ ਜਾਵੇਗਾ | ਚੈਂਪੀਅਨਸ਼ਿਪ ਦਾ ਸ਼ੁੱਭ ਆਰੰਭ 30 ਅਪ੍ਰੈਲ ਦਿਨ ਬੁੱਧਵਾਰ ਨੂੰ ਹੋਵੇਗਾ ਤੇ ਚੈਂਪੀਅਨਸ਼ਿਪ ਦੇ ਫਾਈਨਲ ਮੁਕਾਬਲੇ 4 ਮਈ ਦਿਨ ਐਤਵਾਰ ਨੂੰ ਹੋਣਗੇ | 4 ਮਈ ਦਿਨ ਐਤਵਾਰ ਨੂੰ ਹੀ ਦਰਸ਼ਕਾਂ ਲਈ ਲੱਕੀ ਡਰਾਅ ਵੀ ਕੱਢੇ ਜਾਣਗੇ |

# ਫੂਲੇ ਮੂਵੀ ਮਿਰਾਜ ਸਿਨੇਮਾ ਸੁਤੇਹਰੀ ਰੋਡ ਹੁਸ਼ਿਆਰਪੁਰ ਵਿੱਚ 29 ਅਪ੍ਰੈਲ ਦਿਨ ਮੰਗਲਵਾਰ ਸ਼ਾਮ 5:45

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com

ਸਾਰੇ ਸਾਥੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ

ਕਿ ਫੂਲੇ ਮੂਵੀ ਮਿਰਾਜ ਸਿਨੇਮਾ ਸੁਤੇਹਰੀ ਰੋਡ ਹੁਸ਼ਿਆਰਪੁਰ ਵਿੱਚ 29 ਅਪ੍ਰੈਲ ਦਿਨ ਮੰਗਲਵਾਰ ਸ਼ਾਮ 5:45 ਤੇ ਲਗਾਈ ਜਾ ਰਹੀ । ਪੂਰੇ ਸਮਾਜ ਨੂੰ ਖਾਸ ਕਰਕੇ ਔਰਤਾਂ ਨੂੰ ਬੇਨਤੀ ਹੈ ਕਿ ਇਸ ਫਿਲਮ ਨੂੰ ਜਰੂਰ ਦੇਖਣ ਤਾਂ ਜੋ ਤੁਹਾਨੂੰ ਪਤਾ ਲੱਗ ਸਕੇ ਮਹਾਤਮਾ ਜੋਤੀਬਾ ਰਾਓ ਫੂਲੇ ਅਤੇ ਮਾਤਾ ਸਵਿਤਰੀ ਬਾਈ ਫੂਲੇ ਨੇ ਕਿੰਨੇ ਸੰਘਰਸ਼ ਨਾਲ ਤੁਹਾਨੂੰ ਇਹ ਹੱਕ ਹਕੂਕ ਲੈ ਕੇ ਦਿੱਤੇ ਹਨ

ਜੇਕਰ ਅਸੀਂ ਇਸ ਤਰ੍ਹਾਂ ਦੀਆਂ ਫਿਲਮਾਂ ਦੇਖਾਂਗੇ ਤਾਂ ਹੀ ਅੱਗੇ ਜਾ ਕੇ ਇਹੋ ਜਿਹੀਆਂ ਹੋਰ ਫਿਲਮਾਂ ਬਣਨਗੀਆਂ

ਟਿਕਟ (150 ਰੁ: ) ਲੈਣ ਤੇ ਬੁੱਕ ਕਰਨ ਲਈ ਹੇਠ ਲਿਖੇ ਨੰਬਰਾਂ ਤੇ ਸੰਪਰਕ ਕਰੋ

9 8 7 6 0 - 78004 ਅਨਿਲ ਬਾਘਾ

6280716944 ਕਸ਼ਮੀਰ ਲੱਧੜ

843-742-4108 ਅਸ਼ੋਕ ਸਲੋਣ

+91 94174 04544 ਸਾਗਰ (m.c)

+91 98885




22350 ਸ਼ਮੀ ਸਰੋਆ

ਵੱਲੋਂ ਅੰਬੇਡਕਰ ਫੋਰਸ ਪੰਜਾਬ

# ਸੀ.ਪੀ.ਆਈ ਐਮ.ਐਲ ਵਲੋਂ ਪਹਲਗਾਮ ਹੱਤਿਆਵਾਂ ਦੀ ਨਿਆਂਇਕ ਜਾਂਚ ਮੰਗੀ

## ਉੜਾਪੜ ਵਿਖੇ ਪਹਲਗਾਮ ਦੇ ਮ੍ਰਿਤਕਾਂ ਨੂੰ ਦਿੱਤੀ ਸ਼ਰਧਾਂਜਲੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com





ਨਵਾਂਸ਼ਹਿਰ (ਸਤਨਾਮ ਸਿੰਘ ਸਹੂੰਗੜਾ) ਅੱਜ ਭਾਰਤੀ ਕਮਿਉਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਨਿਊਡੈਮੋਕਰੇਸੀ ਵਲੋਂ ਪਹਲਗਾਮ ਦੇ ਮ੍ਰਿਤਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਵਿਚਾਰ ਪ੍ਰਗਟ ਕਰਦਿਆਂ ਪਾਰਟੀ ਆਗੂਆਂ ਦਲਜੀਤ ਸਿੰਘ ਐਡਵੋਕੇਟ ਅਤੇ ਕੁਲਵਿੰਦਰ ਸਿੰਘ ਵੜੈਚ ਨੇ ਕਿਹਾ ਕਿ ਉਹਨਾਂ ਦੀ ਪਾਰਟੀ ਇਸ ਨਿਰਦੋਸ਼ ਹੱਤਿਆ ਦੀ ਸਖਤ ਨਿੰਦਾ ਕਰਦੀ ਹੈ ਅਤੇ ਮਾਰੇ ਗਏ ਲੋਕਾਂ ਦੇ ਪਰਿਵਾਰਾਂ ਪ੍ਰਤੀ ਗਹਿਰੀ ਸੰਵੇਦਨਾ ਅਤੇ ਸ਼ੋਕ ਪ੍ਰਗਟਾਉਂਦੀ ਹੈ। ਇਹ ਹੱਤਿਆਵਾਂ ਨਾ ਤਾਂ ਕਸ਼ਮੀਰੀ ਲੋਕਾਂ ਦੀ ਲੋਕਤੰਤਰਕ ਇੱਛਾਵਾਂ ਦੀ ਲੜਾਈ ਦੀ ਸੇਵਾ ਕਰਦੀਆਂ ਹਨ ਅਤੇ ਨਾ ਹੀ ਕਿਸੇ ਧਰਮ ਦੇ ਹਿੱਤ ਵਿੱਚ ਹਨ। ਇਹ ਗੱਲ ਉਚੇਚਾ ਧਿਆਨ ਮੰਗਦੀ ਹੈ ਕਿ ਕਸ਼ਮੀਰ ਵਿੱਚ, ਖ਼ਾਸ ਕਰਕੇ ਮੁਸਲਮਾਨ ਇਸ ਘਿਨੌਣੇ ਹਮਲੇ ਦੇ ਵਿਰੁੱਧ ਸੜਕਾਂ 'ਤੇ ਉੱਤਰੇ ਹਨ।

ਇਹ ਹਮਲਾ ਆਰਐਸਐਸ-ਭਾਜਪਾ ਸਰਕਾਰ ਦੀ ਰਾਜਨੀਤਕ ਅਤੇ ਪ੍ਰਸ਼ਾਸਕੀ ਨਾਕਾਮੀ ਦੀ ਸਾਫ਼ ਉਦਾਹਰਨ ਹੈ, ਜੋ ਕਿ ਜੰਮੂ-ਕਸ਼ਮੀਰ ਵਿੱਚ ਤਾਇਨਾਤ ਸੁਰੱਖਿਆ ਬਲਾਂ ਉੱਤੇ ਪੂਰਾ ਕਾਬੂ ਰੱਖਦੀ ਹੈ ਕਿਉਂਕਿ ਜੰਮੂ-ਕਸ਼ਮੀਰ ਇੱਕ ਯੂਨੀਅਨ ਟੈਰੀਟਰੀ ਹੈ। ਆਰਐਸਐਸ-ਭਾਜਪਾ ਨੇ ਦਾਅਵਾ ਕੀਤਾ ਸੀ ਕਿ ਜੰਮੂ-ਕਸ਼ਮੀਰ ਵਿੱਚ ਉੱਤਪੰਨ ਹਿੰਸਾ ਦੀ ਜੜ੍ਹ ਧਾਰਾ 370 ਅਤੇ 35ਏ ਸੀ, ਪਰ 5 ਅਗਸਤ 2019 ਨੂੰ ਉਨ੍ਹਾਂ ਦੇ ਰੱਦ ਹੋਣ ਮਗਰੋਂ ਜੰਮੂ ਕਸ਼ਮੀਰ ਅਤੇ ਹਾਲਾਤ ਆਮ ਵਰਗੇ ਹੋਣ ਦੇ ਸਾਰੇ ਦਾਅਵੇ ਝੂਠੇ ਸਾਬਤ ਹੋਏ ਹਨ। ਲੋਕਤੰਤਰਕ ਆਵਾਜ਼ ਨੂੰ ਦਬਾਉਣ ਲਈ ਕੇਂਦਰੀ ਸਰਕਾਰ ਨੇ ਹਰ ਤਰ੍ਹਾਂ ਦੇ ਜਬਰ ਅਮਲ ਵਿੱਚ ਲਿਆਂਦੇ ਹਨ। ਵੱਡੀ ਗਿਣਤੀ ਵਿੱਚ ਗ੍ਰਿਫਤਾਰੀਆਂ ਅਤੇ ਮੀਡੀਆ ਸਮੇਤ ਹਰੇਕ ਅਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਗਈ ਹੈ। ਪਰ ਫਿਰ ਵੀ ਇਹ ਕਦਮ ਅਸਫਲ ਸਾਬਤ ਹੋਏ ਹਨ। ਇਸ ਲਈ ਸੈਲਾਨੀਆਂ ਦੀ ਸੁਰੱਖਿਆ ਕਰਨ ਵਿੱਚ ਨਾਕਾਮ ਰਹਿਣ ਦੀ ਪੂਰੀ ਜ਼ਿੰਮੇਵਾਰੀ ਕੇਂਦਰੀ ਸਰਕਾਰ ਦੀ ਹੈ।ਇਸਦੇ ਲਈ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਅਸਤੀਫਾ ਦੇਣਾ ਚਾਹੀਦਾ ਹੈ। ਆਗੂਆਂ ਨੇ ਕਿਹਾ ਕਿ ਪਹਲਗਾਮ ਵਿੱਚ ਹਿੰਦੂ ਸੈਲਾਨੀਆਂ ਦੀਆਂ ਇਹ ਸਮੂਹਿਕ ਹੱਤਿਆਵਾਂ ਉਸ ਸਮੇਂ ਹੋਈਆਂ ਹਨ ਜਦੋਂ ਅਮਰੀਕਾ ਦੇ ਉਪ-ਰਾਸ਼ਟਰਪਤੀ ਭਾਰਤ ਦੇ ਦੌਰੇ 'ਤੇ ਸਨ। ਪਹਿਲਾਂ ਵੀ ਚਿੱਟੀਸਿੰਘਪੁਰਾ 'ਚ ਸਿੱਖਾਂ ਦੀਆਂ ਹੱਤਿਆਵਾਂ ਹੋਈਆਂ ਸਨ। ਘਟਨਾ ਤਦ ਹੋਈ ਸੀ ਜਦੋਂ ਅਮਰੀਕੀ ਰਾਸ਼ਟਰਪਤੀ ਬਿੱਲ ਕਲਿੰਟਨ ਭਾਰਤ ਆਏ ਸਨ ਅਤੇ ਪੁਲਵਾਮਾ ਹਮਲਾ ਵੀ ਚੋਣਾਂ ਤੋਂ ਥੋੜ੍ਹਾ ਪਹਿਲਾਂ ਹੋਇਆ ਸੀ। ਹੱਤਿਆਵਾਂ ਦੀ ਟਾਈਮਿੰਗ ਹਾਲਾਤਾਂ ਨੂੰ ਸ਼ੱਕ ਦੇ ਘੇਰੇ ਵਿਚ ਲਿਆਉਂਦੀ ਹੈ।ਇਸ ਲਈ ਜ਼ਰੂਰੀ ਹੈ ਕਿ ਪਹਲਗਾਮ ਹੱਤਿਆਵਾਂ ਅਤੇ ਨਾਗਰਿਕਾਂ ਦੀ ਰੱਖਿਆ 'ਚ ਨਾਕਾਮੀ ਬਾਰੇ ਪੂਰੀ ਜਾਂਚ ਕੀਤੀ ਜਾਵੇ। ਇਹ ਜਾਂਚ ਸਭ ਤੋਂ ਉੱਚੇ ਪੱਧਰ 'ਤੇ, ਨਿਆਂਇਕ ਜਾਂਚ ਹੋਣੀ ਚਾਹੀਦੀ ਹੈ ਤਾਂ ਜੋ ਸਾਰੇ ਤੱਥ ਲੋਕਾਂ ਸਾਹਮਣੇ ਲਿਆਂਦੇ ਆ ਸਕਣ।ਲੋਕਾਂ ਨੂੰ ਚਾਹੀਦਾ ਹੈ ਕਿ ਉਹ ਬਣਾਏ ਜਾ ਰਹੇ ਜੰਗੀ ਮਹੌਲ ਦਾ ਵਿਰੋਧ ਕਰਨ।

ਆਰਐਸਐਸ-ਭਾਜਪਾ ਦੇ ਨੇਤਾ, ਜਿਨ੍ਹਾਂ ਦੇ ਰਾਜ ਵਿੱਚ ਇਹ ਹੱਤਿਆਵਾਂ ਹੋਈਆਂ ਹਨ, ਹੁਣ ਇਸ ਘਟਨਾ ਨੂੰ ਧਾਰਮਿਕ ਵੰਡ ਨੂੰ ਹੋਰ ਡੂੰਘਾ ਕਰਨ ਲਈ ਰਾਜਨੀਤਕ ਤੌਰ 'ਤੇ ਲਾਹਾ ਲੈਣ ਦੀ ਕੋਸ਼ਿਸ਼ ਕਰ ਰਹੇ ਹਨ, ਹਾਲਾਂਕਿ ਹਰ ਧਰਮ ਦੇ ਲੋਕਾਂ ਨੇ ਇਸ ਦੀ ਨਿੰਦਾ ਕੀਤੀ ਹੈ। ਮੌਜੂਦਾ ਹਕੂਮਤ ਹਾਲਾਤਾਂ ਦਾ ਰਾਜਨੀਤਕ ਫਾਇਦਾ ਚੁੱਕਣ ਲਈ ਉਤਸੁਕ ਹੈ। ਇਸ ਲਈ ਸਾਰੇ ਤਰੱਕੀਪਸੰਦ, ਲੋਕਤੰਤਰਕ ਅਤੇ ਅਮਨਪਸੰਦ ਤੱਤਾਂ ਨੂੰ ਚਾਹੀਦਾ ਹੈ ਕਿ ਉਹ ਧਾਰਮਿਕ ਵੰਡ ਦੀਆਂ ਕੋਸ਼ਿਸ਼ਾਂ ਨੂੰ ਨਾਕਾਮ ਕਰਦਿਆਂ, ਹੱਤਿਆਵਾਂ ਨੂੰ ਜਾਤੀ-ਧਾਰਮਿਕ ਜ਼ਹਿਰ ਫੈਲਾਉਣ ਲਈ ਵਰਤੇ ਜਾਣ ਤੋਂ ਰੋਕਣ। ਸੈਲਾਨੀ ਉਦਯੋਗ 'ਤੇ ਹੋਏ ਹਮਲੇ ਨੇ ਦੁਕਾਨਦਾਰਾਂ ਅਤੇ ਛੋਟੇ ਵਪਾਰੀਆਂ ਦੀ ਆਮਦਨ ਨੂੰ ਵੀ ਭਾਰੀ ਨੁਕਸਾਨ ਪਹੁੰਚਾਇਆ ਹੈ।

# 2 ਮਈ ਨੂੰ ਵਿਲੇਜ਼ ਡਿਫੈਂਸ ਕਮੇਟੀਆਂ ਨੂੰ ਜਾਗਰੂਕ ਕਰਨ ਲਈ ਕਰਵਾਇਆ ਜਾਵੇਗਾ ਜ਼ਿਲ੍ਹਾ ਪੱਧਰੀ ਸਮਾਗਮ - ਆਸ਼ਿਕਾ ਜੈਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ) ਜ਼ਿਲ੍ਹੇ ਵਿੱਚ ਨਸ਼ਿਆਂ ਖਿਲਾਫ਼ ਸ਼ੁਰੂ ਕੀਤੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਦੇ ਉਦੇਸ਼ ਨਾਲ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਪ੍ਰਧਾਨਗੀ ਹੇਠ ਇੱਕ ਮਹੱਤਵਪੂਰਨ ਮੀਟਿੰਗ ਹੋਈ। ਇਹ ਮੀਟਿੰਗ ਜੈਮਸ ਕੈਂਬਰਿਜ ਇੰਟਰਨੈਸ਼ਨਲ ਸਕੂਲ ਵਿਖੇ ਹੋਈ, ਜਿਸ ਵਿੱਚ ਐਸ.ਐਸ.ਪੀ ਸੰਦੀਪ ਕੁਮਾਰ ਮਲਿਕ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ 'ਵਿਲੇਜ਼ ਡਿਫੈਂਸ ਕਮੇਟੀ - ਪਿੰਡਾ ਦੇ ਪਹਿਰੇਦਾਰ' ਨਾਲ ਸਬੰਧਤ ਜ਼ਿਲ੍ਹਾ ਪੱਧਰੀ ਸਮਾਗਮ 2 ਮਈ ਨੂੰ ਜੈਮਸ ਕੈਂਬਰਿਜ ਇੰਟਰਨੈਸ਼ਨਲ ਸਕੂਲ ਵਿਖੇ ਕਰਵਾਇਆ ਜਾਵੇਗਾ। ਇਸ ਪ੍ਰੋਗਰਾਮ ਰਾਹੀਂ ਜ਼ਿਲ੍ਹੇ ਵਿੱਚ ਬਣਾਈਆਂ ਵਿਲੇਜ਼ ਡਿਫੈਂਸ ਕਮੇਟੀਆਂ ਨੂੰ ਉਨ੍ਹਾਂ ਦੇ ਫਰਜ਼ਾਂ ਅਤੇ ਜ਼ਿੰਮੇਵਾਰੀਆਂ ਪ੍ਰਤੀ ਜਾਗਰੂਕ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪਿੰਡਾਂ ਨੂੰ ਨਸ਼ਾ ਮੁਕਤ ਬਣਾਉਣ ਵਿੱਚ ਇਨ੍ਹਾਂ ਕਮੇਟੀਆਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ ਅਤੇ ਇਸ ਲਈ ਉਨ੍ਹਾਂ ਨੂੰ ਸਹੀ ਸਿਖਲਾਈ ਅਤੇ ਮਾਰਗਦਰਸ਼ਨ ਪ੍ਰਦਾਨ ਕਰਨਾ ਜ਼ਰੂਰੀ ਹੈ।ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਸਾਰੇ ਸਬੰਧਤ ਵਿਭਾਗਾਂ ਦੀਆਂ ਭੂਮਿਕਾਵਾਂ ਨੂੰ ਸਪੱਸ਼ਟ ਤੌਰ 'ਤੇ ਸਮਝਾਇਆ ਅਤੇ ਉਨ੍ਹਾਂ ਨੂੰ ਨਿਰਦੇਸ਼ ਦਿੱਤੇ ਕਿ ਉਹ ਪ੍ਰੋਗਰਾਮ ਦੀ ਸਫਲਤਾ ਨੂੰ ਯਕੀਨੀ ਬਣਾਉਣ ਲਈ ਆਪਸੀ ਤਾਲਮੇਲ ਨਾਲ ਕੰਮ ਕਰਨ। ਉਨ੍ਹਾਂ ਕਿਹਾ ਕਿ ਹਰ ਵਿਭਾਗ ਨੂੰ ਆਪਣੀ ਜ਼ਿੰਮੇਵਾਰੀ ਨੂੰ ਗੰਭੀਰਤਾ ਨਾਲ ਨਿਭਾਉਣਾ ਹੋਵੇਗਾ ਤਾਂ ਜੋ ਇਸ ਮੁਹਿੰਮ ਦੇ ਅਸਲ ਉਦੇਸ਼, ਭਾਵ ਨਸ਼ਾ ਮੁਕਤ ਸਮਾਜ ਦੀ ਸਥਾਪਨਾ ਨੂੰ ਸਾਕਾਰ ਕੀਤਾ ਜਾ ਸਕੇ। ਐਸ.ਐਸ.ਪੀ. ਸੰਦੀਪ ਕੁਮਾਰ ਮਲਿਕ ਨੇ ਕਿਹਾ ਕਿ ਪੁਲਿਸ ਵਿਭਾਗ ਵਲੋਂ ਵੀ 'ਪਿੰਡਾ ਦੇ ਪਹਿਰੇਦਾਰ' ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਪੂਰੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਗਤੀਵਿਧੀਆਂ ਵਧਾਉਣ ਲਈ ਕਮੇਟੀ ਮੈਂਬਰਾਂ ਨੂੰ ਨਸ਼ਾ ਤਸਕਰੀ ਨਾਲ ਸਬੰਧਤ ਜਾਣਕਾਰੀ ਪ੍ਰਦਾਨ ਕਰਨ, ਸ਼ੱਕੀ ਗਤੀਵਿਧੀਆਂ 'ਤੇ ਨਜ਼ਰ ਰੱਖਣ ਅਤੇ ਸਮੇਂ ਸਿਰ ਰਿਪੋਰਟ ਕਰਨ ਲਈ ਸਿਖਲਾਈ ਦਿੱਤੀ ਜਾਵੇਗੀ।ਇਸ ਮੌਕੇ ਸਹਾਇਕ ਕਮਿਸ਼ਨਰ ਓਇਸ਼ੀ ਮੰਡਲ, ਐਸ.ਪੀ ਮੇਜਰ ਸਿੰਘ, ਐਸ.ਡੀ.ਐਮ ਹੁਸ਼ਿਆਰਪੁਰ ਸੰਜੀਵ ਕੁਮਾਰ, ਐਸ.

# ਸਰਕਾਰੀ ਹਾਈ ਸਕੂਲ ਪਿੰਡ ਖਲਵਾੜਾ ਵਿਖੇ ਕਰਵਾਇਆ ਪੰਚਾਇਤ ਰਾਜ ਦਿਵਸ ਨੂੰ ਸਮਰਪਿਤ ਵਿਸ਼ੇਸ਼ ਸਮਾਗਮ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com





ਫਗਵਾੜਾ 28 ਅਪ੍ਰੈਲ (ਸ਼ਿਵ ਕੌੜਾ) ਬਲਾਕ ਵਿਕਾਸ ਅਤੇ ਪੰਚਾਇਤ ਵਿਭਾਗ ਵਲੋਂ ਪੰਚਾਇਤ ਰਾਜ ਦਿਵਸ ਮੌਕੇ ਵਿਸ਼ੇਸ਼ ਸਮਾਗਮ ਦਾ ਆਯੋਜਨ ਸਰਕਾਰੀ ਹਾਈ ਸਕੂਲ ਪਿੰਡ ਖਲਵਾੜਾ ਵਿਖੇ ਕੀਤਾ ਗਿਆ। ਬੀ.ਡੀ.ਪੀ.ਓ. ਰਾਮਪਾਲ ਰਾਣਾ ਦੀ ਅਗਵਾਈ ਹੇਠ ਆਯੋਜਿਤ ਸਮਾਗਮ ਦੌਰਾਨ ਪਿੰਡ ਖਲਵਾੜਾ ਅਤੇ ਖਲਵਾੜਾ ਕਾਲੋਨੀ ਦੀਆਂ ਪੰਚਾਇਤਾਂ ਤੋਂ ਇਲਾਵਾ ਸਕੂਲ ਸਟਾਫ ਅਤੇ ਪਿੰਡਾਂ ਦੇ ਪਤਵੰਤਿਆਂ ਨੇ ਹਿੱਸਾ ਲਿਆ। ਇਸ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪ੍ਰੋਗਰਾਮ 'ਮਨ ਕੀ ਬਾਤ' ਦਾ ਐਲ.ਈ.ਡੀ. ਸਕ੍ਰੀਨ ਤੇ ਸਿੱਧਾ ਪ੍ਰਸਾਰਨ ਵੀ ਦਿਖਾਇਆ ਗਿਆ। ਜਿਸ ਵਿਚ ਪ੍ਰਧਾਨ ਮੰਤਰੀ ਮੋਦੀ ਨੇ ਪੰਚਾਇਤੀ ਰਾਜ ਸਬੰਧੀ ਆਪਣੀ ਸਰਕਾਰ ਦੀਆਂ ਯੋਜਨਾਵਾਂ ਦਾ ਜਿਕਰ ਕੀਤਾ। ਸਮਾਗਮ ਦੌਰਾਨ ਸੰਬੋਧਨ ਕਰਦਿਆਂ ਬੀ.ਡੀ.ਪੀ.ਓ. ਰਾਮਪਾਲ ਰਾਣਾ, ਪੰਚਾਇਤ ਅਫਸਰ ਜਗਜੀਤ ਸਿੰਘ ਪਰਮਾਰ ਅਤੇ ਪੰਚਾਇਤ ਸਕੱਤਰ ਮਲਕੀਤ ਚੰਦ ਕੰਗ ਨੇ ਪੰਚਾਇਤੀ ਰਾਜ ਪ੍ਰਣਾਲੀ ਦੇ ਇਤਿਹਾਸਕ ਪਛੋਕੜ, ਮਹੱਤਤਾ ਅਤੇ ਆਧੁਨਿਕ ਭਾਰਤ ਵਿਚ ਇਸ ਦੀ ਭੂਮਿਕਾ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ। ਉਹਨਾਂ ਜਮੀਨੀ ਪੱਧਰ 'ਤੇ ਲੋਕਤੰਤਰ ਦੀ ਮਜਬੂਤੀ 'ਚ ਪੰਚਾਇਤੀ ਰਾਜ ਦੀ ਭੂਮਿਕਾ ਸਬੰਧੀ ਮਹੱਤਵਪੂਰਣ ਜਾਣਕਾਰੀ ਦਿੱਤੀ। ਉਹਨਾਂ ਦੱਸਿਆ ਕਿ ਤਿੰਨ ਪੱਧਰੀ ਪੰਚਾਇਤਾਂ ਹਨ। ਜਿਹਨਾਂ ਵਿਚ ਗ੍ਰਾਮ ਪੰਚਾਇਤ, ਪੰਚਾਇਤ ਸੰਮਤੀ ਅਤੇ ਜਿਲ੍ਹਾ ਪ੍ਰੀਸ਼ਦ ਸ਼ਾਮਲ ਹਨ। ਜਿਹਨਾਂ ਦੇ ਕਾਰਜ ਖੇਤਰਾਂ ਬਾਰੇ ਵੀ ਉਹਨਾਂ ਨੇ ਵਿਸਥਾਰ ਨਾਲ ਦੱਸਿਆ। ਬੁਲਾਰਿਆਂ ਨੇ ਅਜੋਕੇ ਸਮੇਂ ਵਿਚ ਪੰਚਾਇਤੀ ਰਾਜ ਦੀਆਂ ਚੁਣੌਤੀਆਂ ਜਿਵੇਂ ਭ੍ਰਿਸ਼ਟਾਚਾਰ, ਲਿੰਗ ਅਸਮਾਨਤਾ ਅਤੇ ਆਰਥਕ ਸਰੋਤਾਂ ਦੀ ਘਾਟ ਤੇ ਲੋਕਾਂ ਦੀ ਘੱਟ ਭਾਗੀਦਾਰੀ ਨਾਲ ਨਜਿੱਠਣ ਲਈ ਕਦਮ ਚੁੱਕੇ ਜਾਣ ਦੀ ਜਰੂਰਤ 'ਤੇ ਜੋਰ ਦਿੱਤਾ। ਸਮਾਗਮ ਦੌਰਾਨ ਸਰਪੰਚਾਂ, ਪੰਚਾਂ ਅਤੇ ਹਾਜਰੀਨ ਦੇ ਸਵਾਲਾਂ ਦੇ ਜਵਾਬ ਵੀ ਦਿੱਤੇ ਗਏ। ਇਸ ਮੌਕੇ ਹੈੱਡ ਮਾਸਟਰ ਸਤੀਸ਼ ਕੁਮਾਰ, ਸੁਰਿੰਦਰ ਸਿੰਘ ਸਰਪੰਚ ਖਲਵਾੜਾ ਕਲੋਨੀ, ਸਰਪੰਚ ਬੀਬੀ ਕੁਲਦੀਪ ਕੌਰ ਖਲਵਾੜਾ, ਪੰਚਾਇਤ ਮੈਂਬਰ ਆਗਿਆ ਪਾਲ ਸਿੰਘ, ਸ਼ਿਵ ਕੁਮਾਰ, ਗੁਰਮੇਜ ਕੌਰ, ਦਵਿੰਦਰ ਕੌਰ, ਸੁਰਜੀਤ ਕੌਰ, ਮੋਹਨ ਲਾਲ, ਪੁਰਸ਼ੋਤਮ ਲਾਲ, ਪਰਮਜੀਤ ਕੌਰ, ਅਮਰਜੀਤ, ਹਰਸਿਮਰਨ ਸਿੰਘ, ਰਾਜਿੰਦਰ ਕੌਰ, ਸਵਿਤਾ ਪਵਾਰ, ਜੋਤੀ ਕੁਮਾਰੀ, ਆਸ਼ਾ ਰਾਣੀ, ਰਚਨਾ ਦੇਵੀ, ਪੂਜਾ ਸੂਦ, ਅਤਿਕਾ ਧੀਰ, ਕਮਲੇਸ਼ ਕੁਮਾਰੀ, ਸੁਖਵਿੰਦਰ ਕੌਰ, ਦੀਪਾਵਲੀ ਆਦਿ ਹਾਜਰ ਸਨ।

# ਮਾਨਸਰੋਵਰ ਸਾਹਿਤ ਅਕਾਦਮੀ ਦੇ "ਮਹਿਕਦੀ ਸ਼ਾਮ" ਲਾਈਵ ਪ੍ਰੋਗਰਾਮ ਨੂੰ ਪ੍ਰੋ. ਭੋਲਾ ਯਮਲਾ ਜੀ ਨੇ ਯਾਦਗਾਰ ਬਣਾ ਦਿੱਤਾ-ਸੂਦ ਵਿਰਕ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com





ਫਗਵਾੜਾ 28 ਅਪ੍ਰੈਲ (ਸ਼ਿਵ ਕੌੜਾ) ਪੰਜਾਬੀ ਇਕਾਈ ਮਾਨਸਰੋਵਰ ਸਾਹਿਤ ਅਕਾਦਮੀ ਰਾਜਸਥਾਨ ਵੱਲੋਂ ਮਿਤੀ 27 ਅਪ੍ਰੈਲ ਦਿਨ ਐਤਵਾਰ ਨੂੰ ਸ਼ਾਮ 6:30 ਵਜੇ "ਮਹਿਕਦੀ ਸ਼ਾਮ" ਲਾਈਵ ਪ੍ਰੋਗਰਾਮ ਕਰਵਾਇਆ ਗਿਆ। ਇਸ ਪ੍ਰੋਗਰਾਮ ਦੀ ਮੇਜ਼ਬਾਨੀ ਕਰਦੇ ਹੋਏ ਮਹਿੰਦਰ ਸੂਦ ਵਿਰਕ ਜੀ ਨੇ ਪ੍ਰੋ. ਭੋਲਾ ਯਮਲਾ ਜੀ (ਚੇਅਰਮੈਨ ਇੰਡਿਕ ਆਰਟਸ ਵੈਲਫ਼ੇਅਰ ਕੌਂਸਲ) ਨੂੰ ਸਰੋਤਿਆਂ ਦੇ ਰੂ-ਬ-ਰੂ ਕਰਵਾਇਆ। "ਮਹਿਕਦੀ ਸ਼ਾਮ" ਪ੍ਰੋਗਰਾਮ ਨੂੰ ਸੂਦ ਵਿਰਕ ਜੀ ਨੇ ਸ਼ਾਨਦਾਰ ਅੰਦਾਜ਼ ਵਿੱਚ ਪੇਸ਼ ਕੀਤਾ ਅਤੇ ਪ੍ਰੋ. ਭੋਲਾ ਯਮਲਾ ਜੀ ਨੇ ਆਪਣੀ ਮਿੱਠੀ ਆਵਾਜ਼ ਅਤੇ ਸਕੂਨ ਭਰਪੂਰ ਗੀਤਾਂ ਦੇ ਨਾਲ ਸਰੋਤਿਆਂ ਦੇ ਮਨਾਂ ਅੰਦਰ ਸਕੂਨ ਭਰ ਦਿੱਤਾ। ਮਾਨਸਰੋਵਰ ਸਾਹਿਤ ਅਕਾਦਮੀ ਰਾਜਸਥਾਨ ਦੇ ਸੰਸਥਾਪਕ ਮਾਨ ਸਿੰਘ ਸੁਥਾਰ ਜੀ ਅਤੇ ਚੇਅਰਮੈਨ ਮੈਡਮ ਸੀਯਾ ਭਾਰਤੀ ਜੀ ਅਤੇ ਇਸ ਪ੍ਰੋਗਰਾਮ ਦੇ ਪ੍ਰਬੰਧਕ ਇਕਬਾਲ ਸਿੰਘ ਸਹੋਤਾ ਨੇ ਪ੍ਰੋ.ਭੋਲਾ ਯਮਲਾ ਜੀ ਦਾ ਵਿਸੇਸ਼ ਤੌਰ ਤੇ ਧੰਨਵਾਦ ਕਰਦਿਆਂ ਕਿਹਾ ਮਾਨਸਰੋਵਰ ਸਾਹਿਤ ਅਕਾਦਮੀ ਰਾਜਸਥਾਨ ਪੰਜਾਬੀ ਮਾਂ ਬੋਲੀ ਲਈ ਵਚਨਬੱਧ ਹੈ ਅਤੇ ਇਸ ਤਰ੍ਹਾਂ ਦੇ ਉਪਰਾਲੇ ਸੰਸਥਾ ਵੱਲੋਂ ਲਗਾਤਾਰ ਕੀਤੇ ਜਾ ਰਹੇ ਹਨ।

# ਕਾਂਗਰਸ ਨੇ ਆਪਣੇ ਆਗੂਆਂ ਨੂੰ ਦਿੱਤੀ ਨਸੀਹਤ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 94636 01616
hardipchumber57@gmail.com

ਕਾਂਗਰਸ ਦੇ ਜਨਰਲ ਸਕੱਤਰ (ਸੰਚਾਰ) ਜੈਰਾਮ ਰਮੇਸ਼ ਨੇ ਸੋਮਵਾਰ ਨੂੰ ਕਿਹਾ ਕਿ ਪਹਿਲਗਾਮ ਅੱਤਵਾਦੀ ਹਮਲੇ 'ਤੇ ਕਈ ਕਾਂਗਰਸੀ ਨੇਤਾਵਾਂ ਦੁਆਰਾ ਦਿੱਤੇ ਗਏ ਬਿਆਨ ਪਾਰਟੀ ਦੀ ਅਧਿਕਾਰਤ ਰਾਏ ਨਹੀਂ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਮੁੱਦੇ 'ਤੇ ਕਾਂਗਰਸ ਵਰਕਿੰਗ ਕਮੇਟੀ (ਸੀਡਬਲਯੂਸੀ) ਦਾ ਮਤਾ ਅਤੇ ਕਾਂਗਰਸ ਪ੍ਰਧਾਨ ਮੱਲਿਕਾਰਜੁਨ ਖੜਗੇ ਅਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੇ ਬਿਆਨ ਪਾਰਟੀ ਦੀ ਅਸਲ ਰਾਏ ਨੂੰ ਦਰਸਾਉਂਦੇ ਹਨ।

# ਪੰਜਾਬ ਸਰਕਾਰ ਦਾ ਕਮਾਲ, 899 ਅੰਗਰੇਜ਼ੀ ਵਿਸ਼ੇ ਦੇ ਅਧਿਆਪਕਾਂ ਦੀ ਭਰਤੀ ਵਿੱਚੋਂ 100 ਤੋਂ ਵਧੇਰੇ ਅਧਿਆਪਕ ਸੋਧੀਆਂ ਸੂਚੀਆਂ 'ਚੋਂ ਕੀਤੇ ਬਾਹਰ

## ਚੋਣ ਸੂਚੀਆਂ 'ਚੋਂ ਬਾਹਰ ਹੋਏ ਅਧਿਆਪਕਾਂ ਦੇ ਹੱਕ ਵਿੱਚ ਪਹਿਰਾ ਦਿੱਤਾ ਜਾਵੇਗਾ : ਡੀਟੀਐੱਫ ,, ਕਿਸੇ ਵੀ ਅਧਿਆਪਕ ਦੀ ਨੌਕਰੀ ਖੁੱਸਣ ਨਹੀਂ ਦਿੱਤੀ ਜਾਵੇਗੀ: ਡੀਟੀਐੱਫ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 9463601616
hardipchumber57@gmail.com

ਦਲਜੀਤ ਕੌਰ

ਚੰਡੀਗੜ੍ਹ, 28 ਅਪ੍ਰੈਲ, 2025: ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ, ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ, ਵਿੱਤ ਸਕੱਤਰ ਅਸ਼ਵਨੀ ਅਵਸਥੀ ਅਤੇ ਮੀਤ ਪ੍ਰਧਾਨ ਰਘਵੀਰ ਸਿੰਘ ਭਵਾਨੀਗੜ੍ਹ ਨੇ ਦੱਸਿਆ ਕਿ ਚਾਰ ਸਾਲ ਪਹਿਲਾਂ ਪੂਰੀ ਹੋ ਚੁੱਕੀ ਭਰਤੀ ਦੇ 899 ਅੰਗਰੇਜ਼ੀ ਵਿਸ਼ੇ ਦੇ ਅਧਿਆਪਕਾਂ ਦੀਆਂ ਚੋਣ ਸੂਚੀਆਂ ਮੁੜ ਸੋਧੀਆਂ ਗਈਆਂ ਜਿਸ ਨਾਲ 100 ਤੋਂ ਵਧੇਰੇ ਅਧਿਆਪਕਾਂ ਨੂੰ ਸੋਧੀਆਂ ਸੂਚੀਆਂ ਵਿੱਚ ਚੋਣ ਤੋਂ ਬਾਹਰ ਕਰ ਦਿੱਤਾ ਗਿਆ ਹੈ ਜਿਸ ਨਾਲ ਇੰਨ੍ਹਾਂ ਅਧਿਆਪਕਾਂ ਅਤੇ ਇੰਨ੍ਹਾਂ ਨਾਲ ਸਬੰਧਤ ਪਰਿਵਾਰਾਂ ਨੂੰ ਮਾਨਸਿਕ ਤਣਾਅ ਵਿੱਚੋਂ ਗੁਜ਼ਰਨਾ ਪੈ ਰਿਹਾ ਹੈ। ਆਗੂਆਂ ਨੇ ਦੱਸਿਆ ਕਿ 4 ਮਈ ਨੂੰ ਅਧਿਆਪਕ ਮੰਗਾਂ ਨੂੰ ਲੈ ਕੇ ਡੀ ਟੀ ਐੱਫ ਵੱਲੋਂ ਸਿੱਖਿਆ ਮੰਤਰੀ ਦੇ ਪਿੰਡ ਗੰਭੀਰਪੁਰ ਵਿਖੇ ਚਿਤਾਵਨੀ ਮਾਰਚ ਕੀਤਾ ਜਾ ਰਿਹਾ ਹੈ ਅਤੇ ਇਸ ਮੌਕੇ ਬਾਕੀ ਅਧਿਆਪਕ ਮੰਗਾਂ ਦੇ ਨਾਲ ਨਾਲ ਸੋਧੀਆਂ ਸੂਚੀਆਂ ਵਿੱਚੋਂ ਮੈਰਿਟ ਤੋਂ ਬਾਹਰ ਹੋਏ ਅਧਿਆਪਕਾਂ ਦਾ ਮਸਲਾ ਵੀ ਜ਼ੋਰਦਾਰ ਢੰਗ ਨਾਲ ਉਠਾਇਆ ਜਾਵੇਗਾ।

ਆਗੂਆਂ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ 899 ਅੰਗਰੇਜ਼ੀ ਵਿਸ਼ੇ ਦੀ ਭਰਤੀ ਅਧੀਨ ਆਪਣਾ ਪਰਖ ਕਾਲ ਸਮਾਂ ਪੂਰਾ ਕਰ ਚੁੱਕੇ ਅਧਿਆਪਕਾਂ ਦੀਆਂ ਚੋਣ ਸੂਚੀਆਂ ਮੁੜ ਸੋਧੀਆਂ ਗਈਆਂ ਹਨ। ਇੰਨ੍ਹਾਂ ਸੋਧੀਆਂ ਸੂਚੀਆਂ ਵਿੱਚ 100 ਤੋਂ ਵਧੇਰੇ ਅਧਿਆਪਕਾਂ ਨੂੰ ਚੋਣ ਤੋਂ ਬਾਹਰ ਕਰ ਦਿੱਤਾ ਗਿਆ ਹੈ, ਜਿਸ ਨਾਲ ਇੰਨ੍ਹਾਂ ਅਧਿਆਪਕਾਂ ਦੀ ਨੌਕਰੀ ਨੂੰ ਖਤਰੇ ਵਿੱਚ ਪਾਇਆ ਗਿਆ ਹੈ। ਪਹਿਲਾਂ ਵੀ 3704 ਭਰਤੀ ਨਾਲ ਸਬੰਧਤ ਵੱਖ ਵੱਖ ਵਿਸ਼ਿਆਂ ਦੇ ਅਧਿਆਪਕਾਂ ਨੂੰ ਸੋਧੀਆਂ ਚੋਣ ਸੂਚੀਆਂ ਵਿੱਚ ਚੋਣ ਤੋਂ ਬਾਹਰ ਕੀਤਾ ਗਿਆ ਸੀ ਅਤੇ ਅਧਿਆਪਕਾਂ ਨੂੰ ਸੇਵਾਵਾਂ ਖਤਮ ਕਰਨ ਦੇ ਨੋਟਿਸ ਜਾਰੀ ਕੀਤੇ ਗਏ ਸਨ, ਪਰ ਬਾਅਦ ਵਿੱਚ ਉਹ ਨੋਟਿਸ ਵਾਪਸ ਲੈ ਲਏ ਗਏ ਸਨ।

ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਸ ਭਰਤੀ ਨੂੰ ਬੰਦ ਕੀਤੇ ਜਾਣ ਦਾ ਨੋਟਿਸ ਵੀ ਜਾਰੀ ਕੀਤਾ ਜਾ ਚੁੱਕਾ ਹੈ ਅਤੇ ਇਸ ਤੋਂ ਬਾਅਦ ਅਧਿਆਪਕਾਂ ਦੀ ਨੌਕਰੀ 'ਤੇ ਤਲਵਾਰ ਲਟਕਾਉਣਾ ਪੰਜਾਬ ਸਰਕਾਰ ਦਾ ਬੇਇਨਸਾਫ਼ੀ ਵਾਲਾ ਫੈਸਲਾ ਹੈ ਅਤੇ ਹੁਣ ਇੰਨ੍ਹਾਂ ਅਧਿਆਪਕਾਂ ਨੂੰ ਵਿਭਾਗ ਵੱਲੋਂ ਅਡਜਸਟ ਕੀਤਾ ਜਾਣਾ ਚਾਹੀਦਾ ਹੈ। ਡੀਟੀਐੱਫ ਦੇ ਆਗੂਆਂ ਨੇ ਪੰਜਾਬ ਸਰਕਾਰ ਵੱਲੋਂ ਵੱਖ ਵੱਖ ਭਰਤੀਆਂ ਨਾਲ ਸਬੰਧਤ ਸੋਧੀਆਂ ਸੂਚੀਆਂ ਰਾਹੀਂ ਅਧਿਆਪਕਾਂ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਲਈ ਕੋਈ ਸੁਹਿਰਦ ਕਦਮ ਨਾ ਚੁੱਕੇ ਜਾਣ 'ਤੇ ਪ੍ਰਸ਼ਨ ਉਠਾਇਆ।

ਡੈਮੋਕਰੇਟਿਕ ਟੀਚਰਜ਼ ਫਰੰਟ ਦੇ ਸੂਬਾਈ ਮੀਤ ਪ੍ਰਧਾਨਾਂ ਗੁਰਪਿਆਰ ਕੋਟਲੀ, ਰਾਜੀਵ ਬਰਨਾਲਾ, ਜਗਪਾਲ ਬੰਗੀ, ਬੇਅੰਤ ਫੂਲੇਵਾਲਾ, ਹਰਜਿੰਦਰ ਵਡਾਲਾ ਬਾਂਗਰ, ਰਘਵੀਰ ਭਵਾਨੀਗੜ੍ਹ, ਸੰਯੁਕਤ ਸਕੱਤਰਾਂ ਮੁਕੇਸ਼ ਕੁਮਾਰ, ਜਸਵਿੰਦਰ ਔਜਲਾ ਤੇ ਕੁਲਵਿੰਦਰ ਜੋਸ਼ਨ, ਪ੍ਰੈੱਸ ਸਕੱਤਰ ਪਵਨ ਕੁਮਾਰ ਮੁਕਤਸਰ, ਸੂਬਾਈ ਆਗੂਆਂ ਸੁਖਦੇਵ ਡਾਨਸੀਵਾਲ ਅਤੇ ਤਜਿੰਦਰ ਕਪੂਰਥਲਾ ਨੇ ਐਲਾਨ ਕੀਤਾ ਕਿ ਡੀ ਟੀ ਐੱਫ ਵੱਲੋਂ ਪੰਜਾਬ ਸਰਕਾਰ ਦੁਆਰਾ ਚਾਰ ਸਾਲ ਬਾਅਦ ਸੋਧ ਕੇ ਜਾਰੀ ਕੀਤੀਆਂ ਗਈਆਂ ਚੋਣ ਸੂਚੀਆਂ 'ਚੋਂ ਬਾਹਰ ਹੋਏ ਅਧਿਆਪਕਾਂ ਦੇ ਹੱਕ ਵਿੱਚ ਪਹਿਰਾ ਦਿੱਤਾ ਜਾਵੇਗਾ ਅਤੇ ਕਿਸੇ ਵੀ ਅਧਿਆਪਕ ਦੀ ਨੌਕਰੀ ਖੁੱਸਣ ਨਹੀਂ ਦਿੱਤੀ ਜਾਵੇਗੀ।

# 1984 ਸਿੱਖ ਕਤਲੇਆਮ ਕੇਸ: ਸੁਪਰੀਮ ਕੋਰਟ ਨੇ ਕਾਨਪੁਰ 'ਚ 11 ਮਾਮਲਿਆਂ ਦੀ ਤੇਜ਼ੀ ਨਾਲ ਸੁਣਵਾਈ ਦੇ ਹੁਕਮ ਦਿਤੇ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 9463601616
hardipchumber57@gmail.com

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਉੱਤਰ ਪ੍ਰਦੇਸ਼ ਦੇ ਕਾਨਪੁਰ 'ਚ 1984 ਦੇ ਸਿੱਖ ਕਤਲੇਆਮ ਨਾਲ ਜੁੜੇ 11 ਮਾਮਲਿਆਂ ਦੀ ਸੁਣਵਾਈ ਤੇਜ਼ੀ ਨਾਲ ਕਰਨ ਦੇ ਹੁਕਮ ਦਿਤੇ ਹਨ।

ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਐਨ. ਕੋਟੀਸ਼ਵਰ ਸਿੰਘ ਦੀ ਬੈਂਚ ਨੇ ਇਸ ਮਾਮਲੇ 'ਚ ਨਿਯੁਕਤ ਵਿਸ਼ੇਸ਼ ਸਰਕਾਰੀ ਵਕੀਲਾਂ ਨੂੰ ਕੇਸਾਂ ਦੇ ਜਲਦੀ ਨਿਪਟਾਰੇ ਦੇ ਉਪਾਅ ਕਰਨ ਤੋਂ ਇਲਾਵਾ ਅਦਾਲਤਾਂ 'ਚ ਪੇਸ਼ ਹੋਣ ਲਈ ਕਿਹਾ। ਬੈਂਚ ਨੇ ਇਸ ਮਾਮਲੇ 'ਚ 'ਬੇਲੋੜੀ ਦੇਰੀ' ਨੂੰ ਰੇਖਾਂਕਿਤ ਕੀਤਾ ਅਤੇ ਕੇਸਾਂ ਦੀ ਤੇਜ਼ੀ ਨਾਲ ਸੁਣਵਾਈ ਦੇ ਹੁਕਮ ਦਿਤੇ।

ਉੱਤਰ ਪ੍ਰਦੇਸ਼ ਸਰਕਾਰ ਵਲੋਂ ਪੇਸ਼ ਹੋਈ ਵਕੀਲ ਰੁਚਿਰਾ ਗੋਇਲ ਨੇ ਕਿਹਾ ਕਿ ਕਾਨਪੁਰ ਸਿੱਖ ਕਤਲੇਆਮ ਦੇ ਮਾਮਲੇ 'ਚ 40 ਸਾਲ ਪੁਰਾਣੀ ਐਫ.ਆਈ. ਆਰ. ਕੇਂਦਰੀ ਫੋਰੈਂਸਿਕ ਸਾਇੰਸ ਲੈਬਾਰਟਰੀ (ਸੀ.ਐਫ.ਐਸ. ਐੱਲ.) ਨੂੰ ਭੇਜੀ ਗਈ ਸੀ ਤਾਂ ਜੋ ਇਸ ਦੀ ਸਮੱਗਰੀ ਦਾ ਮੁੜ ਪਤਾ ਲਗਾਇਆ ਜਾ ਸਕੇ ਪਰ ਪ੍ਰਯੋਗਸ਼ਾਲਾ ਨੇ ਅਜੇ ਤਕ ਰੀਪੋਰਟ ਨਹੀਂ ਦਿਤੀ ਹੈ।

ਬੈਂਚ ਨੇ ਸੀ.ਐਫ. ਐਸ.ਐਲ. ਨੂੰ ਪ੍ਰਕਿਰਿਆ 'ਚ ਤੇਜ਼ੀ ਲਿਆਉਣ ਅਤੇ ਜਲਦੀ ਤੋਂ ਜਲਦੀ ਅਪਣੀ ਰੀਪੋਰਟ ਪੇਸ਼ ਕਰਨ ਦੇ ਹੁਕਮ ਦਿਤੇ। ਗੋਇਲ ਨੇ ਸਬੰਧਤ ਕੇਸ 'ਚ ਗਵਾਹਾਂ ਦੀ ਜਾਂਚ ਨਾਲ ਚੱਲ ਰਹੇ ਮੁਕੱਦਮੇ ਦਾ ਹਵਾਲਾ ਦਿਤਾ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਪੇਸ਼ ਹੋਏ ਵਕੀਲ ਨੇ ਕਿਹਾ ਕਿ ਕੁੱਝ ਮੁਲਜ਼ਮਾਂ ਨੇ ਹਾਈ ਕੋਰਟ ਦਾ ਦਰਵਾਜ਼ਾ ਖੜਕਾਇਆ ਅਤੇ ਕਾਰਵਾਈ 'ਤੇ ਰੋਕ ਲਗਾ ਦਿਤੀ।

ਸੁਪਰੀਮ ਕੋਰਟ 1984 ਦੇ ਸਿੱਖ ਕਤਲੇਆਮ ਦੌਰਾਨ ਕਾਨਪੁਰ 'ਚ ਕਰੀਬ 130 ਸਿੱਖਾਂ ਦੇ ਕਤਲੇਆਮ ਨੂੰ ਮੁੜ ਖੋਲ੍ਹਣ ਦੀ ਮੰਗ ਵਾਲੀ ਪਟੀਸ਼ਨ 'ਤੇ ਸੁਣਵਾਈ ਕਰ ਰਹੀ ਸੀ। ਬੈਂਚ ਨੇ 3 ਮਾਰਚ ਨੂੰ ਉੱਤਰ ਪ੍ਰਦੇਸ਼ ਸਰਕਾਰ ਨੂੰ ਇਸ ਮਾਮਲੇ 'ਚ ਚਾਰ ਦਹਾਕੇ ਪੁਰਾਣੀ ਗੈਰ-ਕਾਨੂੰਨੀ ਐਫ.ਆਈ. ਆਰ. ਨੂੰ ਦੁਬਾਰਾ ਬਣਾਉਣ ਲਈ ਫੋਰੈਂਸਿਕ ਮਾਹਰਾਂ ਦੀ ਨਿਯੁਕਤੀ ਕਰਨ ਦੀ ਇਜਾਜ਼ਤ ਦਿਤੀ ਸੀ ਅਤੇ ਪ੍ਰਯੋਗਸ਼ਾਲਾ ਦੇ ਨਿਰਦੇਸ਼ਕ ਨੂੰ ਬੇਨਤੀ ਕੀਤੀ ਸੀ ਕਿ ਉਹ ਅਸਲ ਐਫ.ਆਈ. ਆਰ. 'ਤੇ ਜ਼ੋਰ ਨਾ ਦੇਣ, ਜੋ ਕਾਨਪੁਰ ਦੇ ਚੀਫ ਜੁਡੀਸ਼ੀਅਲ ਮੈਜਿਸਟਰੇਟ ਦੇ ਰੀਕਾਰਡ 'ਚ ਆਸਾਨੀ ਨਾਲ ਉਪਲਬਧ ਨਹੀਂ ਹੈ।

ਸੁਪਰੀਮ ਕੋਰਟ ਨੇ 2 ਜਨਵਰੀ ਨੂੰ ਸ਼ਿਕਾਇਤਕਰਤਾਵਾਂ ਅਤੇ ਉਨ੍ਹਾਂ ਦੇ ਪਰਵਾਰਾਂ ਨੂੰ ਦੋਸ਼ੀ ਵਿਅਕਤੀਆਂ ਨੂੰ ਬਰੀ ਕੀਤੇ ਜਾਣ ਵਿਰੁਧ ਅਪੀਲਾਂ 'ਚ ਹਾਈ ਕੋਰਟ ਦੀ ਸਹਾਇਤਾ ਲਈ ਇਕ ਨਿੱਜੀ ਵਕੀਲ ਦੀ ਨਿਯੁਕਤੀ ਕਰਨ ਦੀ ਇਜਾਜ਼ਤ ਦਿਤੀ ਸੀ।ਸੁਪਰੀਮ ਕੋਰਟ ਨੇ ਕਿਹਾ ਕਿ ਜੇਕਰ ਵਿੱਤੀ ਤੰਗੀ ਕਾਰਨ ਸ਼ਿਕਾਇਤਕਰਤਾ ਅਤੇ ਉਨ੍ਹਾਂ ਦੇ ਪਰਵਾਰ ਵਕੀਲ ਦੀ ਨਿਯੁਕਤੀ ਕਰਨ 'ਚ ਅਸਮਰੱਥ ਹਨ ਤਾਂ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵਿਸ਼ੇਸ਼ ਫੀਸ ਦੇ ਭੁਗਤਾਨ 'ਤੇ ਮੁਕੱਦਮੇ 'ਚ ਪੀੜਤਾਂ ਦੀ ਨੁਮਾਇੰਦਗੀ ਕਰਨ ਲਈ ਸੈਸ਼ਨ ਡਿਵੀਜ਼ਨ ਦਾ ਬਿਹਤਰੀਨ ਮਾਹਰ ਪ੍ਰਮੁੱਖ ਵਕੀਲ ਮੁਹੱਈਆ ਕਰਵਾਏਗੀ। ਇਹ ਫੀਸ ਯੂ.ਪੀ. ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਕਾਰਜਕਾਰੀ ਚੇਅਰਪਰਸਨ ਵਲੋਂ ਇਕ ਵਿਸ਼ੇਸ਼ ਕੇਸ ਵਜੋਂ ਮਨਜ਼ੂਰ ਕੀਤੀ ਜਾਵੇਗੀ।

# ਯੂਰਪ 'ਚ ਛਾਇਆ ਹਨ੍ਹੇਰਾ, ਫਰਾਂਸ ਸਮੇਤ 4 ਦੇਸ਼ਾਂ ਦੀ ਬੱਤੀ ਗੁੱਲ, ਮੈਟਰੋ ਤੇ ਹਵਾਈ ਸੇਵਾਵਾਂ ਠੱਪ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 9463601616
hardipchumber57@gmail.com




ਕਈ ਦੇਸ਼ਾਂ ਵਿੱਚ ਬਿਜਲੀ ਗੁੱਲ ਹੋਣ ਕਾਰਨ ਬਲੈਕਆਊਟ ਹੋ ਗਿਆ ਹੈ। 4 ਦੇਸ਼ਾਂ ਵਿੱਚ ਬਿਜਲੀ ਦੀ ਸਪਲਾਈ ਠੱਪ ਹੋ ਗਈ। ਬਿਜਲੀ ਨਾ ਹੋਣ ਕਾਰਨ ਹਵਾਈ ਅਤੇ ਮੈਟਰੋ ਸੇਵਾਵਾਂ ਉਤੇ ਵੱਡਾ ਅਸਰ ਪਿਆ ਹੈ। ਯੂਰਪ ਦੇ ਕਈ ਦੇਸ਼ਾਂ ਵਿੱਚ ਬਲੈਕਆਊਟ ਹੋਇਆ ਹੈ। ਫਰਾਂਸ, ਸਪੇਨ, ਪੁਰਤਗਲ ਅਤੇ ਬੈਲਜ਼ੀਅਮ ਵਿੱਚ ਬਿਜਲੀ ਠੱਪ ਹੋ ਗਈ। ਬਿਜਲੀ ਕਿਉਂ ਕਟੀ ਗਈ ਹੈ ਇਸਦੀ ਫਿਲਹਾਲ ਜਾਂਚ ਕੀਤੀ ਜਾ ਰਹੀ ਹੈ। ਇਹ ਵੀ ਮੰਨਿਆ ਜਾ ਰਿਹਾ ਹੈ ਕਿ ਇਹ ਇਕ ਸਾਈਬਰ ਹਮਲਾ ਵੀ ਹੋ ਸਕਦਾ ਹੈ।

ਸਪੇਨ ਦੇ ਨੈਸ਼ਨਲ ਗ੍ਰਿਡ ਆਪਰੇਟਰ 'ਰੇਡ ਇਲੈਕਿਟ੍ਰਕਾ' ਨੇ ਬਿਆਨ ਜਾਰੀ ਕਰਦੇ ਹੋਏ ਦੱਸਿਆ ਕਿ ਪੂਰੇ ਦੇਸ਼ ਵਿੱਚ ਬਿਜਲੀ ਸਪਲਾਈ ਬਹਾਲ ਕਰਨ ਲਈ ਸੈਕਟਰ ਕੰਪਨੀਆਂ ਨਾਲ ਮਿਲਕੇ ਕਈ ਠੋਸ ਕਦਮ ਚੁੱਕੇ ਜਾ ਰਹੇ ਹਨ। ਇਸ ਤੋਂ ਇਲਾਵਾ ਪੁਰਤਗਾਲ ਦੇ ਗ੍ਰਿਡ ਆਪਰੇਟਰ 'ਈ ਰੇਡੇਸ' ਨੇ ਵੀ ਦੱਸਿਆ ਕਿ ਸੰਕਟ ਯੂਰਪੀਅਂ ਪਾਵਰ ਗ੍ਰਿਡ ਵਿੱਚ ਆਈ ਸਮੱਸਿਆ ਕਾਰਨ ਪੈਦਾ ਹੋਇਆ ਹੈ।

# ਪੰਜਾਬ ਦੇ ਸਕੂਲਾਂ 'ਚ ਜਲਦੀ ਹੋ ਸਕਦੀਆਂ ਗਰਮੀ ਦੀਆਂ ਛੁੱਟੀਆਂ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 9463601616
hardipchumber57@gmail.com



ਮਈ ਮਹੀਨਾ ਸ਼ੁਰੂ ਹੋਣ 'ਚ ਅਜੇ ਦੋ ਦਿਨ ਬਾਕੀ ਹਨ ਪਰ ਗਰਮੀ ਸਿਖ਼ਰਾਂ 'ਤੇ ਪਹੁੰਚ ਚੁੱਕੀ ਹੈ। ਤਾਪਮਾਨ 43 ਡਿਗਰੀ ਸੈਲਸੀਅਸ ਦੇ ਨੇੜੇ ਪਹੁੰਚ ਗਿਆ ਹੈ ਅਤੇ ਗਰਮੀ ਨੇ ਆਮ ਜਨਜੀਵਨ ਪ੍ਰਭਾਵਿਤ ਕੀਤਾ ਹੈ। ਇਸ ਸਮੇਂ ਸਭ ਤੋਂ ਵੱਡੀ ਸਮੱਸਿਆ ਸਕੂਲ ਜਾਣ ਵਾਲੇ ਛੋਟੇ ਬੱਚਿਆਂ ਨੂੰ ਆ ਰਹੀ ਹੈ।ਬੱਚੇ ਕੜਾਕੇ ਦੀ ਗਰਮੀ ਕਾਰਨ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਹਨ। 43 ਡਿਗਰੀ ਦੇ ਨੇੜੇ ਪਹੁੰਚੇ ਤਾਪਮਾਨ 'ਚ ਲੂ ਝੱਲਦੇ ਹੋਏ ਬੱਚੇ ਬੇਹਾਲ ਘਰ ਪਹੁੰਚਦੇ ਹਨ।ਅਜਿਹੇ ਹਾਲਾਤ 'ਚ ਉਮੀਦ ਕੀਤੀ ਜਾ ਰਹੀ ਹੈ ਕਿ ਪੰਜਾਬ ਸਰਕਾਰ ਸਕੂਲਾਂ 'ਚ ਗਰਮੀ ਦੀਆਂ ਛੁੱਟੀਆਂ ਜਲਦੀ ਕਰ ਦੇਵੇਗੀ।ਬੱਚਿਆਂ ਦੇ ਮਾਪਿਆਂ ਨੇ ਵੀ ਸਰਕਾਰ ਅਤੇ ਸਿੱਖਿਆ ਵਿਭਾਗ ਤੋਂ ਮੰਗ ਕੀਤੀ ਹੈ ਕਿ ਬੱਚਿਆਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦਿਆਂ ਸਕੂਲਾਂ ਵਿੱਚ ਗਰਮੀਆਂ ਦੀਆਂ ਛੁੱਟੀਆਂ ਤੁਰੰਤ ਐਲਾਨੀਆਂ ਜਾਣ। ਮਾਪਿਆਂ ਨੇ ਸੁਝਾਅ ਦਿੱਤਾ ਹੈ ਕਿ ਜੇਕਰ ਤੁਰੰਤ ਛੁੱਟੀਆਂ ਨਹੀਂ ਕੀਤੀਆਂ ਜਾ ਸਕਦੀਆਂ ਤਾਂ ਸਕੂਲਾਂ ਦਾ ਸਮਾਂ ਬਦਲਿਆ ਜਾਵੇ ਅਤੇ ਸਕੂਲ ਸਵੇਰੇ ਜਲਦੀ ਖੋਲ੍ਹੇ ਜਾਣ ਅਤੇ ਜਲਦੀ ਬੰਦ ਕੀਤੇ ਜਾਣ ਤਾਂ ਜੋ ਬੱਚੇ ਕੜਕਦੀ ਧੁੱਪ ਅਤੇ ਗਰਮੀ ਤੋਂ ਬਚ ਸਕਣ।

# ਛੱਤੀਸਗੜ੍ਹ 'ਚ ਸੁਰੱਖਿਆ ਬਲਾਂ ਨੂੰ ਮਿਲੀ ਵੱਡੀ ਸਫ਼ਲਤਾ, 24 ਨਕਸਲੀਆਂ ਨੇ ਕੀਤਾ ਆਤਮ ਸਮਰਪਣ

## ਬੀਜਾਪੁਰ 'ਚ 24 ਨਕਸਲੀਆਂ ਨੇ ਕੀਤਾ ਆਤਮ ਸਮਰਪਣ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 9463601616
hardipchumber57@gmail.com



ਬੀਜਾਪੁਰ: ਛੱਤੀਸਗੜ੍ਹ ਦੇ ਬੀਜਾਪੁਰ ਜ਼ਿਲ੍ਹੇ ਵਿੱਚ ਕੁੱਲ 24 ਨਕਸਲੀਆਂ ਨੇ ਆਤਮ ਸਮਰਪਣ ਕਰ ਦਿੱਤਾ ਹੈ, ਜਿਨ੍ਹਾਂ ਵਿੱਚ 28.50 ਲੱਖ ਰੁਪਏ ਦਾ ਇਨਾਮੀ 14 ਨਕਸਲੀਆਂ ਵੀ ਸ਼ਾਮਲ ਹਨ। ਆਤਮ ਸਮਰਪਣ ਕਰਨ ਵਾਲੇ ਨਕਸਲੀਆਂ ਵਿੱਚ 11 ਮਹਿਲਾ ਨਕਸਲੀ ਹਨ। ਨਕਸਲੀਆਂ ਦਾ ਆਤਮ ਸਮਰਪਣ ਉਸ ਸਮੇਂ ਹੋਇਆ ਜਦੋਂ 21 ਅਪ੍ਰੈਲ ਤੋਂ ਤੇਲੰਗਾਨਾ ਦੀ ਸਰਹੱਦ ਨਾਲ ਲੱਗਦੇ ਬੀਜਾਪੁਰ ਪਹਾੜੀਆਂ ਵਿੱਚ ਲਗਭਗ 24,000 ਸੁਰੱਖਿਆ ਕਰਮਚਾਰੀਆਂ ਦੀ ਸ਼ਮੂਲੀਅਤ ਵਾਲਾ ਇੱਕ ਵੱਡਾ ਨਕਸਲ ਵਿਰੋਧੀ ਅਭਿਆਨ ਚੱਲ ਰਿਹਾ ਸੀ।

ਅਧਿਕਾਰੀਆਂ ਨੇ ਦੱਸਿਆ ਕਿ ਆਤਮ ਸਮਰਪਣ ਕਰਨ ਵਾਲੇ ਨਕਸਲੀਆਂ ਵਿੱਚੋਂ, ਭੈਰਮਗੜ੍ਹ ਏਰੀਆ ਕਮੇਟੀ ਮੈਂਬਰ ਸੁਦਰੂ ਹੇਮਲਾ ਉਰਫ਼ ਰਾਜੇਸ਼ ਅਤੇ ਪਰਤਾਪੁਰ ਏਰੀਆ ਕਮੇਟੀ ਮੈਂਬਰ ਕਮਾਲੀ ਮੋਡੀਅਮ 'ਤੇ 5-5 ਲੱਖ ਰੁਪਏ ਦਾ ਇਨਾਮ ਸੀ, ਜਦੋਂ ਕਿ ਜਯਮੋਤੀ ਪੁਨੇਮ (24) 'ਤੇ 3 ਲੱਖ ਰੁਪਏ ਦਾ ਇਨਾਮ ਸੀ।

# ਸਲਮਾਨ ਖਾਨ ਨੇ ਪਹਿਲਗਾਮ ਅੱਤਿਵਾਦੀ ਹਮਲੇ ਦੇ ਮੱਦੇਨਜ਼ਰ ਬਰਤਾਨੀਆਂ ਦੌਰਾ ਕੀਤਾ ਮੁਲਤਵੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਅਪਰੈਲ
INTERNATIONAL PAPER, 9463601616
hardipchumber57@gmail.com

ਬਾਲੀਵੁੱਡ ਸੁਪਰਸਟਾਰ ਸਲਮਾਨ ਖਾਨ ਨੇ ਸੋਮਵਾਰ ਨੂੰ ਕਿਹਾ ਕਿ ਜੰਮੂ-ਕਸ਼ਮੀਰ ਦੇ ਪਹਿਲਗਾਮ 'ਚ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਉਨ੍ਹਾਂ ਦਾ ਬਰਤਾਨੀਆਂ ਦੌਰਾ ਮੁਲਤਵੀ ਕਰ ਦਿਤਾ ਗਿਆ ਹੈ।

ਸਲਮਾਨ 4 ਅਤੇ 5 ਮਈ ਨੂੰ ਮੈਨਚੈਸਟਰ ਅਤੇ ਲੰਡਨ 'ਚ ਬਾਲੀਵੁੱਡ ਬਿੱਗ ਵਨ ਸ਼ੋਅ ਦੇ ਹਿੱਸੇ ਵਜੋਂ ਪ੍ਰਦਰਸ਼ਨ ਕਰਨ ਵਾਲੇ ਸਨ, ਜਿਸ 'ਚ ਮਾਧੁਰੀ ਦੀਕਸ਼ਿਤ ਨੇਨੇ, ਟਾਈਗਰ ਸ਼ਰਾਫ, ਵਰੁਣ ਧਵਨ, ਕ੍ਰਿਤੀ ਸੈਨਨ, ਸਾਰਾ ਅਲੀ ਖਾਨ, ਦਿਸ਼ਾ ਪਟਾਨੀ, ਸੁਨੀਲ ਗਰੋਵਰ ਅਤੇ ਮਨੀਸ਼ ਪਾਲ ਸ਼ਾਮਲ ਸਨ। ਇੰਸਟਾਗ੍ਰਾਮ 'ਤੇ ਇਕ ਬਿਆਨ ਵਿਚ ਸਲਮਾਨ ਨੇ ਕਿਹਾ ਕਿ ਉਨ੍ਹਾਂ ਅਤੇ ਉਨ੍ਹਾਂ ਦੀ ਟੀਮ ਨੇ ਇਹ ਫੈਸਲਾ ਇਸ ਲਈ ਲਿਆ ਕਿ ਦੁੱਖ ਦੇ ਇਸ ਸਮੇਂ ਦੌਰਾਨ ਅਜਿਹੇ ਪ੍ਰੋਗਰਾਮਾਂ 'ਚ ਨਾ ਜਾਣਾ ਹੀ ਸਹੀ ਹੈ।

# ਲਾਂਦੜਾ ਵਿਖੇ ਐੱਨ. ਆਰ. ਆਈ ਪਰਿਵਾਰ ਨੇ ਪਾਠੀ ਸਿੰਘਾਂ ਨੂੰ ਇੱਕ ਲੱਖ ਰੁਪਏ ਦੀ ਭੇਟਾ ਦੇ ਕੇ ਕੀਤੀ ਮਿਸਾਲ ਕਾਇਮ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਅਪਰੈਲ INTERNATIONAL PAPER, 94636 01616 hardipchumber57@gmail.com



ਫਿਲੌਰ/ਔਪਰਾ (ਦੀਪਾ)-ਕਰੀਬੀ ਪਿੰਡ ਲਾਂਦੜਾ ਵਿਖੇ ਇੱਕ ਐੱਨ. ਆਰ. ਆਈ ਪਰਿਵਾਰ ਨੇ ਪਾਠੀ ਸਿੰਘਾਂ ਨੂੰ ਇੱਕ ਲੱਖ ਰੁਪਏ ਦੀ ਭੇਟਾ ਦੇ ਕੇ ਇੱਕ ਵੱਡੀ ਮਿਸਾਲ ਕਾਇਮ ਕੀਤੀ ਹੈ | ਇਸ ਸੰਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸ੍ਰੀ ਅਕਾਲਸਰ ਸਾਹਿਬ ਪਾਤਸ਼ਾਹੀ 6ਵੀਂ ਪਿੰਡ ਲਾਂਦੜਾ ਦੇ ਹੈੱਡ ਗ੍ਰੰਥੀ ਭਾਈ ਚਮਨ ਲਾਲ ਨੇ ਦੱਸਿਆ ਕਿ ਐੱਨ. ਆਰ. ਆਈ ਪਰਿਵਾਰ ਬਲਵਿੰਦਰ ਸਿੰਘ ਤੇ ਸੁਖਵਿੰਦਰ ਕੌਰ ਵਲੋਂ ਆਪਣੇ ਪੁੱਤਰ ਅਮਨਦੀਪ ਸਿੰਘ ਤੇ ਨੂੰਹ ਜਸਕਰਨਪ੍ਰੀਤ ਕੌਰ ਦੇ ਪੁੱਤਰ ਤੇ ਆਪਣੇ ਪੋਤਰੇ ਹਰਤੇਗ ਸਿੰਘ ਦੇ ਜਨਮ ਦਿਨ ਦੇ ਸੰਬੰਧ ‘ਚ ਕਰਵਾਏ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ‘ਤੇ ਪਾਠੀ ਸਿੰਘਾਂ ਨੂੰ ਇੱਕ ਲੱਖ ਰੁਪਏ ਦੀ ਭੇਟਾ ਦਿੱਤੀ ਗਈ | ਭਾਈ ਚਮਨ ਸਿੰਘ ਨੇ ਅੱਗੇ ਦੱਸਿਆ ਕਿ ਬਲਵਿੰਦਰ ਸਿੰਘ (ਯੂ. ਐੱਸ. ਏ) ਹਰ ਸਮੇਂ ਇਲਾਕੇ ਦੇ ਕਿਸੇ ਵੀ ਲੋੜਵੰਦ ਪਾਠੀ ਸਿੰਘ ਦੀ ਮੱਦਦ ਲਈ ਹਰ ਸਮੇਂ ਤਤਪਰ ਰਹਿੰਦੇ ਹਨ | ਇਸ ਮੌਕੇ ਗੁਰਵਿੰਦਰ ਸਿੰਘ ਪਾਲਨੌਂ, ਬਲਦੇਵ ਸਿੰਘ ਸਮਰਾੜੀ, ਅੰਮ੍ਰਿਤਪਾਲ ਸਿੰਘ ਲਾਂਦੜਾ ਤੇ ਮਲਕੀਤ ਸਿੰਘ ਜਿਨਾਂ ਨੇ ਪਾਠੀ ਸਿੰਘ ਦੀ ਸੇਵਾ ਨਿਭਾਈ ਨੇ, ਵੀ ਸਮੂਹ ਪਰਿਵਾਰ ਦੀ ਸ਼ਲਾਘਾ ਕਰਦਿਆਂ ਪਰਿਵਾਰ ਦਾ ਧੰਨਵਾਦ ਕੀਤਾ |

# ਮਲੇਰੀਆ ਤੋਂ ਬਚਾਅ ਲਈ ਸਕੂਲ ਗਰਦਲੇ ‘ਚ ਵਿਸ਼ੇਸ਼ ਸੈਮੀਨਾਰ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਅਪਰੈਲ INTERNATIONAL PAPER, 94636 01616 hardipchumber57@gmail.com



ਭਰਤਗੜ੍ਹ, 28 ਅਪ੍ਰੈਲ 2025: ਸੀਨੀਅਰ ਮੈਡੀਕਲ ਅਫਸਰ, ਡਾ. ਆਨੰਦ ਘਈ ਜ ਦੀ ਅਗਵਾਈ ਹੇਠ ਸੈਨੀਟਰੀ ਇੰਸਪੈਕਟਰ ਪਾਲ ਸਿੰਘ, ਹੈਲਥ ਵਰਕਰ ਨਵੀਨ ਕੁਮਾਰ ਅਤੇ ਹੈਲਥ ਵਰਕਰ ਮੰਜੇਤ ਸਿੰਘ ਵੱਲੋਂ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗਰਦਲੇ ਵਿਖੇ ਮਲੇਰੀਆ ਬਾਰੇ ਜਾਗਰੂਕਤਾ ਵਧਾਉਣ ਲਈ ਇੱਕ ਵਿਸ਼ੇਸ਼ ਸੈਮੀਨਾਰ ਆਯੋਜਿਤ ਕੀਤਾ ਗਿਆ। ਸੈਮੀਨਾਰ ਦੌਰਾਨ ਵਿਦਿਆਰਥੀਆਂ ਨੂੰ ਮਲੇਰੀਆ ਦੀ ਬਿਮਾਰੀ ਦੇ ਕਾਰਨ, ਲੱਛਣ, ਇਲਾਜ ਅਤੇ ਬਚਾਅ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੂੰ ਦੱਸਿਆ ਗਿਆ ਕਿ ਖੜ੍ਹੇ ਪਾਣੀ ਵਿੱਚ ਮੱਛਰ ਪੈਦਾ ਹੁੰਦੇ ਹਨ, ਇਸ ਲਈ ਪਾਣੀ ਦੀ ਖੜ੍ਹੋ ਰੋਕਣ, ਘਰ ਅਤੇ ਆਲੇ-ਦੁਆਲੇ ਸਫਾਈ ਰੱਖਣ ਅਤੇ ਮੱਛਰਦਾਨੀਆਂ ਦੀ ਵਰਤੋਂ ਕਰਨ ਦੀ ਲੋੜ ਹੈ। ਸਕੂਲ ਦੇ ਪ੍ਰਿੰਸੀਪਲ ਅਤੇ ਅਧਿਆਪਕ ਸਟਾਫ ਨੇ ਵੀ ਸੈਮੀਨਾਰ ਵਿੱਚ ਭਰਪੂਰ ਸਹਿਯੋਗ ਦਿੱਤਾ। ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਮਲੇਰੀਆ ਸੰਬੰਧੀ ਵੱਖ-ਵੱਖ ਸਵਾਲ ਪੁੱਛ ਕੇ ਆਪਣਾ ਗਿਆਨ ਵਧਾਇਆ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਆਨੰਦ ਘਈ ਨੇ ਕਿਹਾ ਕਿ ਮਲੇਰੀਆ ਵਰਗੀਆਂ ਸੰਕਰਮਕ ਬਿਮਾਰੀਆਂ ਬਾਰੇ ਜਾਗਰੂਕਤਾ ਪੈਦਾ ਕਰਨਾ ਅੱਜ ਦੀ ਲੋੜ ਹੈ। ਸਾਡਾ ਉਦੇਸ਼ ਲੋਕਾਂ ਨੂੰ ਰੋਕਥਾਮ ਦੇ ਉਪਾਅ ਬਾਰੇ ਸਮਝਾਉਣਾ ਅਤੇ ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਤ ਕਰਨਾ ਹੈ। ਅਜਿਹੀਆਂ ਗਤੀਵਿਧੀਆਂ ਦੁਆਰਾ ਅਸੀਂ ਸਮਾਜਕ ਪੱਧਰ ‘ਤੇ ਵੱਡਾ ਬਦਲਾਅ ਲਿਆ ਸਕਦੇ ਹਾਂ। ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗਰਦਲੇ ਦੇ ਪ੍ਰਿੰਸੀਪਲ ਇੰਦਰਜੀਤ ਸਿੰਘ ਨੇ ਵੀ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਸਿਹਤ ਸੰਬੰਧੀ ਜਾਗਰੂਕਤਾ ਵਿਦਿਆਰਥੀਆਂ ਲਈ ਬਹੁਤ ਜਰੂਰੀ ਹੈ। ਅਜਿਹੇ ਸੈਮੀਨਾਰ ਵਿਦਿਆਰਥੀਆਂ ਵਿੱਚ ਸਿਹਤ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਦੇ ਹਨ। ਅਸੀਂ ਭਵਿੱਖ ਵਿੱਚ ਵੀ ਅਜਿਹੀਆਂ ਗਤੀਵਿਧੀਆਂ ਲਈ ਪੂਰਾ ਸਹਿਯੋਗ ਦਿਵਾਂਗੇ। ਸੈਮੀਨਾਰ ਦੇ ਅੰਤ ਵਿੱਚ ਪਾਲ ਸਿੰਘ, ਨਵੀਨ ਕੁਮਾਰ ਅਤੇ ਮੰਜੇਤ ਸਿੰਘ ਨੇ ਕਿਹਾ ਕਿ ਭਵਿੱਖ ਵਿੱਚ ਵੀ ਐਸੀਆਂ ਜਾਗਰੂਕਤਾ ਮੁਹਿੰਮਾਂ ਜਾਰੀ ਰਹਿਣਗੀਆਂ ਤਾਂ ਜੋ ਸਮਾਜ ਨੂੰ ਰੋਗ ਮੁਕਤ ਬਣਾਇਆ ਜਾ ਸਕੇ।

# ਲਾਲੜੂ ਤੇ ਖਰੜ ਡਵੀਜਨਾਂ ਦੇ ਨਿੱਜੀਕਰਨ ਦੇ ਵਿਰੋਧ ਵਿੱਚ ਬਿਜਲੀ ਮੁਲਾਜਮਾਂ ਵੱਲੋਂ ਅਰਥੀ ਫੂਕ ਮੁਜਾਹਰਾ

## ਪੰਜਾਬ ਸਰਕਾਰ ਤੇ ਬਿਜਲੀ ਨਿਗਮ ਦੀ ਮਨੇਜਮੈਂਟ ਖਿਲਾਫ ਤਿੱਖੇ ਸੰਘਰਸ਼ ਲਈ 8 ਮਈ ਨੂੰ ਪਟਿਆਲਾ ਚ ਸੱਦੀ ਮੀਟਿੰਗ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਅਪਰੈਲ INTERNATIONAL PAPER, 94636 01616 hardipchumber57@gmail.com



ਲੁਧਿਆਣਾ 28 ਅਪ੍ਰੈਲ ( ) ਸੁੰਦਰ ਨਗਰ ਡਵੀਜ਼ਨ ਦੇ ਗੇਟ ਉੱਤੇ ਬਿਜਲੀ ਮੁਲਾਜਮਾਂ ਵੱਲੋਂ ਪੀ ਐਸ ਈ ਬੀ ਇੰਪਲਾਈਜ ਫੈਡਰੇਸ਼ਨ ਏਟਕ ਦੇ ਡਵੀਜ਼ਨ ਪ੍ਰਧਾਨ ਗੁਰਪ੍ਰੀਤ ਸਿੰਘ ਮਹਿਦੂਦਾਂ, ਟੀ ਐਸ ਯੂ ਦੇ ਡਵੀਜ਼ਨ ਪ੍ਰਧਾਨ ਗੌਰਵ ਕੁਮਾਰ ਅਤੇ ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰ ਦੇ ਸੂਬਾਈ ਆਗੂ ਇੰਜ ਜਗਤਾਰ ਸਿੰਘ ਦੀ ਸਾਂਝੀ ਅਗਵਾਈ ਹੇਠ ਗੇਟ ਰੈਲੀ ਕਰਨ ਉਪਰੰਤ ਲਾਲੜੂ ਤੇ ਖਰੜ ਡਵੀਜਨਾਂ ਨੂੰ ਨਿੱਜੀ ਹੱਥਾਂ ਵਿੱਚ ਦੇਣ ਦੇ ਵਿਰੋਧ ਵਿੱਚ ਪੰਜਾਬ ਸਰਕਾਰ ਅਤੇ ਬਿਜਲੀ ਨਿਗਮ ਦੀ ਮੈਨੇਜਮੈਂਟ ਦੀ ਅਰਥੀ ਫੂਕੀ ਗਈ। ਇਸ ਅਰਥੀ ਫੂਕ ਮੁਜ਼ਾਹਰੇ ਵਿੱਚ ਜੁਆਇੰਟ ਫੋਰਮ ਵੱਲੋਂ ਇੰਜ ਰਘੁਵੀਰ ਸਿੰਘ ਰਾਮਗੜ੍ਹ, ਬਿਜਲੀ ਏਕਤਾ ਮੰਚ ਵੱਲੋਂ ਸਤੀਸ਼ ਭਾਰਦਵਾਜ ਅਤੇ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਕੇਵਲ ਸਿੰਘ ਬਨਵੈਤ ਉਚੇਚੇ ਤੌਰ ‘ਤੇ ਪੁੱਜੇ। ਉਪ੍ਰੋਕਤ ਸਾਰੇ ਆਗੂਆਂ ਨੇ ਲਾਲੜੂ ਤੇ ਖਰੜ ਡਵੀਜਨਾਂ ਨੂੰ ਨਿੱਜੀ ਹੱਥਾਂ ਵਿੱਚ ਦੇਣ ਦੀ ਨਿਖੇਧੀ ਕਰਦਿਆਂ ਪੰਜਾਬ ਸਰਕਾਰ ਅਤੇ ਬਿਜਲੀ ਨਿਗਮ ਦੀ ਮੈਨੇਜਮੈਂਟ ਨੂੰ ਮੁਲਾਜ਼ਮ ਵਿਰੋਧੀ ਆਖਦਿਆਂ ਸਖ਼ਤ ਲਫਜ਼ਾਂ ਵਿੱਚ ਚੇਤਾਵਨੀ ਦਿੱਤੀ ਕਿ ਜੇਕਰ ਅਜਿਹਾ ਕਰਨ ਦੀ ਕੋਸ਼ਿਸ਼ ਵੀ ਕੀਤੀ ਤਾਂ ਅਸੀਂ ਜੇਲ੍ਹ ਭਰੋ ਅੰਦੋਲਨ ਸ਼ੁਰੂ ਕਰਨ ਤੋਂ ਵੀ ਗੁਰੇਜ ਨਹੀਂ ਕਰਾਂਗਾ। ਉਨ੍ਹਾਂ ਦੱਸਿਆ ਕਿ ਅੱਜ ਦਾ ਪ੍ਰੋਗਰਾਮ ਬਿਜਲੀ ਮੁਲਾਜ਼ਮ ਏਕਤਾ ਮੰਚ, ਪੀ ਐਸ ਈ ਬੀ ਇੰਪਲਾਈਜ ਜੁਆਇੰਟ ਫੋਰਮ, ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰ ਅਤੇ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਦਿੱਤਾ ਗਿਆ ਸੀ ਜਿਸ ਤਹਿਤ ਪੰਜਾਬ ਵਿੱਚ ਗੇਟ ਰੈਲੀਆਂ ਕਰਨ ਉਪਰੰਤ ਅਰਥੀ ਫੂਕ ਮੁਜ਼ਾਹਰੇ ਕੀਤੇ ਗਏ ਹਨ। ਸਰਕਾਰ ਅਤੇ ਮੈਨੇਜਮੈਂਟ ਨੇ ਜੇਕਰ ਮੁਲਾਜਮਾਂ ਦੇ ਰੋਸ ਨੂੰ ਨਾ ਸਮਝਿਆ ਤਾਂ ਚਾਰੇ ਵੱਡੇ ਮੰਚਾਂ ਦੀ 8 ਮਈ ਨੂੰ ਪਟਿਆਲਾ ਵਿਖੇ ਸਾਂਝੀ ਮੀਟਿੰਗ ਹੋਵੇਗੀ। ਉਨ੍ਹਾਂ ਕਿਹਾ ਕਿ ਇਸ ਮੀਟਿੰਗ ਵਿੱਚ ਜੋ ਵੀ ਸਖ਼ਤ ਪ੍ਰੋਗਰਾਮ ਦਿੱਤੇ ਜਾਣਗੇ ਉਨ੍ਹਾਂ ਨੂੰ ਲਾਗੂ ਕਰਨ ਲਈ ਮੁਲਾਜ਼ਮ ਕਿਸੇ ਵੀ ਹੱਦ ਤੱਕ ਜਾਣ ਲਈ ਸਰੀਰਕ ਤੇ ਮਾਨਸਿਕ ਤੌਰ ‘ਤੇ ਪੂਰੀ ਤਰ੍ਹਾਂ ਤਿਆਰ ਬਰ ਤਿਆਰ ਹਨ। ਇਸ ਮੌਕੇ ਐਡੀਸ਼ਨਲ ਐਸ ਡੀ ਓ ਗੁਰਪ੍ਰੀਤ ਸਿੰਘ, ਧਰਮਿੰਦਰ, ਮੇਵਾ ਸਿੰਘ, ਦੀਪਕ, ਧਰਮਪਾਲ, ਕਮਲਦੀਪ ਸਿੰਘ, ਕਮਲਜੀਤ ਸਿੰਘ, ਕਰਤਾਰ ਸਿੰਘ, ਹਿਰਦੇ ਰਾਮ, ਅਮਰਜੀਤ ਸਿੰਘ, ਮਨਪ੍ਰੀਤ ਕੌਰ, ਜਸਪ੍ਰੀਤ ਕੌਰ, ਰਾਜੀਵ ਸ਼ਰਮਾ, ਸਾਹਿਲ, ਨਿਰਭੈ ਸਿੰਘ, ਕੁਲਬੀਰ ਸਿੰਘ, ਰਾਮ ਦਾਸ, ਰਮੇਸ਼, ਪ੍ਰਕਾਸ਼, ਬਲਬੀਰ ਚੰਦ, ਸਰਤਾਜ ਸਿੰਘ, ਜਗਦੀਸ਼ ਚੰਦ, ਸਰਬਜੀਤ ਸਿੰਘ, ਬਿੰਦਰ, ਨਰਿੰਦਰ ਸਿੰਘ ਅਤੇ ਹੋਰ ਹਾਜ਼ਰ ਸਨ।

# ਫੂਲੇ ਫਿਲਮ ਹਰ ਇਕ ਇਨਸਾਨ ਦੇ ਲਈ ਦੇਖਣੀ ਬਹੁਤ ਜ਼ਰੂਰੀ --ਡਾ ਨਛੱਤਰ ਪਾਲ ਐਮ ਐਲ ਏ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਅਪਰੈਲ INTERNATIONAL PAPER, 94636 01616 hardipchumber57@gmail.com



ਨਵਾਂਸ਼ਹਿਰ (ਚਰਨਜੀਤ ਸੱਲ੍ਹਾ )ਬਹੁਜਨ ਸਮਾਜ ਪਾਰਟੀ ਵਿਧਾਨ ਸਭਾ ਨਵਾਂ ਸ਼ਹਿਰ ਵਲੋਂ ਰਾਸ਼ਟਰਪਿਤਾ ਜੋਤੀਬਾ ਰਾਓ ਫੂਲੇ ਮਾਤਾ ਸਵਿਤਰੀ ਬਾਈ ਫੂਲੇ ਜੀ ਦੇ ਸੰਘਰਸ਼ ਮਈ ਜੀਵਨ ਤੇ ਅਧਾਰਤ ਫਿਲਮ “PHULE” ਸਤਲੁਜ ਸਿਨੇਮਾ ਨਵਾਂ ਸ਼ਹਿਰ ਵਿਖੇ ਦਿਖਾਈ ਗਈ। ਇਸ ਮੌਕੇ ਗੁਰਮੁਖ ਸਿੰਘ ਨੌਰਥ ਜੀ ਨੂੰ ਨਵਾਂ ਸ਼ਹਿਰ ਨਗਰ ਪਾਲਿਕਾ ਦਾ ਵਾਈਸ ਪ੍ਰਧਾਨ ਬਣਨ ਤੇ ਅਤੇ ਪਿੰਕੀ ਜੱਸਲ ਸਰਪੰਚ ਪਿੰਡ ਕਰੀਹਾ ਜੀ ਨੂੰ ਪਿੰਡ ਵਿੱਚ ਮਾਤਾ ਸਾਵਿਤਰੀ ਬਾਈ ਫੂਲੇ ਜੀ ਦੀ ਪ੍ਰਤਿਮਾ ਲਗਾਉਣ ਕਰਕੇ ਸਨਮਾਨਿਤ ਕੀਤਾ ਗਿਆ। ਇਹ ਫਿਲਮ 28 29 30 ਅਪ੍ਰੈਲ ਤੱਕ ਦਿਖਾਈ ਜਾਵੇਗੀ ਮੇਰੀ ਸਾਰਿਆਂ ਨੂੰ ਅਪੀਲ ਹੈ ਕਿ ਇਸ ਇਤਿਹਾਸਕ ਫਿਲਮ ਨੂੰ ਜਰੂਰ ਦੇਖਣ ਜੀ। ਇਹ ਸ਼ਬਦ ਡਾ ਨਛੱਤਰ ਪਾਲ ਐਮ ਐਲ ਏ ਹਲਕਾ ਨਵਾਂਸ਼ਹਿਰ ਜੀ ਨੇ ਕੱਲ੍ਹ ਰਾਤ ਫੂਲੇ ਫਿਲਮ ਦੇਖਣ ਤੋਂ ਬਾਅਦ ਕਹੇ ਇਹਨਾਂ ਦੇ ਨਾਲ ਸਰਬਜੀਤ ਸਿੰਘ ਜਾਫਰਪੁਰੀ ਜ਼ਿਲ੍ਹਾ ਪ੍ਰਧਾਨ, ਗੁਰਮੁਖ ਸਿੰਘ ਨੌਰਥ ਐਮ ਸੀ, ਐਡਵੋਕੇਟ ਮੁਕੇਸ਼ ਕੁਮਾਰ ਬਾਲੀ, ਐਡਵੋਕੇਟ ਰਾਜ ਕੁਮਾਰ, ਵਿਜੇ ਕੁਮਾਰ ਮੁਸਾਪੁਰ, ਵਿਜੇ ਕੁਮਾਰ ਕਰੀਹਾ, ਸੁਰਜੀਤ ਸਿੰਘ ਕਰੀਹਾ ਬਹੁਤ ਵੱਡੀ ਗਿਣਤੀ ਵਿੱਚ ਸੰਗਤਾਂ ਵੀ ਹਾਜ਼ਰ ਸਨ।

# ਸਫਾਈ ਰੱਖੋ, ਪੇੜ ਲਗਾਓ, ਸਭ ਦਾ ਜੀਵਨ ਖੁਸ਼ਹਾਲ ਬਣਾਓ- ਕੌਂਸਲਰ ਗੌਰਵਜੀਤ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਅਪਰੈਲ INTERNATIONAL PAPER, 94636 01616 hardipchumber57@gmail.com



ਲੁਧਿਆਣਾ (ਗੁਰਦੀਪ ਸਿੰਘ) ਅੱਜ ਸ਼ਹੀਦੀ ਪਾਰਕ ਵਿਖੇ ਇਲਾਕਾ ਨਿਵਾਸੀਆਂ ਦੀ ਮੀਟਿੰਗ ਹੋਈ। ਇਸ ਵਿੱਚ ਸਭ ਤੋਂ ਪਹਿਲਾਂ ਜੰਮੂ ਕਸ਼ਮੀਰ ਦੇ ਅਨੰਤਨਾਗ ਜ਼ਿਲੇ ਦੇ ਪਹਿਲਗਾਮ ਵਿੱਚ ਵਾਪਰੇ ਘਨੌਣੀ ਖੂਨੀ ਕਾਂਡ ਵਿੱਚ ਮਾਰੇ ਗਏ ਬੇਕਸੂਰ ਲੋਕਾਂ ਦੀ ਆਤਮਕ ਸ਼ਾਂਤੀ ਲਈ ਸ਼ਰਧਾਂਜਲੀ ਭੇਟ ਕੀਤੀ ਗਈ।ਕੌਂਸਲਰ ਗੌਰਵਜੀਤ ਸਿੰਘ ਗੋਰਾ ਨੇ ਕਿਹਾ ਸਾਨੂੰ ਸਭ ਨੂੰ ਪਾਰਕ ਵਿੱਚ ਅਤੇ ਆਪਣੇ ਘਰ ਦੇ ਆਲੇ ਦੁਆਲੇ ਸਫਾਈ ਰੱਖਣੀ ਚਾਹੀਦੀ ਹੈ।ਇਸ ਨਾਲ ਬਿਮਾਰੀਆਂ ਤੋਂ ਬਚਾ ਹੋ ਸਕਦਾ ਹੈ । ਪਰਦੂਸ਼ਣ ਤੋਂ ਬਚਾਅ ਲਈ ਵੱਧ ਤੋਂ ਵੱਧ ਬੂਟੇ ਲਗਾਣੇ ਚਾਹੀਦੇ ਹਨ।ਕੌਂਸਲਰ ਗੋਰਾ ਨੇ ਕਿਹਾ ਪਾਰਕ ਦੇ ਵਿੱਚ ਜੋ ਲਾਈਟ ਖਰਾਬ ਹੈ ਜਾਂ ਹੋਰ ਆਸ- ਪਾਸ ਜਰੂਰਤ ਹੈ ਉਥੇ ਲਾਈਟ ਲਗਵਾ ਦਿੱਤੀ ਜਾਏਗੀ। ਇਸ ਮੌਕੇ ਪ੍ਰਕਾਸ਼ ਗੋਸਵਾਮੀ , ਧੀਰਜ ਨਿਰਵਾਣ , ਮਨੋਜ ਕੁਮਾਰ , ਨਰੇਸ਼ ਕੁਮਾਰ , ਜਤਿੰਦਰ ਕੁਮਾਰ ,ਚਿਰਾਗ , ਅਸ਼ੋਕ , ਵਿਨੋਦ ਜੈਨ ,ਦੀਪਕ ਸਹਿਗਲ , ਵਿਜੇ ਕਪੂਰ, ਮਾਈਕਲ ਜੀ , ਨਰੇਸ਼ ਖੁਲਰ , ਜਤਿੰਦਰ ਕਲਿਆਣ , ਦਵਿੰਦਰ ਖੰਨਾ ,ਕਮਲ ਨੰਦਾ , ਉਮੇਸ਼ ਜੀ ਮਹਾਂਵੀਰ , ਪ੍ਰੇਮ ਜੀ , ਸਾਹਿਲ ਵਿਜ , ਰਜੇਸ਼ ਮਲਹੋਤਰਾ ਅਤੇ ਹੋਰ ਕਈ

# ਕੱਲ੍ਹ ਰਾਤ ਫੂਲੇ ਫਿਲਮ ਦੇਖਣ ਲਈ ਅਪੀਲ ਕੀਤੀ --ਮਿਸਨਰੀ ਗਾਇਕ ਗੋਲਡੀ ਮਲਿਕ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਅਪਰੈਲ INTERNATIONAL PAPER, 94636 01616 hardipchumber57@gmail.com



ਬੰਗਾ (ਚਰਨਜੀਤ ਸੱਲ੍ਹਾ ) ਕੱਲ੍ਹ ਰਾਤ ਫੂਲੇ ਫਿਲਮ ਦੇਖਣ ਲਈ ਅਪੀਲ ਮਿਸ਼ਨਰੀ ਗਾਇਕ ਗੋਲਡੀ ਮਲਿਕ ਨੇ ਕੀਤੀ ਉਨ੍ਹਾਂ ਵੱਖ ਵੱਖ ਥਾਵਾਂ ਤੇ ਫਿਲਮ ਦਿਖਾਉਣ ਲਈ ਮਿਸ਼ਨਰੀ ਵਰਕਰਾਂ ਦਾ ਧੰਨਵਾਦ ਕੀਤਾ। ਉਹ ਕੱਲ੍ਹ ਰਾਤ ਬਾਬਾ ਸਾਹਿਬ ਡਾ ਅੰਬੇਡਕਰ ਜੀ ਦੇ ਜਨਮ ਦਿਨ ਤੇ ਬੰਗਾ ਮੁਕਤ ਪੁਰਾ ਵਿਖੇ ਆਪਣੇ ਗੀਤਾਂ ਰਾਹੀਂ ਮਿਸ਼ਨ ਦੇ ਰੰਗ ਵਿੱਚ ਰੰਗਣ ਆਏ ਸਨ ਲੋਕਾ ਦਾ ਇੱਕਠ ਬਾਬਾ ਸਾਹਿਬ ਡਾ ਅੰਬੇਡਕਰ ਜੀ ਦੇ ਜਨਮ ਦਿਨ ਮੌਕੇ ਇਸ ਗੱਲ ਦੀ ਗਵਾਹੀ ਭਰਦਾ ਹੈ ਕਿ ਗੋਲਡੀ ਮਲਿਕ ਨੂੰ ਲੋਕ ਕਿੰਨਾ ਪਿਆਰ ਕਰਦੇ ਹਨ ਉਸ ਨੇ ਲੋਕਾਂ ਸਾਹਮਣੇ ਹਕੀਕਤ ਪੇਸ਼ ਕਰਕੇ ਬਾਹ ਬਾਂਹ ਖੱਟੀ ।

# ਵਿਧਾਇਕ ਜਿੰਪਾ ਨੇ ਸਿਵਲ ਹਸਪਤਾਲ ਹੁਸ਼ਿਆਰਪੁਰ ਦਾ ਦੌਰਾ ਕਰਕੇ ਡਾਕਟਰਾਂ ਨਾਲ ਕੀਤੀ ਮੀਟਿੰਗ

## ਮਰੀਜ਼ਾਂ ਨੂੰ ਬਿਹਤਰ ਸਹੂਲਤਾਂ ਦੇਣ ਦੇ ਨਿਰਦੇਸ਼

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਅਪਰੈਲ
INTERNATIONAL PAPER, 9463601616
hardipchumber57@gmail.com



ਹੁ ਸ਼ਿ ਆ ਰ ਪੁ ਰ (ਸਤਨਾਮ ਸਿੰਘ ਸਹੂੰਗੜਾ) ਸਥਾਨਕ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਸਿਵਲ ਹਸਪਤਾਲ ਹੁਸ਼ਿਆਰਪੁਰ ਦਾ ਦੌਰਾ ਕੀਤਾ ਅਤੇ ਹਸਪਤਾਲ ਦੇ ਡਾਕਟਰਾਂ ਨਾਲ ਇੱਕ ਮਹੱਤਵਪੂਰਨ ਮੀਟਿੰਗ ਕੀਤੀ। ਇਸ ਮੀਟਿੰਗ ਦਾ ਉਦੇਸ਼ ਹਸਪਤਾਲ ਵਿੱਚ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਦੀ ਸਥਿਤੀ ਦਾ ਜਾਇਜ਼ਾ ਲੈਣਾ ਅਤੇ ਉਨ੍ਹਾਂ ਨੂੰ ਹੋਰ ਬਿਹਤਰ ਬਣਾਉਣ ਲਈ ਜ਼ਰੂਰੀ ਕਦਮ ਚੁੱਕਣਾ ਸੀ। ਇਸ ਦੌਰਾਨ ਸਿਵਲ ਸਰਜਨ ਡਾ. ਪਵਨ ਕੁਮਾਰ ਵੀ ਮੌਜੂਦ ਸਨ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਡਾਕਟਰਾਂ ਨੇ ਮਰੀਜ਼ਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਲਈ ਜ਼ਰੂਰੀ ਸਰੋਤਾਂ ਦੀ ਮੰਗ ਵਿਧਾਇਕ ਅੱਗੇ ਰੱਖੀ। ਇਨ੍ਹਾਂ ਮੰਗਾਂ ਵਿੱਚ ਆਧੁਨਿਕ ਮੈਡੀਕਲ ਉਪਕਰਣ, ਵਾਧੂ ਸਟਾਫ ਅਤੇ ਬੁਨਿਆਦੀ ਢਾਂਚੇ ਦੇ ਅਪਗ੍ਰੇਡੇਸ਼ਨ ਵਰਗੇ ਨੁਕਤੇ ਸ਼ਾਮਲ ਸਨ। ਵਿਧਾਇਕ ਜਿੰਪਾ ਨੇ ਸਾਰੇ ਵਿਭਾਗਾਂ ਨੂੰ ਆਪਣੀਆਂ ਮੰਗਾਂ ਦੀ ਇੱਕ ਵਿਸਤ੍ਰਿਤ ਸੂਚੀ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੋ ਇਨ੍ਹਾਂ ਜ਼ਰੂਰਤਾਂ ਨੂੰ ਜਲਦੀ ਪੂਰਾ ਕਰਨ ਲਈ ਢੁਕਵੇਂ ਪ੍ਰਬੰਧ ਕੀਤੇ ਜਾ ਸਕਣ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮਰੀਜ਼ਾਂ ਨੂੰ ਉੱਚ ਗੁਣਵੱਤਾ ਵਾਲੀਆਂ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨਾ ਉਨ੍ਹਾਂ ਦੀ ਤਰਜੀਹ ਹੈ। ਵਿਧਾਇਕ ਨੇ ਭਰੋਸਾ ਦਿੱਤਾ ਕਿ ਹਸਪਤਾਲ ਵਿੱਚ ਸਰੋਤਾਂ ਦੀ ਘਾਟ ਨੂੰ ਦੂਰ ਕਰਨ ਅਤੇ ਮਰੀਜ਼ਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਲਈ ਹਰ ਸੰਭਵ ਯਤਨ ਕੀਤੇ ਜਾਣਗੇ।ਉਨ੍ਹਾਂ ਇਹ ਵੀ ਕਿਹਾ ਕਿ ਮੰਗਾਂ ਨੂੰ ਪਹਿਲ ਦੇ ਆਧਾਰ ’ਤੇ ਪੂਰਾ ਕਰਨ ਲਈ ਸੂਬਾ ਸਰਕਾਰ ਅਤੇ ਸਬੰਧਤ ਵਿਭਾਗਾਂ ਨਾਲ ਤਾਲਮੇਲ ਸਥਾਪਤ ਕੀਤਾ ਜਾਵੇਗਾ। ਇਸ ਦੌਰੇ ਦੌਰਾਨ ਵਿਧਾਇਕ ਨੇ ਹਸਪਤਾਲ ਦੇ ਵੱਖ-ਵੱਖ ਵਾਰਡਾਂ ਦਾ ਨਿਰੀਖਣ ਵੀ ਕੀਤਾ ਅਤੇ ਮਰੀਜ਼ਾਂ ਨਾਲ ਉਨ੍ਹਾਂ ਦੀਆਂ ਸਮੱਸਿਆਵਾਂ ਬਾਰੇ ਗੱਲਬਾਤ ਕੀਤੀ। ਉਨ੍ਹਾਂ ਹਸਪਤਾਲ ਪ੍ਰਸ਼ਾਸਨ ਨੂੰ ਸਾਫ਼-ਸਫ਼ਾਈ, ਦਵਾਈਆਂ ਦੀ ਸਮੇਂ ਸਿਰ ਉਪਲਬਧਤਾ ਅਤੇ ਮਰੀਜ਼ਾਂ ਲਈ ਲੋੜੀਂਦੀਆਂ ਸਹੂਲਤਾਂ ਹੋਰ ਵੀ ਵਧੀਆ ਢੰਗ ਨਾਲ ਮੁਹੱਈਆ ਕਰਵਾਈਆਂ ਜਾਣ। ਵਿਧਾਇਕ ਜਿੰਪਾ ਨੇ ਕਿਹਾ ਕਿ ਹੁਸ਼ਿਆਰਪੁਰ ਦੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨਾ ਸਾਡੀ ਜ਼ਿੰਮੇਵਾਰੀ ਹੈ। ਇਸ ਮੌਕੇ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਸੀਮਾ ਗਰਗ, ਡੀਡੀਐਚਓ ਡਾ. ਮਨਿੰਦਰ ਕੌਰ, ਡੀਐਫਪੀਓ ਡਾ. ਰਣਜੀਤ ਸਿੰਘ, ਡੀਐਮਸੀ ਡਾ. ਸਵਿਤਾ, ਸੀਨੀਅਰ ਮੈਡੀਕਲ ਅਫ਼ਸਰ ਡਾ. ਸਵਾਤੀ ਸ਼ਿਮਾਰ ਅਤੇ ਡਾ. ਕੁਲਦੀਪ ਸਿੰਘ ਆਦਿ ਵੀ ਮੌਜੂਦ ਸਨ।

# ਸੁਖਰਾਮ ਸਿੰਘ ਬਣੇ ਪੰਜਾਬ ਸਾਫਟਬਾਲ ਐਸੋਸੀਏਸ਼ਨ ਦੇ ਸਕੱਤਰ

## ਪੰਜਾਬ ਦੇ ਸਮੂਹ ਪ੍ਰਧਾਨ /ਸਕੱਤਰਾਂ ਨੇ ਕੀਤੀ ਵੋਟਿੰਗ - ਪੀ.ਐਨ.ਪਾਸੀ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਅਪਰੈਲ
INTERNATIONAL PAPER, 9463601616
hardipchumber57@gmail.com





ਅੱਜ ਸ਼ਾਹੀ ਸ਼ਹਿਰ ਪਟਿਆਲਾ ਦੇ ਸ਼੍ਰੇਯਾ ਹੋਟਲ ਵਿਖੇ ਸਾਫ਼ਟਬਾਲ ਐਸੋਸੀਏਸ਼ਨ ਆਫ ਇੰਡੀਆ ਦੇ ਸੈਕਟਰੀ ਡਾ. ਪ੍ਰਵੀਨ ਅਨੌਕਰ ਜੀ, ਜੁਆਇੰਟ ਸੈਕਟਰੀ - ਸ੍ਰੀ ਵਸੀਮ ਰਾਜਾ ਖਾਨ, ਪੰਜਾਬ ਸੈਕਟਰੀ ਸ੍ਰੀ ਪੀ.ਐਨ.ਪਾਸੀ ਦੀ ਅਗਵਾਈ ਵਿਚ ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਤੋਂ ਪ੍ਰਧਾਨ - ਸਕੱਤਰ -ਸਾਫ਼ਟਬਾਲ ਐਸੋਸੀਏਸ਼ਨ ਦੇ ਅਹੁੱਦੇਦਾਰ ਪਹੁੰਚੇ। ਜਿਨ੍ਹਾਂ ਨੇ ਪਹੁੰਚ ਕੇ ਵੋਟਿੰਗ ਪ੍ਰਕਿਰਿਆ ਰਾਹੀਂ ਚੋਣ ਕੀਤੀ। ਜਿਸ ਵਿਚ ਸ. ਸੁਖਰਾਮ ਸਿੰਘ ਜੀ ਨੂੰ ਸਾਫ਼ਟਬਾਲ ਐਸੋਸੀਏਸ਼ਨ ਪੰਜਾਬ ਦੇ ਸਕੱਤਰ ਜਨਰਲ, ਡਾ.ਸੁਖਦੀਪ ਸਿੰਘ ਜੀ ਨੂੰ ਪ੍ਰਧਾਨ ਅਤੇ ਸ੍ਰੀ ਦਵਿੰਦਰ ਸ਼ਰਮਾ ਨੂੰ ਕੈਸ਼ੀਅਰ ਦੇ ਅਹੁੱਦੇ ਤੇ ਨਿਵਾਜਿਆ ਗਿਆ। ਸਾਰੀ ਚੋਣ ਪ੍ਰਕਿਰਿਆ ਰਿਟਰਨਿੰਗ ਅਫ਼ਸਰ ਸ੍ਰੀ ਲਲਿਤ ਕੁਮਾਰ ਸਿੰਗਲਾ ਜੀ - ਰਿਟਾਇਰਡ ਸੈਸ਼ਨ ਜੱਜ ਸਾਬ ਨੇ ਕਾਨੂੰਨੀ ਤਰੀਕੇ ਨਾਲ ਕੀਤੀ। ਇਸ ਮੌਕੇ ਆਲ ਇੰਡੀਆ ਸਾਫਟਬਾਲ ਐਸੋਸੀਏਸ਼ਨ ਦੇ ਅਹੁੱਦੇਦਾਰ ਅਤੇ ਪੰਜਾਬ ਦੇ ਨਵੇ ਬਣੇ ਅਹੁੱਦੇਦਾਰਾਂ ਨੇ ਪੰਜਾਬ ਸਾਫ਼ਟਬਾਲ ਐਸੋਸੀਏਸ਼ਨ ਦੇ ਅਧਿਕਾਰੀਆਂ - ਮੈਂਬਰਾਂ ਦੀ ਚੋਣ ਕੀਤੀ ਜਿਸ ਵਿਚ ਮੀਤ ਪ੍ਰਧਾਨ -ਸ੍ਰੀ ਭਰਤ ਦੁਆ ਲੁਧਿਆਣਾ, ਸ. ਨਿਰਮਲ ਸਿੰਘ ਮੋਹਾਲੀ, ਸ.ਰਵਿੰਦਰ ਸਿੰਘ ਮਲੇਰਕੋਟਲਾ, ਸ. ਅਮਰਜੀਤ ਸਿੰਘ ਜਲੰਧਰ, ਜੁਆਇੰਟ ਸੈਕਟਰੀ - ਸ. ਰਣਜੀਤ ਸਿੰਘ ਫਤਹਿਗੜ੍ਹ ਸਾਹਿਬ, ਸ. ਚਮਕੌਰ ਸਿੰਘ ਸੰਗਰੂਰ, ਸ੍ਰੀ ਪਵਨ ਕੁਮਾਰ ਮਲੇਰਕੋਟਲਾ, ਮੈਡਮ ਰੁਪਿੰਦਰ ਕੌਰ ਗੁਰਦਾਸਪੁਰ, ਸ੍ਰੀ ਗੌਰਵ ਮਾਨਸਾ, ਮੈਂਬਰ - ਸ੍ਰੀ ਰਮੇਸ਼ ਲਾਲ ਫਾਜਿਲਕਾ, ਸ. ਮਨਦੀਪ ਸਿੰਘ ਗੁਰਦਾਸਪੁਰ, ਮੈਡਮ ਨਵਕਿਰਨ ਕੌਰ ਬਠਿੰਡਾ, ਸ. ਗੁਰਿੰਦਰ ਸਿੰਘ ਫਿਰੋਜ਼ਪੁਰ, ਸ੍ਰੀ ਸੰਜੀਵ ਕੁਮਾਰ ਮੋਗਾ ਨੂੰ ਥਾਪਿਆ ਗਿਆ। ਇਸ ਸਮੇਂ ਪੰਜਾਬ ਤੋਂ ਸਾਫ਼ਟਬਾਲ ਦੇ ਕੋਚ - ਅਧਿਆਪਕ ਸਾਹਿਬਾਨ ਹਾਜ਼ਰ ਰਹੇ।

# 59 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਈ ਮੋਹਟਿਆਣਾ-ਫੁਗਲਾਣਾ ਲਿੰਕ ਸੜਕ ਦਾ ਉਦਘਾਟਨ

## ਸੰਸਦ ਮੈਂਬਰ ਅਤੇ ਵਿਧਾਇਕ ਨੇ ਮਿਲ ਕੇ ਵਿਕਾਸ ਨੂੰ ਦਿੱਤੀ ਰਫਤਾਰ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਅਪਰੈਲ
INTERNATIONAL PAPER, 9463601616
hardipchumber57@gmail.com

